
Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to $90,000 in government bonds & grants.
Contact :
647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 65 | Monday, April 04, 2022 | Tel: 905-793-2202 | Fax: 905-793-2282 | news@punjabipost.ca *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਫੋਰਡ ਸਰਕਾਰ 6 ਸੈਂਟ ਤੱਕ ਘਟਾਵੇਗੀ ਗੈਸ ਟੈਕਸ!




ਟੋਰਾਂਟੋ, 3 ਅਪਰੈਲ (ਪੋਸਟ ਬਿਊਰੋ) : ਗੈਸ ਟੈਕਸ ਵਿੱਚ ਪ੍ਰਤੀ ਲੀਟਰ 5.7 ਸੈਂਟ ਦੀ ਕਟੌਤੀ ਕਰਨ ਸਬੰਧੀ ਬਿੱਲ ਸੋਮਵਾਰ ਨੂੰ ਫੋਰਡ ਸਰਕਾਰ ਵੱਲੋਂ ਪੇਸ਼ ਕੀਤਾ ਜਾਵੇਗਾ। ਇਸ ਫੈਸਲੇ ਨੂੰ ਪਹਿਲੀ ਜੁਲਾਈ ਤੋਂ ਲਾਗੂ ਕੀਤਾ ਜਾਵੇਗਾ।

ਜੁਲਾਈ ਦੀ ਤਰੀਕ ਇਸ ਲਈ ਚੁਣੀ ਗਈ ਹੈ ਤਾਂ ਕਿ ਇੰਡਸਟਰੀ, ਜਿਸ ਵਿੱਚ ਗੈਸ ਤੇ ਫਿਊਲ ਟੈਕਸ ਕੁਲੈਕਟਰ, ਰਜਿਸਟਰਡ ਇੰਪੋਰਟਰਜ਼, ਹੋਲਸੇਲਰਜ਼ ਤੇ ਰੀਟੇਲਰਜ਼ ਸ਼ਾਮਲ ਹਨ, ਨੂੰ ਆਪਣੇ ਸਿਸਟਮ ਤੇ ਬਿਜ਼ਨਸ ਆਦਿ ਨੂੰ ਐਡਜਸਟ ਕਰਨ ਲਈ ਸਮਾਂ ਮਿਲ ਸਕੇ।

ਪਿਛਲੇ ਮਹੀਨੇ ਅਲਬਰਟਾ ਵੱਲੋਂ ਗੈਸ ਤੇ ਡੀਜ਼ਲ ਵਿੱਚ 13 ਸੈਂਟ ਦੀ ਟੈਕਸ ਕਟੌਤੀ ਉੱਤੇ ਥੋੜ੍ਹੀ ਦੇਰ ਲਈ ਰੋਕ ਲਾਏ ਜਾਣ ਦਾ ਐਲਾਨ ਕੀਤਾ ਗਿਆ ਸੀ। ਉਸ ਸਮੇਂ ਪੁੱਛੇ ਜਾਣ ਉੱਤੇ ਐਨਰਜੀ ਮੰਤਰੀ ਟੌਡ ਸਮਿੱਥ ਨੇ ਆਖਿਆ ਸੀ ਕਿ ਅਸੀਂ ਓਨਟਾਰੀਓ ਵਿੱਚ ਪਹਿਲਾਂ ਹੀ ਕੈਪ ਤੇ ਟਰੇਡ ਵਿੱਚ ਕਟੌਤੀ ਕਰ ਚੁੱਕੇ ਹਾਂ, ਲਾਇਸੰਸ ਪਲੇਟ ਸਟਿੱਕਰ ਫੀਸ ਵਿੱਚ ਕਟੌਤੀ ਕਰ ਚੁੱਕੇ ਹਾਂ ਤੇ ਟੋਰਾਂਟੋ ਏਰੀਆ ਦੇ ਦੋ ਹਾਈਵੇਜ਼ ਤੋਂ ਟੋਲ ਹਟਾ ਚੁੱਕੇ ਹਾਂ।

ਫੈਡਰਲ ਸਰਕਾਰ ਵੱਲੋਂ ਅਪਡੇਟ ਕੀਤੇ ਗਏ ਕਾਰਬਨ ਟੈਕਸ ਕਾਰਨ ਪਹਿਲੀ ਅਪਰੈਲ ਤੋਂ ਜੀਟੀਏ ਵਿੱਚ ਗੈਸ ਦੀਆਂ ਕੀਮਤਾਂ ਛੇ ਸੈਂਟ ਪ੍ਰਤੀ ਲੀਟਰ ਵੱਧ ਗਈਆਂ ਸਨ। ਐਤਵਾਰ ਰਾਤ ਨੂੰ ਗੈਸ ਦੀਆਂ ਕੀਮਤਾਂ ਪ੍ਰਤੀ ਲੀਟਰ 1.739 ਡਾਲਰ ਤੋਂ ਘੱਟ ਕੇ 1.659 ਡਾਲਰ ਤੱਕ ਆ ਗਈਆਂ ਹਨ।

## ਸੈਕਰਾਮੈਂਟੋ ਵਿੱਚ ਚੱਲੀ ਗੋਲੀ, 6 ਹਲਾਕ, 10 ਜ਼ਖ਼ਮੀ

ਕੈਲੇਫੋਰਨੀਆ, 3 ਅਪਰੈਲ (ਪੋਸਟ ਬਿਊਰੋ) : ਐਤਵਾਰ ਸਵੇਰੇ ਡਾਊਨਟਾਊਨ ਸੈਕਰਾਮੈਂਟੋ ਵਿੱਚ ਅੰਨ੍ਹੇਵਾਹ ਗੋਲੀਆਂ ਚਲਾ ਕੇ ਛੇ ਵਿਅਕਤੀਆਂ ਨੂੰ ਮਾਰ ਮੁਕਾਉਣ ਤੇ 10 ਹੋਰਨਾਂ ਨੂੰ ਜ਼ਖ਼ਮੀ ਕਰਨ ਵਾਲੇ ਮਸ਼ਕੂਕਾਂ ਦੀ ਕੈਲੇਫੋਰਨੀਆ ਪੁਲਿਸ ਭਾਲ ਕਰ ਰਹੀ ਹੈ। ਇਸ ਕਾਰੇ ਨੂੰ ਉਸ ਸਮੇਂ ਅੰਜਾਮ ਦਿੱਤਾ ਗਿਆ ਜਦੋਂ ਬਾਰ ਤੇ ਨਾਈਟ ਕਲੱਬ ਬੰਦ ਹੋਣ ਵਾਲੇ ਸਨ।



ਮਰਨ ਵਾਲਿਆਂ ਵਿੱਚ ਤਿੰਨ ਮਹਿਲਾਵਾਂ ਤੇ ਤਿੰਨ ਪੁਰਸ਼ ਹਨ।ਪ੍ਰਾਪਤ ਜਾਣਕਾਰੀ ਅਨੁਸਾਰ ਦੋ ਸ਼ੂਟਰਜ਼ ਵੱਲੋਂ ਇਹ ਕਤਲੇਆਮ ਕੀਤਾ ਗਿਆ। ਮਸ਼ਕੂਕ ਅਜੇ ਵੀ ਕਾਬੂ ਨਹੀਂ ਆਏ ਹਨ ਤੇ ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਮੌਕੇ ਤੋਂ ਚੋਰੀ ਦੀ ਹੈਂਡਗੰਨ ਵੀ ਮਿਲੀ ਹੈ ਤੇ ਉਹ ਸੋਸ਼ਲ ਮੀਡੀਆ ਉੱਤੇ ਪਾਈਆਂ ਗਈਆਂ ਪੋਸਟਸ ਦੀ ਪੁਣ-ਛਾਣ ਕਰ ਰਹੇ ਹਨ।

ਸੈਕਰਾਮੈਂਟੋ ਪੁਲਿਸ ਚੀਫ ਕੈਥੀ ਲੈਸਟਰ ਨੇ ਇੱਕ ਨਿਊਜ਼ ਕਾਨਫਰੰਸ ਵਿੱਚ ਆਖਿਆ ਕਿ ਪੁਲਿਸ ਰਾਤੀਂ 2:00 ਵਜੇ ਗਸ਼ਤ ਕਰ ਰਹੀ ਸੀ ਜਦੋਂ ਉਨ੍ਹਾਂ ਨੂੰ ਗੋਲੀਆਂ ਚੱਲਣ ਦੀ ਆਵਾਜ਼ ਆਈ।ਜਦੋਂ ਉਹ ਮੌਕੇ ਉੱਤੇ ਪਹੁੰਚੇ ਤਾਂ ਉਨ੍ਹਾਂ ਨੂੰ ਸੜਕ ਉੱਤੇ ਕਾਫੀ ਭੀੜ ਨਜ਼ਰ ਆਈ ਤੇ ਛੇ ਵਿਅਕਤੀ ਮਰੇ ਮਿਲੇ। ਇਸ ਗੋਲੀਕਾਂਡ ਵਿੱਚ 10 ਵਿਅਕਤੀ ਹੋਰ ਜ਼ਖ਼ਮੀ ਹੋਏ, ਜਿਨ੍ਹਾਂ ਵਿੱਚੋਂ ਕਈ ਆਪਣੇ ਆਪ ਹਸਪਤਾਲ ਚਲੇ ਗਏ ਤੇ ਕਈਆਂ ਨੂੰ ਹਸਪਤਾਲ ਲਿਜਾਇਆ ਗਿਆ। ਉਨ੍ਹਾਂ ਦੇ ਹਾਲਾਤ ਬਾਰੇ ਕੋਈ ਜਾਣਕਾਰੀ ਨਹੀਂ ਮਿਲੀ ਹੈ।

ਅਧਿਕਾਰੀਆਂ ਨੂੰ ਅਜੇ ਤੱਕ ਇਹ ਵੀ ਪਤਾ ਨਹੀਂ ਲੱਗ ਸਕਿਆ ਕਿ ਮਸ਼ਕੂਕ ਇੱਕ ਸੀ ਜਾਂ ਇੱਕ ਤੋਂ ਵੱਧ। ਪੁਲਿਸ ਵੱਲੋਂ ਮਦਦ ਲਈ ਲੋਕਾਂ ਨੂੰ ਅੱਗੇ ਆਉਣ ਦੀ ਅਪੀਲ ਵੀ ਕੀਤੀ ਜਾ ਰਹੀ ਹੈ। ਇਸ ਘਟਨਾ ਵਿੱਚ ਕਿਸ ਤਰ੍ਹਾਂ ਦੀ ਗੰਨ ਦੀ ਵਰਤੋਂ ਕੀਤੀ ਗਈ ਇਸ ਬਾਰੇ ਲੈਸਟਰ ਵੱਲੋਂ ਕੋਈ ਜਾਣਕਾਰੀ ਨਹੀਂ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਘਟਨਾ ਵਾਲੀ ਥਾਂ ਉੱਤੇ ਸਥਿਤੀ ਬੜੀ ਗੁੰਝਲਦਾਰ ਸੀ। ਇਸ ਸ਼ੂਟਿੰਗ ਤੋਂ ਬਾਅਦ ਟਵਿੱਟਰ ਉੱਤੇ ਇੱਕ ਵੀਡੀਓ ਪਾਈ ਗਈ ਜਿਸ ਵਿੱਚ ਲੋਕ ਸੜਕ ਉੱਤੇ ਇੱਧਰ ਉੱਧਰ ਭੱਜਦੇ ਨਜ਼ਰ ਆਏ ਤੇ ਲਗਾਤਾਰ ਗੋਲੀਆਂ ਚੱਲਣ ਦੀ ਆਵਾਜ਼ ਆਉਂਦੀ ਰਹੀ। ਵੀਡੀਓ ਵਿੱਚ ਕਈ ਐਂਬੂਲੈਂਸ ਵੀ ਮੌਕੇ ਉੱਤੇ ਵੇਖੀਆਂ ਗਈਆਂ।ਇਹ ਇਲਾਕਾ ਰੈਸਟੋਰੈਂਟਸ ਤੇ ਬਾਰਜ਼ ਆਦਿ ਨਾਲ ਭਰਿਆ ਪਿਆ ਹੈ ਤੇ ਇੱਥੇ ਹੀ ਲੰਡਨ ਨਾਈਟਕਲੱਬ ਵੀ ਮੌਜੂਦ ਹੈ।

## ਮਾਂ ਦੇ ਕਤਲ ਦੇ ਦੋਸ਼ ਵਿੱਚ ਲੜਕੇ ਨੂੰ ਕੀਤਾ ਗਿਆ ਗ੍ਰਿਫਤਾਰ ਤੇ ਚਾਰਜ

ਟੋਰਾਂਟੋ, 3 ਅਪਰੈਲ (ਪੋਸਟ ਬਿਊਰੋ) : ਲੈਜ਼ਲੀਵਿਲ ਵਿੱਚ ਪਿਛਲੇ ਸੋਮਵਾਰ ਦੀ ਦੁਪਹਿਰ ਨੂੰ ਇੱਕ ਗਾਰਬੇਜ ਬੈਗ ਵਿੱਚੋਂ ਜਿਸ ਮਹਿਲਾ ਤਿਏਨ ਲੀ ਦੀ ਲਾਸ਼ ਮਿਲੀ ਸੀ ਉਸ ਦੇ 20 ਸਾਲਾ ਲੜਕੇ ਨੂੰ ਟੋਰਾਂਟੋ ਪੁਲਿਸ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ ਹੈ। ਉਸ ਨੂੰ ਆਪਣੀ ਮਾਂ ਦੇ ਕਤਲ ਦੇ ਸਬੰਧ ਵਿੱਚ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ ਹੈ।



ਪੁਲਿਸ ਅਧਿਕਾਰੀਆਂ ਨੂੰ 28 ਮਾਰਚ ਨੂੰ ਈਸਟਰਨ ਐਵਨਿਊ ਤੇ ਬਰਕਸ਼ਾਇਰ ਐਵਨਿਊ ਇਲਾਕੇ ਵਿੱਚੋਂ ਇੱਕ ਪਲਾਸਟਿਕ ਬੈਗ ਵਿੱਚੋਂ ਲੀ ਦੀ ਵੱਢੀ ਕੱਟੀ ਲਾਸ਼ ਮਿਲੀ ਸੀ। ਉਸ ਦੀ ਸ਼ਨਾਖ਼ਤ ਕਰਨ ਲਈ ਪੁਲਿਸ ਨੇ ਲੀ ਦੇ ਹੱਥਾਂ ਤੇ ਪੈਰਾਂ ਦੇ ਨਹੁੰਆਂ ਦੀ ਤਸਵੀਰ ਜਾਰੀ ਕੀਤੀ ਸੀ ਤੇ ਇਸ ਦੇ ਨਾਲ ਹੀ ਉਸ ਦੀ ਸ਼ਰਟ ਦੀ ਤਸਵੀਰ ਵੀ ਜਾਰੀ ਕੀਤੀ ਗਈ ਸੀ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਨ੍ਹਾਂ ਤਸਵੀਰਾਂ ਨੂੰ ਜਾਰੀ ਕੀਤੇ ਜਾਣ ਤੋਂ ਬਾਅਦ ਕਈ ਲੋਕ ਸਾਹਮਣੇ ਆਏ।

ਇਸ ਤੋਂ ਪਹਿਲਾਂ ਪੁਲਿਸ ਨੇ ਆਖਿਆ ਕਿ ਲੀ ਆਪਣੇ ਲੜਕੇ ਨਾਲ ਕਾਰਲਾਅ ਐਵਨਿਊ ਤੇ ਡੰਡਸ ਸਟਰੀਟ ਏਰੀਆ ਵਿੱਚ ਰਹਿੰਦੀ ਸੀ ਤੇ ਪੁਲਿਸ ਡਲਾਸ ਲੀ, ਜੋ ਕਿ ਮ੍ਰਿਤਕਾ ਲੀ ਦਾ ਲੜਕਾ ਹੈ, ਦੀ ਭਾਲ ਕਰ ਰਹੀ ਸੀ ਤਾਂ ਕਿ ਇਹ ਪਤਾ ਲਾਇਆ ਜਾ ਸਕੇ ਕਿ ਉਹ ਠੀਕ ਠਾਕ ਸੀ। ਪੁਲਿਸ ਨੇ ਆਖਿਆ ਕਿ ਟੋਰਾਂਟੋ ਦੇ ਡਲਾਸ ਲੀ ਨੂੰ ਸ਼ਨਿੱਚਰਵਾਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਉਸ ਉੱਤੇ ਸੈਕਿੰਡ ਡਿਗਰੀ ਮਰਡਰ ਦਾ ਚਾਰਜ ਲਾਇਆ ਗਿਆ ਹੈ।

## ਆਰਥਿਕ ਸੰਕਟ ਵਿੱਚ ਫਸੇ ਹੋਏ ਸ਼੍ਰੀਲੰਕਾ ਦੇ ਸਾਰੇ ਕੈਬਨਿਟ ਮੰਤਰੀਆਂ ਵੱਲੋਂ ਅਸਤੀਫ਼ਾ

ਕੋਲੰਬੋ, 3 ਅਪਰੈਲ, (ਪੋਸਟ ਬਿਊਰੋ)- ਸ਼੍ਰੀਲੰਕਾ ਬਿਜਲੀ ਕਟੌਤੀ ਦੇ ਨਾਲ ਭੋਜਨ, ਫਿਊਲ ਅਤੇ ਹੋਰ ਜ਼ਰੂਰੀ ਚੀਜ਼ਾਂ ਦੀ ਭਾਰੀ ਕਮੀ ਦਾ ਸਾਹਮਣਾ ਕਰ ਰਿਹਾ ਹੈ। ਇਸ ਦੌਰਾਨ ਖ਼ਬਰ ਹੈ ਕਿ ਸ਼੍ਰੀਲੰਕਾ ਵਿੱਚ ਮਹਿੰਦਾ ਰਾਜਪਕਸ਼ੇ ਦੀ ਸਰਕਾਰ ਦੇ ਸਾਰੇ ਕੈਬਨਿਟ ਮੰਤਰੀਆਂ ਨੇ ਅੱਜ ਸਾਂਝੇ ਪੱਤਰ ਉੱਤੇ ਦਸਖ਼ਤ ਕਰ ਕੇ ਸਾਂਝਾ ਅਸਤੀਫ਼ਾ ਦੇ ਦਿੱਤਾ ਅਤੇ ਸਰਕਾਰ ਵਿਰੁੱਧ ਵਧਦੇ ਗੁੱਸੇ ਦਰਮਿਆਨ ਨਵੀਂ ਕੈਬਨਿਟ ਬਣਨ ਦਾ ਰਸਤਾ ਸਾਫ਼ ਕਰ ਦਿੱਤਾ ਹੈ।



ਕੈਬਨਿਟ ਮੰਤਰੀਆਂ ਦੇ ਅਸਤੀਫੇ ਦਾ ਇਹ ਪੱਤਰ ਪ੍ਰਧਾਨ ਮੰਤਰੀ ਮਹਿੰਦਾ ਰਾਜਪਕਸ਼ੇ ਕੋਲ ਹੈ, ਜਿਸ ਨੂੰ ਉਹ ਰਾਸ਼ਟਰਪਤੀ ਗੋਟਬਾਇਆ ਰਾਜਪਕਸ਼ੇ ਨੂੰ ਸੌਂਪਣਗੇ, ਪਰ ਪ੍ਰਧਾਨ ਮੰਤਰੀ ਅਸਤੀਫ਼ਾ ਨਹੀਂ ਦੇਣਗੇ ਅਤੇ ਨਵੀਂ ਕੈਬਨਿਟ ਛੇਤੀ ਬਣਾ ਕੇ ਦਾਅਵਾ ਪੇਸ਼ ਕਰਨਗੇ। ਇਸ ਦੌਰਾਨ ਪ੍ਰਧਾਨ ਮੰਤਰੀ ਮਹਿੰਦਾ ਰਾਜਪਕਸ਼ੇ ਦੇ ਬੇਟੇ ਨਮਲ ਰਾਜਪਕਸ਼ੇ ਨੇ ਵੀ ਆਪਣੇ ਸਾਰੇ ਵਿਭਾਗਾਂ ਤੋਂ ਅਸਤੀਫ਼ਾ ਦੇ ਦਿੱਤਾ ਹੈ। ਵਰਨਣ ਯੋਗ ਹੈ ਕਿ ਸ਼੍ਰੀਲੰਕਾ ਵਿੱਚ 36 ਘੰਟਿਆਂ ਦੇ ਦੇਸ਼ ਵਿਆਪੀ ਕਰਫਿਊ ਦੀ ਉਲੰਘਣਾ ਕਰਨ ਅਤੇ ਗੰਭੀਰ ਆਰਥਿਕ ਸੰਕਟ ਦੇ ਮੱਦੇਨਜ਼ਰ ਸਰਕਾਰ-ਵਿਰੋਧੀ ਰੈਲੀ ਕਰਨ ਦੀ ਕੋਸ਼ਿਸ਼ ਦੌਰਾਨ ਐਤਵਾਰ ਨੂੰ ਦੇਸ਼ ਦੇ ਪੱਛਮੀ ਰਾਜ ਵਿੱਚ 600 ਤੋਂ ਵੱਧ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਰਾਜਧਾਨੀ ਕੋਲੰਬੋ ਵਿੱਚ ਵਿਰੋਧੀ ਧਿਰ ਦੇ ਨੇਤਾਵਾਂ ਦੇ ਮਾਰਚ ਵਿੱਚ 100 ਤੋਂ ਵੱਧ ਲੋਕ ਸ਼ਾਮਲ ਹੋਏ। ਇਸ ਮੌਕੇ ਪੁਲਸ ਅਤੇ ਹਥਿਆਰਬੰਦ ਫੌਜੀਆਂ ਦੇ ਇੱਕ ਵੱਡੇ ਦਸਤੇ ਨੇ ਵਿਰੋਧੀ ਧਿਰ ਦੇ ਨੇਤਾ ਸਾਜਿਤ ਪ੍ਰੇਮਦਾਸਾ ਦੇ ਘਰ ਕੋਲ ਜਾ ਕੇ ਮਾਰਚ ਨੂੰ ਰੋਕ ਲਿਆ।

ਸ਼੍ਰੀਲੰਕਾ ਸਰਕਾਰ ਨੇ ਵਟਸਐਪ, ਟਵਿੱਟਰ, ਫੇਸਬੁੱਕ ਅਤੇ ਇੰਸਟਾਗ੍ਰਾਮ ਵਰਗੇ ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਲਾਈ ਪਾਬੰਦੀ ਐਤਵਾਰ ਨੂੰ ਹਟਾ ਦਿੱਤੀ ਹੈ। ਦੇਸ਼ ਵਿੱਚ ਵਿਗੜ ਰਹੇ ਆਰਥਿਕ ਸੰਕਟ ਦੇਦੌਰਾਨ ਸਰਕਾਰ ਵਿਰੋਧੀ ਪ੍ਰਦਰਸ਼ਨ ਤੋਂ ਪਹਿਲਾਂ ਦੇਸ਼ ਵਿਆਪੀ ਜਨਤਕ ਐਮਰਜੈਂਸੀ ਐਲਾਨ ਕਰਨ ਤੇ 36 ਘੰਟਿਆਂ ਦੇ ਕਰਫਿਊ ਲਾਉਣ ਦੇ ਨਾਲ ਹੀ ਸੋਸ਼ਲ ਮੀਡੀਆਦੀ ਪਾਬੰਦੀ ਲਾ ਦਿੱਤੀ ਗਈ ਸੀ। ਅੱਜ ਇਹ ਪਾਬੰਦੀ ਹਟਾਉਣ ਬਾਰੇਇਕ ਅਧਿਕਾਰੀ ਨੇ ਕਿਹਾ ਕਿ ਫੇਸਬੁੱਕ, ਟਵਿੱਟਰ, ਯੂਟਿਊਬ, ਇੰਸਟਾਗ੍ਰਾਮ, ਸਨੈਪਚੈਟ, ਵਟਸਐਪ, ਵਾਈਬਰ, ਟੈਲੀਗ੍ਰਾਮ ਅਤੇ ਫੇਸਬੁੱਕ ਮੈਸੈਂਜਰ ਦੀਆਂ ਸੇਵਾਵਾਂ 15 ਘੰਟੇ ਮਗਰੋਂ ਬਹਾਲ ਕਰ ਦਿੱਤੀਆਂ ਗਈਆਂ ਹਨ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI 416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352) Manwinder Mangat
Aaxel InsuranceBrokers Ltd. 1332 Khalsa Dr, Unit # 11, Mississauga, ON L5S 0A2

MOTEL FOR SALE ON HWY 7
IN THE MIDDLE OF TORONTO AND OTTAWA
$1,275,000
Excellent Cash Flow And Low Vacancy Rate
Low Operating Costs
Many Recent Upgrades To Rooms
New Security Camera System
Plan Approved For Additional Unit
RAJ HANDA Broker of Record DIR: 647-546-5228 OFF: 905-457-4588
SAVE MAX GLOBAL REALTY

Locations: Woodbridge, Mississauga, Scarborough
YES! Immigration Yes we can...
Celebrating 16 Years
16 ਸਾਲਾਂ ਤੋਂ ਤੁਹਾਡੀ ਸੇਵਾ ਵਿਚ
ਇੰਮੀਗਰੇਸ਼ਨ ਸੇਵਾਵਾਂ 10-20% Discount
Raj Narang, Ritu Narang
ਕੈਨੇਡਾ ਦੇ ਵੀਜ਼ਾ ਵਾਸਤੇ ਅੱਜ ਹੀ ਸੰਪਰਕ ਕਰੋ:
(416)740-6969
(647)616-1020

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance, Mortgage Insurance, Life Insurance, Visitor & Travel Insurance, RESP(Education Plan), Critical Illness Insurance
RANJIT GILL Insurance Advisor 416-724-5000

ROYAL STAR Realty Inc. Brokerage
Off: 905-793-1111 Fax: 905-793-1455
RESIDENTIAL | COMMERCIAL | INVESTMENT
Serving you from one of the Largest Offices in GTA !
GURVIR DHILLON Sales Representative
Dir: 647-409-1302
170 Steelwell Rd., Unit 200, Brampton, ON L6T 5T3
gaggi04@hotmail.com | www.royalstarrealty.com

PEST PROBLEM ? Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc. Residential, Commercial
www.ksgpestcontrol.ca ksgpestcontrol@gmail.com
Amarjeet Singh Gill

Dubai Jewellers
Gift Prize with Every Purchase
- Repair at no extra cost
- Appraisal Certificate
- Buy, Sell, Trade
10% additional discount on gold and upto 50% on diamond.
Tuesday to Sunday (12-8) (Monday Closed)
ਨਵੇਂ ਬਣੇ ਪਲਾਜ਼ਾ ਦੇ ਵਿਚ
Raj & Gulshan Mob: 416-465-1200
2700 Northpark Drive Unit #19, Brampton Ontario L6S 0E9
North Park & Airport Major Intersection
www.dubaijewellers.ca info@dubaijewellers.ca

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma Open Saturday
Providing excellent quality legal services to our clients

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley 905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Brokerage Lic. 12538
Harpreet Singh Goraya Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca




# Now Hiring

LIGHT SPEED Logistics Inc.

## Owner Operators

| | |
|---|---|
| US TEAM | $2.09 |
| US SINGLE | $1.94 |
| ONTARIO/QUEBEC TO MIDWEST | $2.24 |
| CANADIAN TEAM | $1.89 |
| CANADIAN SINGLE | $1.74 |
| (AB-BC) (BC-AB) | $2.29 |

## Company Drivers

| | |
|---|---|
| US TEAM | $0.86 |
| US SINGLE | $0.62 |
| CANADIAN TEAM | $0.66 |
| CANADIAN SINGLE | $0.50 |
| ON/QC TEAM TO MID-WEST | $0.96 |
| ON/QC SINGLE TO MID-WEST | $0.72 |
| (AB-BC) (BC-AB) TEAM | $0.81 |
| (AB-BC) (BC-AB) SINGLE | $0.65 |

* Conditions Apply

Call us or Drop in!

JAGGI DHILLON : 403-542-4258
GURBIR SARAN : 416-768-5441
1-800-397-6009 (Press Option 3)
122 Carmek Blvd, Rocky View AB T1X 1X1

safedrivers@lslinc.com www.lslinc.com



# EXCLUSIVE OFFER!

## GET A $15 IN-STORE CREDIT

*WITH NEW ACTIVATION ON A $25/MO
DATA, TALK, & TEXT PLAN OR HIGHER



chatr™ AUTHORIZED DEALER

1 Promenade Circle | Thornhill, ON | 647-274-3808
2456 Lake Shore Blvd West | Etobicoke, ON | 416-259-3654
379 Main St. North | Brampton, ON | 905-451-0379

See in-store for details. Offer available March 6th - 31st, 2022 and subject to change without notice. *Only applicable with new activation on a $25/mo Data, Talk & Text plan or higher. In-store credit cannot be applied to top-ups, bill payments, SIM cards, vouchers or redeemed for cash and has no cash value. Visit chatrmobile.com/plans for more details. Taxes are extra and while quantities last. ™ Trademarks used under license ©2022

# ਕਾਂਗਰਸ ਦੇ ਮੰਤਰੀ ਜਾਣ ਲੱਗੇ ਸਰਕਾਰੀ ਬੰਗਲਿਆਂ ਵਿੱਚੋਂ ਸਰਕਾਰੀ ਸਾਮਾਨ ਵੀ ਨਾਲ ਲੈ ਗਏ

* ਨਵੀਂ ਸਰਕਾਰ ਕੋਠੀਆਂ ਵਿੱਚੋਂ ਗਏ ਸਾਮਾਨ ਦੀ ਜਾਂਚ ਕਰਾਵੇਗੀ * ਮਨਪ੍ਰੀਤ ਬਾਦਲ ਨੇ ਸਾਮਾਨ ਦੇ ਪੈਸੇ ਭਰਨ ਲਈ ਚੈੱਕ ਭੇਜਿਆ

ਚੰਡੀਗੜ੍ਹ, 3 ਅਪਰੈਲ, (ਪੋਸਟ ਬਿਊਰੋ)- ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਦੌਰਾਨ ਕਾਂਗਰਸ ਦੀ ਹਾਰ ਹੋਣ ਦੇ ਬਾਅਦ ਕਾਂਗਰਸੀ ਸਾਬਕਾ ਮੰਤਰੀਆਂ ਦੇ ਸਰਕਾਰੀ ਬੰਗਲਿਆਂ ਵਿੱਚੋਂ ਸਾਮਾਨ ਗਾਇਬ ਹੋਣ ਦਾ ਮੁੱਦਾ ਭਖੀ ਜਾਂਦਾ ਹੈ। ਸਰਕਾਰੀ ਰਿਹਾਇਸ਼ਾਂ ਵਿੱਚੋਂ ਏਦਾਂ ਸਾਮਾਨ ਗਾਇਬ ਹੋਣ ਬਾਰੇ ਦੱਸਿਆ ਗਿਆ ਹੈ ਕਿ ਸਰਕਾਰੀ ਕੋਠੀਆਂਤੋਂ ਸਾਬਕਾ ਮੰਤਰੀਬਿਨਾਂ ਭੁਗਤਾਨ ਕੀਤੇ ਤੋਂ ਇਹ ਲੱਖਾਂ ਰੁਪਏ ਮੁੱਲ ਦਾ ਮਾਲ ਲੈ ਗਏ ਹਨ। ਕਾਂਗਰਸ ਦੇ ਸਾਬਕਾ ਖਜ਼ਾਨਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੇ ਇਸ ਚਰਚਾ ਵਿੱਚ ਆਪਣਾਨਾਂਅ ਆਉਣ ਉੱਤੇ ਇਸ ਨੂੰ ਨਿਰਾਧਾਰ ਦੱਸ ਕੇ ਕਿਹਾ ਕਿ ਜਿੰਨਾ ਸਾਮਾਨ ਉਨ੍ਹਾਂ ਨੇ ਲਿਆਂਦਾ ਹੈ, ਉਹ 15 ਸਾਲ ਪੁਰਾਣਾ ਸੀ ਤੇ ਇਸਦਾ ਭੁਗਤਾਨ ਵੀ ਕਰਨ ਦੇ ਬਾਅਦ ਲਿਆਂਦਾ ਹੈ।

ਵਰਨਣ ਯੋਗ ਹੈ ਕਿ ਪੰਜਾਬ ਦੇ ਲੋਕ ਨਿਰਮਾਣ ਵਿਭਾਗ (ਪੀ ਡਬਲਿਊ ਡੀ) ਨੇ 24 ਮਾਰਚ ਨੂੰ ਆਪਣੀ ਇੱਕ ਰਿਪੋਰਟ ਪਿੱਛੋਂ ਵਿਧਾਨ ਸਭਾ ਸੈਕਟਰੀ ਨੂੰ ਚਿੱਠੀ ਲਿਖ ਕੇ ਸਰਕਾਰੀ ਕੋਠੀਆਂ ਵਿੱਚ ਫਰਨੀਚਰ ਤੋਂ ਇਲਾਵਾ ਬਿਜਲੀ ਦਾ ਸਾਮਾਨ ਨਾ ਹੋਣ ਬਾਰੇ ਸ਼ਿਕਾਇਤ ਕੀਤੀ ਸੀ। ਇਨ੍ਹਾਂ ਗਾਇਬ ਜਾਂ ਚੋਰੀ ਹੋਈਆਂ ਵਸਤਾਂ ਵਿੱਚ ਐਲਈਡੀ, ਡਾਈਨਿੰਗ ਟੇਬਲ, ਕੁਰਸੀਆਂ, ਫਰਿੱਜ, ਸੋਫੇਅਤੇ ਪੱਖੇ ਸ਼ਾਮਲ ਹਨ।

ਪੰਜਾਬ ਦੇ ਦੋ ਸਾਬਕਾ ਕੈਬਨਿਟ ਮੰਤਰੀਆਂ ਮਨਪ੍ਰੀਤ ਸਿੰਘ ਬਾਦਲ ਤੇ ਗੁਰਪ੍ਰੀਤ ਸਿੰਘ ਕਾਂਗੜ ਨੂੰ ਚੰਡੀਗੜ੍ਹ ਵਿੱਚ ਅਲਾਟ ਹੋਈਆਂ ਸਰਕਾਰੀ ਕੋਠੀਆਂਤੋਂ ਗਾਇਬ ਹੋਏ ਸਾਮਾਨ ਬਾਰੇ ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਬਾਰੇਨਵੇਂ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਸਰਕਾਰੀ ਕੋਠੀਆਂਤੋਂ ਗਾਇਬਸਾਮਾਨ ਦੀ ਜਾਂਚ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਕਈ ਸਾਲਾਂ ਤੋਂ ਸਿਆਸੀ ਆਗੂ ਇਸ ਰਾਜ ਨੂੰ ਲੁੱਟਦੇ ਰਹੇ ਸਨ ਤੇ ਹੈਰਾਨੀ ਦੀ ਗੱਲ ਹੈ ਕਿ ਸਰਕਾਰ ਨਾ ਰਹੀ ਤਾਂ ਉਨ੍ਹਾਂ ਦੇ ਜਾਣ ਪਿੱਛੋਂ ਸਾਬਕਾ ਕੈਬਨਿਟ ਮੰਤਰੀਆਂ ਨੂੰ ਸਰਕਾਰ ਵਲੋਂ ਮਿਲੀਆਂ ਕੋਠੀਆਂਤੋਂ ਸਾਮਾਨ ਵੀ ਗਾਇਬ ਹੈ। ਉਨ੍ਹਾਂ ਕਿਹਾ ਕਿ ਮੈਨੂੰ ਮਿਲੀ ਸਰਕਾਰੀ ਰਿਹਾਇਸ਼ ਤੋਂ ਵੀ ਬਹੁਤ ਕੁਝ ਗਾਇਬ ਸੀ।



ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਪਿਛਲੀ ਚਰਨਜੀਤ ਸਿੰਘ ਚੰਨੀ ਦੀ ਕਾਂਗਰਸ ਦੀ ਸਰਕਾਰ ਦੇ ਸਾਰੇ ਸਾਬਕਾ ਮੰਤਰੀਆਂ ਨੂੰ ਕੋਠੀਆਂ ਖਾਲੀ ਕਰਨ ਦੇ ਹੁਕਮ ਮਿਲੇ ਤਾਂ ਇਸ ਮੌਕੇ ਸਾਬਕਾ ਖਜ਼ਾਨਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਤੇ ਸਾਬਕਾ ਕੈਬਨਿਟ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਨੇ ਬੰਗਲੇ ਖਾਲੀ ਕਰ ਦਿੱਤੇ।ਲੋਕ ਨਿਰਮਾਣ ਵਿਭਾਗ ਵੱਲੋਂ ਕੀਤੀ ਸ਼ਿਕਾਇਤ ਤੋਂ ਬਾਅਦ ਅੰਦਾਜ਼ਾ ਲੱਗਾ ਕਿ ਬੰਗਲੇ ਖਾਲੀ ਕਰਨ ਵੇਲੇ ਸਾਬਕਾ ਮੰਤਰੀ ਇਹ ਸਾਮਾਨ ਨਾਲ ਲੈ ਗਏ ਹਨ। ਇਸ ਸਾਮਾਨ ਦਾ ਕੀ ਬਣਿਆ, ਇਸ ਬਾਰੇ ਸਪੱਸ਼ਟ ਨਹੀਂ, ਪਰ ਲੋਕ ਨਿਰਮਾਣ ਵਿਭਾਗ ਨੇ ਜਾਰੀ ਕੀਤੇ ਪੱਤਰ ਵਿੱਚ ਮੰਤਰੀਆਂ ਨੂੰ ਇਹ ਸਾਮਾਨ ਵਿਭਾਗ ਨੂੰ ਸੌਂਪਣ ਲਈ ਕਿਹਾ ਹੈ। ਵਿਭਾਗ ਦੇ ਸਬ ਡਵੀਜ਼ਨਲ ਇੰਜਨੀਅਰ ਵੱਲੋਂ 24 ਮਾਰਚ ਨੂੰ ਪੱਤਰ ਲਿਖਿਆ ਕਿ ਸਾਬਕਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੇ ਸੈਕਟਰ 2 ਦੀ ਕੋਠੀ ਨੰਬਰ 47 ਖਾਲੀ ਕੀਤੀ ਤਾਂ ਵਿਭਾਗ ਦੇ ਜੂਨੀਅਰ ਇੰਜਨੀਅਰ ਲਵਪ੍ਰੀਤ ਸਿੰਘ ਨੇ ਰਿਪੋਰਟ ਦਿੱਤੀ ਕਿ ਇਸ ਕੋਠੀ ਵਿੱਚ ਇੱਕ ਡਾਈਨਿੰਗ ਟੇਬਲ, 10 ਡਾਈਨਿੰਗ ਕੁਰਸੀਆਂ, ਇੱਕ ਸਰਵਿਸ ਟਰਾਲੀ ਅਤੇ ਇੱਕ ਰਿੰਕ ਲਾਉਂਜਰ ਸੋਫਾ ਗਾਇਬ ਹੈ।

ਇਸੇ ਤਰ੍ਹਾਂ 10 ਮਾਰਚ ਵਾਲੇ ਪੱਤਰ ਵਿੱਚ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਦੀ ਸੈਕਟਰ 17 ਵਿਚਲੀ ਕੋਠੀ ਨੰਬਰ 960 ਵਿੱਚ ਸਮਾਨਘੱਟ ਮਿਲਣ ਦੀ ਸੂਚਨਾ ਹੈ। ਇਸ ਕੋਠੀ ਤੋਂ 420 ਲੀਟਰ ਦਾ ਨਵਾਂ ਫਰਿੱਜ (ਮੁੱਲ 65,530) ਅਤੇ 422 ਲੀਟਰ ਦਾ ਫਰਿੱਜ (ਕੀਮਤ 44000 ਰੁਪਏ), 43 ਇੰਚ ਪੰਜ ਐਲਈਡੀ (ਕੀਮਤ 2,98,100), ਓਐਫਆਰਆਰ ਦੇ ਚਾਰ ਹੀਟਰ (ਮੁੱਲ 56680), ਛੇ ਹੀਟਰ (ਮੁੱਲ 44000 ਰੁਪਏ), ਇੱਕ ਸਿੰਗਲ ਰਾਡ ਰੂਮ ਹੀਟਰ (ਕੀਮਤ 835 ਰੁਪਏ), ਪੰਜ ਪੱਖੇ (ਕੀਮਤ 8000 ਰੁਪਏ) ਗਾਇਬ ਹਨ।

ਕਾਂਗਰਸ ਦੇ ਸਾਬਕਾ ਖਜ਼ਾਨਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੇ ਕਿਹਾ ਕਿ ਉਨ੍ਹਾਂ ਨੇ ਜੋ ਸਾਮਾਨ ਸਰਕਾਰੀ ਕੋਠੀਤੋਂ ਲਿਆ, ਉਸ ਦਾ ਖ਼ਰਚਾ ਭਰ ਦਿੱਤਾ ਹੈ। ਮਨਪ੍ਰੀਤ ਸਿੰਘ ਬਾਦਲ ਤੇ ਬ੍ਰਹਮ ਮਹਿੰਦਰਾ ਦੇ ਚੈਕ ਵਿਭਾਗ ਨੂੰ ਮਿਲ ਗਏ ਹਨ, ਪਰ ਵਿਭਾਗ ਅਜੇ ਜਾਂਚ ਕਰੇਗਾ। ਮਨਪ੍ਰੀਤ ਸਿੰਘ ਬਾਦਲ ਸਾਲ 2007 ਤੋਂ ਡਾਈਨਿੰਗ ਟੇਬਲ ਤੇ ਫਰਨੀਚਰ ਦੀ ਵਰਤੋਂ ਕਰ ਰਹੇ ਸਨ।ਉਨ੍ਹਾਂ ਨੇ ਸਰਕਾਰ ਨੂੰ ਕਰੀਬ 2 ਲੱਖ ਰੁਪਏ ਚੈੱਕ ਦਿੱਤਾ ਹੈ। ਗੁਰਪ੍ਰੀਤ ਸਿੰਘ ਕਾਂਗੜ ਦੀਕੋਠੀਤੋਂ ਗਾਇਬ-ਸਾਮਾਨਬਾਰੇ ਨਾ ਕੋਈ ਚੈੱਕ ਨਹੀਂ ਆਇਆ, ਨਾ ਅਦਾਇਗੀ ਹੋਈ ਤਾਂ ਸਰਕਾਰ ਨੇ ਉਸ ਕੋਲੋਂ ਰਿਕਵਰੀ ਕਰਨ ਦੇ ਹੁਕਮ ਦਿੱਤੇ ਹਨ। ਜਦੋਂ ਤੱਕ ਇਸ ਦੀ ਰਿਕਵਰੀ ਨਾ ਹੋਈ, ਗੁਰਪ੍ਰੀਤ ਸਿੰਘ ਕਾਂਗੜ ਨੂੰ ਨਾ ਐਨਓਸੀ (ਨੋ ਆਬਜੈਕਸ਼ਨ ਸਰਟੀਫਿਕੇਟ) ਮਿਲੇਗਾ ਅਤੇ ਨਾ ਸਾਬਕਾ ਵਿਧਾਇਕ ਦੀ ਪੈਨਸ਼ਨ ਹੀ ਜਾਰੀ ਕੀਤੀ ਜਾਵੇਗੀ।

# ਸਾਬਕਾ ਮੁੱਖ ਮੰਤਰੀ ਚੰਨੀ ਦੇ ਭਤੀਜੇ ਵਿਰੁੱਧ ਰੇਤ ਮਾਈਨਿੰਗ ਕੇਸ ਦੀ ਚਾਰਜ਼ਸ਼ੀਟ ਦਾਖ਼ਲ

ਨਵੀਂ ਦਿੱਲੀ, 3 ਅਪਰੈਲ, (ਪੋਸਟ ਬਿਊਰੋ)- ਰੇਤ ਦੀ ਨਾਜਾਇਜ਼ ਮਾਈਨਿੰਗ ਕਰਨਦੇ ਕੇਸ ਵਿੱਚ ਪੰਜਾਬ ਦੇ ਸਾਬਕਾ ਕਾਂਗਰਸੀ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਭਾਣਜੇਭੁਪਿੰਦਰ ਸਿੰਘ ਹਨੀ ਖਿਲਾਫ ਇਨਫੋਰਸਮੈਂਟ ਡਾਇਰੈਕਟੋਰੇਟ(ਈ ਡੀ) ਨੇਅੱਜ ਐਤਵਾਰ ਨੂੰ ਜਲੰਧਰ ਦੀ ਅਦਾਲਤਵਿੱਚ ਚਾਰਜਸ਼ੀਟ ਦਾਖ਼ਲ ਕੀਤੀ ਹੈ।



ਵਰਨਣ ਯੋਗ ਹੈ ਕਿ ਭੁਪਿੰਦਰ ਸਿੰਘ ਹਨੀ ਚੰਨੀ ਦੀ ਸਾਲੀ ਦਾ ਬੇਟਾ ਹੈ। 18 ਜਨਵਰੀ ਨੂੰ ਈ ਡੀ ਦੀ ਕਾਰਵਾਈ ਵਿੱਚ ਉਸ ਦੇ ਘਰੋਂ ਕਰੀਬ 8 ਕਰੋੜ ਰੁਪਏ ਮਿਲੇ ਸਨ ਤੇ ਉਸ ਦੇ ਇੱਕ ਸਾਥੀ ਦੇ ਘਰੋਂ 2 ਕਰੋੜ ਰੁਪਏ ਮਿਲਐ ਸਨ।ਇਨਫੋਰਸਮੈਂਟ ਡਾਇਰੈਕਟੋਰੇਟ ਦੇ ਤਾਜ਼ਾ ਕਦਮ ਨਾਲ ਭੁਪਿੰਦਰ ਸਿੰਘ ਹਨੀ ਉੱਤੇ ਕਾਨੂੰਨੀ ਸ਼ਿਕੰਜਾ ਕੱਸਿਆ ਜਾਣਲੱਗਾ ਹੈ। ਹਨੀ ਉੱਤੇਉੱਤੇ ਨਾਜ-ਇਜ਼ ਮਾਈਨਿੰਗ ਕਰਾਉਣ ਦੇ ਦੋਸ਼ ਵਿੱਚ ਮਨੀ ਲਾਂਡਰਿੰਗ ਐਕਟ ਦੀਆਂ ਧਾਰਾਵਾਂ ਹੇਠ ਕੇਸ ਦਰਜ ਕੀਤਾ ਗਿਆ ਹੈ। ਇਸ ਕੇਸ ਦੀ ਸੁਣਵਾਈ 6 ਅਪ੍ਰੈਲ ਨੂੰ ਹੋਵੇਗੀ। ਭੁਪਿੰਦਰ ਸਿੰਘ ਹਨੀ ਨੂੰ ਈ ਡੀ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ 4 ਫਰਵਰੀ ਨੂੰ ਗ੍ਰਿਫਤਾਰ ਕੀਤਾ ਸੀ।

ਕੇਂਦਰੀ ਜਾਂਚ ਏਜੰਸੀ ਈ ਡੀ ਨੇ ਸਾਬਕਾ ਮੁੱਖ ਮਤਰੀ ਚਰਨਜੀਤ ਸਿੰਘ ਚੰਨੀ ਦੇ ਭਾਣਜੇ ਭੁਪਿੰਦਰ ਉੱਤੇ ਮਨੀ ਲਾਂਡਰਿੰਗ ਰੋਕੂ ਐਕਟ ਦੀ ਧਾਰਾ 3 (ਮਨੀ ਲਾਂਡਰਿੰਗ), 4 (ਮਨੀ ਲਾਂਡਰਿੰਗ ਦੀ ਸਜ਼ਾ), 44 (ਵਿਸ਼ੇਸ਼ ਅਦਾਲਤਾਂ ਵੱਲੋਂ ਮੁਕੱਦਮੇ ਯੋਗ ਜੁਰਮ) ਅਤੇ 45 (ਸਮਝਣਯੋਗ ਅਤੇ ਗੈਰ-ਜ਼ਮਾਨਤੀ ਅਪਰਾਧ) ਦੇ ਦੋਸ਼ ਲਾਏ ਹਨ। ਹਨੀ ਤੇ ਉਸ ਦੇ ਸਾਥੀ ਕੁਦਰਤਦੀਪ ਸਿੰਘ ਨੂੰਈ ਡੀ ਨੇ 3 ਅਤੇ 4 ਫਰਵਰੀ ਦੀ ਰਾਤ ਗ੍ਰਿਫਤਾਰ ਕੀਤਾ ਸੀ ਤੇ ਨਿਯਮਾਂ ਅਨੁਸ-ਾਰ ਏਜੰਸੀ ਨੇ 60 ਦਿਨਾਂ ਦੇ ਅੰਦਰ ਉਸਦੇ ਖਿਲਾਫ ਚਾਰਜਸ਼ੀਟ ਦਾਇਰ ਕਰਨੀ ਸੀ।ਈ ਡੀ ਨੇ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਕੁਝ ਦਿਨ ਪਹਿਲਾਂ 18 ਜਨਵਰੀ ਨੂੰ ਹਨੀ ਅਤੇ ਹੋਰਨਾਂਦੇ ਖਿਲਾਫ 10 ਥਾਵਾਂ ਉੱਤੇ ਛਾਪੇ ਮਾਰੇ ਸਨ।

ਮਿਲੀ ਜਾਣਕਾਰੀ ਮੁਤਾਬਕ ਭੁਪਿੰਦਰ ਸਿੰਘ ਹਨੀਅਤੇ ਉਸ ਦੇ ਹੋਰ ਸਾਥੀਆਂ ਉੱਤੇ ਫਰਜ਼ੀ ਕੰਪਨੀਆਂ ਬਣਾ ਕੇ ਮਨੀ ਲਾਂਡਰਿੰਗ ਕਰਨ ਅਤੇ ਰੇਤ ਦੀ ਨਾਜਾਇਜ਼ ਮਾਈਨਿੰਗ ਦਾ ਵੀ ਦੋਸ਼ ਹੈ।ਈ ਡੀ ਨੇ ਖੁਲਾਸਾ ਕੀਤਾ ਸੀ ਕਿ ਭੁਪਿੰਦਰ ਸਿੰਘ ਹਨੀ, ਕੁਦਰਤਦੀਪ ਸਿੰਘ ਅਤੇ ਸੰਦੀਪ ਕੁਮਾਰ ਪ੍ਰੋਵਾਈਡਰ ਓਵਰਸੀਜ਼ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਨਾਂ ਦੀ ਕੰਪਨੀ ਦੇ ਡਾਇਰੈਕਟਰ ਸਨ। ਇਹ ਕੰਪਨੀ 2018 ਵਿੱਚ ਬਣਾਈ ਗਈ ਸੀ।

# ਐਸ ਐਸ ਪੀ ਸਿੱਧੂ ਦਾ ਐਲਾਨ: ਆਤਮਹੱਤਿਆ ਕਰ ਚੁੱਕੇ ਕਿਸਾਨਾਂ ਦੀਆਂ ਬੇਟੀਆਂ ਨੂੰ ਮਹੀਨੇ ਦਾ 21 ਹਜ਼ਾਰ ਦੇਣਗੇ

ਸੰਗਰੂਰ, 3 ਅਪ੍ਰੈਲ (ਪੋਸਟ ਬਿਊਰੋ)- ਤੀਸਰੀ ਵਾਰ ਸੰਗਰੂਰ ਦੇ ਐਸ ਐਸ ਪੀ ਵਜੋਂ ਅਹੁਦਾ ਸੰਭਾਲਦੇ ਹੋਏ ਮਨਦੀਪ ਸਿੰਘ ਸਿੱਧੂ ਨੇ ਐਲਾਨ ਕੀਤਾ ਕਿ ਉਹ ਕਿਸਾਨ ਅੰਦੋਲਨ ਦੌਰਾਨ ਆਤਮਹੱਤਿਆ ਕਰ ਚੁੱਕੇ ਕਿਸਾਨਾਂ ਦੇ ਪਰਵਾਰਾਂ ਦੀਆਂ ਲੜਕੀਆਂ ਨੂੰ ਸਿੱਖਿਆ ਲਈ ਆਪਣੀ ਤਨਖਾਹ ਵਿੱਚੋਂ ਹਰ ਮਹੀਨੇ 21 ਹਜ਼ਾਰ ਰੁਪਏ ਮਦਦ ਕਰਨਗੇ। ਮਨਦੀਪ ਸਿੰਘ ਸਿੱਧੂ ਨੇ ਕਿਹਾ ਕਿ ਉਹ ਅਪ੍ਰੈਲ ਦੀ ਤਨਖਾਹ ਵਿੱਚੋਂ 51 ਹਜ਼ਾਰ ਤੇ ਅਗਲੇ ਮਹੀਨੇ ਵਿੱਚ ਮਿਲਣ ਵਾਲੀ ਹਰ ਤਨਖਾਹ ਵਿੱਚੋਂ 21 ਹਜ਼ਾਰ ਰੁਪਏ ਪੀੜਤ ਕਿਸਾਨ ਪਰਵਾਰਾਂ ਦੀਆਂ ਧੀਆਂ ਦੀ ਸਿੱਖਿਆ ਉੱਤੇ ਖਰਚ ਕਰਨਗੇ ਤਾਂ ਕਿ ਉਹ ਸਿੱਖਿਆ ਪੂਰੀ ਕਰ ਕੇ ਪਰਵਾਰ ਦਾ ਸਹਾਰਾ ਬਣ ਸਕਣ। ਉਹ ਖੁਦ ਕਿਸਾਨ ਪਰਵਾਰ ਨਾਲ ਸਬੰਧਤ ਹਨ। ਕਿਸਾਨੀ ਅੰਦੋਲਨ ਦੌਰਾਨ ਉਨ੍ਹਾਂ ਦੇ ਪਰਵਾਰ ਦੇ ਮੈਂਬਰਾਂ ਨੇ ਵਧ-ਚੜ੍ਹ ਕੇ ਸੇਵਾ ਕੀਤੀ ਹੋਈ ਹੈ।



IMMIGRATION SERVICES INCLUDE
Express Entry
Visitor Visa | Super Visa
Work Permit
Study Permit
Spousal Sponsorship
PNP Nominations
LMIA
WE SPECIALIZE IN HUMANITARIAN AND COMPASSIONATE APPLICATIONS
DRAKE IMMIGRATION SOLUTIONS
AUTHORIZED AGENT FOR MITT
MANITOBA INSTITUTE OF TRADES & TECHNOLOGY
(204) 558-9750 www.drakeimmigration.ca
Toronto Office: 98 Gallucci Cres Brampton, ON L6P 1R7
Winnipeg Office: Centro Caboto Centre 128-1055 Wilkes Ave, Winnipeg, MB R3P 2L7

ਪੇਪਰ ਡਲਿਵਰੀ ਵਾਸਤੇ ਕਾਮਿਆਂ ਦੀ ਜ਼ਰੂਰਤ
ਸੈਰ ਸਪਾਟੇ ਨਾਲ ਹੁਣ ਕਰੋ ਕਮਾਈ
Flyer Distribution
ਅਸੀਂ ਪੇਪਰਾਂ ਦੀ ਡਲੀਵਰੀ ਕਰਦੇ ਹਾਂ ਅਤੇ ਸਾਨੂੰ ਵੀਕਡੇਜ਼ ਵਾਸਤੇ ਬੰਦਿਆਂ ਦੀ ਜ਼ਰੂਰਤ ਹੈ ਜਿਨ੍ਹਾਂ ਨੇ ਪੇਪਰਾਂ ਦਾ ਕੰਮ ਕੀਤਾ ਹੋਵੇ ਉਨ੍ਹਾਂ ਨੂੰ ਪਹਿਲ ਦਿੱਤੀ ਜਾਵੇਗੀ।
ਮਾਰਕਟਿੰਗ ਲਈ ਤਜਰੇਬੇਕਾਰ ਪ੍ਰੋਫੈਸ਼ਨਲਜ ਦੀ ਤੁਰੰਤ ਲੋੜ ਹੈ, ਵਧੀਆ ਪੈਕੇਜ
ਰੈਕਸਡੇਲ, ਮਾਲਟਨ ਅਤੇ ਬਰੈਂਪਟਨ ਦੇ ਨਿਵਾਸੀ ਹੀ ਕਾਲ ਕਰਨ।
ਹੋਰ ਜਾਣਕਾਰੀ ਲਈ ਕਾਲ ਕਰੋ। 647-218-7043 647-208-7011

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਖਿੜਕੀਆਂ ਅਤੇ ਦਰਵਾਜੇ ਲਗਵਾਓ Free Estimates
ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
CANADIAN GLASS AND WINDOW
SINGH (TOCHI)
416-454-3031
647-784-8240
Email: tochisangha1@hotmail.com

ukttc UK TRUCK TRAINING CENTRE PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

## ਅੱਜ ਨਾਮਾ >>

ਪਾਕਿਸਤਾਨ ਦਾ ਗਿਆ ਈ ਮੁੱਕ ਰੱਫੜ,
ਲੱਗੀ ਚੋਣ ਕਰਵਾਈ ਫਿਰ ਜਾਣ ਮੀਆਂ।
ਫਤਵਾ ਲੋਕਾਂ ਦਾ ਲੈਣ ਲਈ ਬਾਤ ਮੁੱਕੀ,
ਕਰ ਲੈਣ ਆਗੂ ਦੀ ਲੋਕ ਪਛਾਣ ਮੀਆਂ।
ਮਰਜ਼ੀ ਉਨ੍ਹਾਂ ਦੀ ਨੋਟਾਂ ਲਈ ਦੇਣ ਵੋਟਾਂ,
ਕਰ ਲੈਣ ਭਾਵੇਂ ਭਵਿੱਖ ਨੂੰ ਘਾਣ ਮੀਆਂ।
ਜਾਂ ਫਿਰ ਚੰਗੇ ਤੇ ਮਾੜੇ ਦੀ ਪਰਖ ਪਿੱਛੋਂ,
ਲਾ ਦੇਣ ਭਲੇ ਭਵਿੱਖ ਲਈ ਤਾਣ ਮੀਆਂ।
ਓਧਰ ਬੇਗਮ ਇਮਰਾਨ ਦੀ ਕਰਨ ਲੱਗੀ,
ਜਾਦੂ-ਟੂਣੇ ਲਈ ਨਵੀਂ ਕੁਝ ਖੋਜ ਮੀਆਂ।
ਟਾਕੀਆਂ ਪਾੜਦੀ ਤੇ ਮੁਰਗੇ ਸਾੜਦੀ ਆ,
ਮਿਲਦੀ ਖਬਰ ਹੈ ਏਦਾਂ ਦੀ ਰੋਜ਼ ਮੀਆਂ।

**ਤੀਸ ਮਾਰ ਖਾਂ**

# ਇਮਰਾਨ ਖਾਨ ਕੋਲੋਂ ਪਾਕਿਸਤਾਨ ਸਰਕਾਰ ਦੀ ਕਪਤਾਨੀ ਖੁੱਸੀ

## * ਬੇਭਰੋਸਗੀ ਮਤਾ ਸਪੀਕਰ ਵੱਲੋਂ ਬਿਨਾਂ ਬਹਿਸ ਤੋਂ ਰੱਦ * ਪਾਰਲੀਮੈਂਟ ਭੰਗ ਕਰ ਕੇ ਚੋਣਾਂ ਕਰਾਉਣ ਦੀ ਸਿਫਾਰਸ਼



ਇਸਲਾਮਾਬਾਦ, 3 ਅਪਰੈਲ, (ਪੋਸਟ ਬਿਊਰੋ)- ਪਾਕਿਸਤਾਨ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਸਰਕੁਲਰ ਵਿੱਚ ਦੱਸਿਆ ਗਿਆ ਹੈ ਕਿ ਇਮਰਾਨ ਖਾਨ ਅਧਿਕਾਰਤ ਤੌਰ ਉੱਤੇ ਇਸ ਦੇਸ਼ ਦੇ ਪ੍ਰਧਾਨ ਮੰਤਰੀ ਨਹੀਂ ਰਹੇ। ਇਸ ਤੋਂ ਪਹਿਲਾਂ ਪਾਕਿਸਤਾਨ ਦੇ ਸਾਬਕਾ ਮੰਤਰੀ ਫ਼ਵਾਦ ਚੌਧਰੀ ਨੇ ਕਿਹਾ ਸੀ ਕਿ ਧਾਰਾ 224 ਹੇਠ ਇਮਰਾਨ ਖਾਨ ਕਾਰਜਕਾਰੀ ਪ੍ਰਧਾਨ ਮੰਤਰੀ ਬਣੇ ਰਹਿਣਗੇ। ਇਹ ਸਥਿਤੀ ਇਮਰਾਨ ਖਾਨ ਵੱਲੋਂ ਪਾਰਲੀਮੈਂਟ ਭੰਗ ਕਰਨ ਦੀ ਸਿਫਾਰਸ਼ ਕੀਤੇ ਜਾਣ ਦੇ ਕਾਰਨ ਪੈਦਾ ਹੋਈ ਹੈ। ਇਹ ਸਿਫਾਰਸ਼ ਅੱਜ ਉਸ ਨੇ ਬੇਭਰੋਸਗੀ ਮਤਾ ਰੱਦ ਹੋਣ ਪਿੱਛੋਂ ਕੀਤੀ ਸੀ।

ਅੱਜ ਐਤਵਾਰ ਦੇਰ ਸ਼ਾਮ ਪਾਕਿਸਤਾਨ ਸਰਕਾਰ ਨੇ ਨਵਾਂ ਸਰਕੂਲਰ ਜਾਰੀ ਕੀਤਾ ਹੈ, ਜਿਸ ਵਿੱਚ ਲਿਖਿਆ ਹੈ ਕਿ ਪਾਕਿਸਤਾਨ ਦੇ ਰਾਸ਼ਟਰਪਤੀ ਨੇ ਪਾਕਿਸਤਾਨ ਦੀ ਕੌਮੀ ਅਸੈਂਬਲੀ ਭੰਗ ਕਰਨ ਤੋਂ ਬਾਅਦ ਪਾਰਲੀਮੈਂਟਰੀ ਮਾਮਲਿਆਂ ਦੇ ਮੰਤਰਾਲਾ ਮਿਤੀ 3 ਅਪ੍ਰੈਲ 2022 ਪਾਕਿਸਤਾਨ ਦੇ ਇਸਲਾਮੀ ਗਣਰਾਜ ਦੇ ਸੰਵਿਧਾਨ ਦੀ ਧਾਰਾ 48 (1) ਨਾਲ ਪੜ੍ਹੀ ਗਈ ਧਾਰਾ 58 (1) ਮੁਤਾਬਕ ਇਮਰਾਨ ਅਹਿਮਦ ਖਾਨ ਨਿਆਜ਼ੀ ਨੂੰ ਪਾਕਿਸਤਾਨ ਪ੍ਰਧਾਨ ਮੰਤਰੀ ਦੇ ਅਹੁਦੇ ਤੋਂ ਤੁਰੰਤ ਪ੍ਰਭਾਵ ਨਾਲ ਖਾਰਜ ਕਰ ਦਿੱਤਾ ਹੈ।ਵਰਨਣ ਯੋਗ ਹੈ ਕਿ ਰਾਸ਼ਟਰਪਤੀ ਆਰਿਫ਼ ਅਲਵੀ ਨੇ ਇਮਰਾਨ ਖਾਨ ਦੀ ਸਲਾਹ ਉੱਤੇ ਨੈਸ਼ਨਲ ਅਸੈਂਬਲੀ ਭੰਗ ਕਰਨ ਦੇ ਕੁਝ ਘੰਟੇ ਬਾਅਦ ਇਮਰਾਨ ਖਾਨ ਨੇ ਕੈਬਨਿਟ ਭੰਗ ਕਰ ਦਿੱਤੀ ਸੀ। ਇਸ ਤੋਂ ਪਹਿਲਾਂ ਦੇਸ਼ ਦੀ ਨੈਸ਼ਨਲ ਅਸੈਂਬਲੀ ਦੇ ਡਿਪਟੀ ਸਪੀਕਰ ਕਾਸਿਮ ਸੂਰੀ ਨੇ ਇਮਰਾਨ ਖਾਨ ਸਰਕਾਰ ਵਿਰੁੱਧ ਬੇਭਰੋਗੀ ਮਤਾ ਰੱਦ ਕਰ ਦਿੱਤਾ ਸੀ। ਅੱਜ ਸ਼ਾਮ ਕੈਬਨਿਟ ਡਿਵੀਜ਼ਨ ਨੇ 52 ਮੈਂਬਰੀ ਫੈਡਰਲ ਮੰਤਰੀ ਕੈਬਨਿਟ ਭੰਗ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਕੈਬਨਿਟ ਡਿਜ਼ੀਵਨ ਨੇ ਇਹ ਨੋਟੀਫਿਕੇਸ਼ਨ ਫੈਡਰਲ ਮੰਤਰੀਆਂ ਤੇ ਰਾਜ ਮੰਤਰੀਆਂ ਬਾਰੇ ਵੀ ਜਾਰੀ ਕੀਤਾ ਹੈ ਅਤੇ ਪ੍ਰਧਾਨ ਮੰਤਰੀ ਦੇ ਚਾਰ ਸਲਾਹਕਾਰਅਤੇ 19 ਵਿਸ਼ੇਸ਼ ਸਹਾਇਕ ਵੀ ਕੱਢ ਦਿੱਤੇ ਹਨ।

ਇਸ ਕਾਰਵਾਈ ਤੋਂ ਪਹਿਲਾਂ ਅੱਜ ਪਾਕਿਸਤਾਨ ਅਸੈਂਬਲੀ ਦੇ ਡਿਪਟੀ ਸਪੀਕਰ ਨੇ ਪ੍ਰਧਾਨ ਮੰਤਰੀ ਇਮਰਾਨ ਖ਼ਾਨਦੇ ਖਿਲਾਫਵਿਰੋਧੀ ਧਿਰ ਦਾ ਬੇਭਰੋਸਗੀ ਮਤਾ ਰੱਦ ਕਰ ਕੇ ਇਸ ਨੂੰ ਦੇਸ਼ ਦੇ ਦੇ ਸੰਵਿਧਾਨ ਤੇ ਨਿਯਮਾਂ ਖਿਲਾਫ ਕਰਾਰ ਦੇਦਿੱਤਾ ਸੀ। ਪ੍ਰਧਾਨ ਮੰਤਰੀ ਇਮਰਾਨ ਖਾਨ ਦੇ ਖ਼ਿਲਾਫ਼ ਲਿਆਂਦੇ ਬੇਭਰੋਸਗੀ ਮਤੇ ਉੱਤੇ ਅੱਜ ਵੋਟਿੰਗ ਹੋਣ ਤੋਂ ਪਹਿਲਾਂ ਸਪੀਕਰ ਨੇ ਵਿਦੇਸ਼ੀ ਸਾਜ਼ਿਸ਼ ਦਾ ਦੋਸ਼ ਲਾ ਕੇ ਬੇਭਰੋਸਗੀ ਮਤਾ ਰੱਦ ਕਰ ਕੇ ਪਾਰਲੀਮੈਂਟ ਦੀ ਕਾਰਵਾਈ ਮੁਲਤਵੀ ਕਰ ਦਿੱਤੀ, ਜਿਸ ਪਿੱਛੋਂ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਨੇ ਰਾਸ਼ਟਰਪਤੀ ਨੂੰ ਅਸੈਂਬਲੀ ਭੰਗ ਕਰਨ ਦੀ ਸਿਫਾਰਸ਼ ਕਰ ਦਿੱਤੀ।ਇਸ ਪਿੱਛੋਂ ਕੌਮ ਦੇ ਨਾਮ ਸੰਦੇਸ਼ ਵਿੱਚ ਇਮਰਾਨ ਖਾਨ ਨੇ ਕਿਹਾ ਕਿ ਉਹ ਜਨਤਾ ਨੂੰ ਮੁਬਾਰਕਬਾਦ ਦਿੰਦੇ ਹਨ ਕਿ ਦੇਸ਼ ਦੇ ਖਿਲਾਫਇੱਕ ਸਾਜ਼ਿਸ਼ ਨਾਕਾਮ ਹੋ ਗਈ ਹੈ।

## ਡੇਰੇ ਦੀ 45 ਮੈਂਬਰੀ ਪੰਜਾਬ ਕਮੇਟੀ ਡੇਰੇ ਦਾ ਨਾਂ ਵਰਤਣ ਵਾਲਿਆਂ ਦੇ ਵਿਰੁੱਧ ਭੜਕੀ

ਬਠਿੰਡਾ, 3 ਅਪਰੈਲ, (ਪੋਸਟ ਬਿਊਰੋ)-ਡੇਰਾ ਸੱਚਾ ਸੌਦਾ ਸਿਰਸਾ ਦੀ ਪੰਜਾਬ ਬਾਰੇ ਕਮੇਟੀ ਦੇ 45 ਮੈਂਬਰਾਂ ਨੇ ਕਿਹਾ ਹੈ ਕਿ ਅੱਜਕੱਲ੍ਹ ਕੁਝ ਸ਼ਰਾਰਤੀ ਅਨਸਰ ਏਨੇ ਗਿਰ ਚੁੱਕੇ ਹਨ ਕਿ ਉਹ ਆਪਣੇ ਆਪ ਨੂੰ ਡੇਰਾ ਪ੍ਰੇਮੀ ਦੱਸ ਕੇ ਇਸ ਵੇਲੇ ਦੇ ਵਿਧਾਇਕਾਂ ਨੂੰ ਡੇਰਾ ਸੱਚਾ ਸੌਦਾ ਸਿਰਸਾ ਦਾ ਨਾਂ ਵਰਤ ਕੇ ਮੈਮੋਰੰਡਮ ਦੇ ਰਹੇ ਹਨ।

ਇਸ ਸੰਬੰਧ ਵਿੱਚ ਡੇਰਾ ਸੱਚਾ ਸੌਦਾ ਦੇ ਪੰਜਾਬ ਦੀ ਕਮੇਟੀ ਦੇ 45 ਮੈਂਬਰ ਜਸਵੀਰ ਸਿੰਘ ਇੰਸਾਂ ਅਤੇ ਸੰਦੀਪ ਇੰਸਾਂ ਨੇ ਸਪੱਸ਼ਟੀਕਰਨ ਦਿੰਦਿਆਂ ਕਿਹਾ ਕਿ ਰਾਏਕੋਟ ਵਿੱਚ ਕੁਝ ਸ਼ਰਾਰਤੀ ਲੋਕਾਂ ਨੇ ਆਪਣੇ ਆਪ ਨੂੰ ਡੇਰਾ ਪ੍ਰੇਮੀ ਦੱਸ ਕੇ ਮੌਜੂਦਾ ਵਿਧਾਇਕ ਨੂੰ ਮੈਮੋਰੰਡਮ ਦਿਤਾ ਤੇ ਪੁਰਾਣੇ ਮੁੱਦੇ ਉਠਾਏ ਹਨ, ਤਾਂ ਜੋ ਲੋਕਾਂ ਦੀ ਭਾਈਚਾਰਕ ਸਾਂਝ ਖਤਮ ਹੋ ਸਕੇ ਤੇ ਹਾਲਾਤ ਖਰਾਬ ਕਰਨ ਲਈ ਇਹੋ ਜਿਹੀਆਂ ਹਰਕਤਾਂ ਉਹ ਸ਼ਰਾਰਤੀ ਅਨਸਰ ਕਰਦੇ ਹਨ, ਜਿਨ੍ਹਾਂ ਦਾ ਡੇਰੇ ਨਾਲ ਕੋਈ ਵਾਸਤਾ ਨਹੀਂ ਹੈ।ਉਨ੍ਹਾਂ ਕਿਹਾ ਕਿ ਡੇਰੇ ਵੱਲੋਂ ਕਿਸੇ ਨੂੰ ਮੈਮੋਰੰਡਮ ਨਹੀਂ ਦਿੱਤਾ ਗਿਆ ਅਤੇ ਜੇ ਕਿਸੇ ਵਿਧਾਇਕ ਨੂੰ ਕੋਈ ਮੈਮੋਰੰਡਮ ਦੇਣਾ ਪੈਂਦਾ ਤਾਂ ਸਟੇਟ ਦੇ 45 ਮੈਂਬਰ, ਬਲਾਕ ਲੈਵਲ ਦੀਆਂ ਕਮੇਟੀਆਂ, ਜਿਲਾ ਕਮੇਟੀਆਂ ਵੱਡੇ ਇਕੱਠ ਦੇ ਰੂਪ ਵਿੱਚਜਾਂਦੀਆਂ, ਜਾਂ ਜਿਸ ਤਰ੍ਹਾਂ ਬੀਤੇ ਦਿਨੀਂ ਡੇਰੇ ਦੀ ਵਕੀਲਾਂ ਨੇ ਇੱਕ ਪ੍ਰੈੱਸ ਕਾਨਫਰੰਸ ਕਰਕੇ ਮੀਡੀਆ ਰਾਹੀਂ ਲੱਗਦੇ ਬੇਅਦਬੀ ਦੇ ਝੂਠੇ ਦੋਸ਼ਾਂ ਨੂੰ ਮੁੜ ਜਾਂਚ ਕਰਨ ਲਈ ਸਰਕਾਰ ਨੂੰ ਕਿਹਾ ਹੈ। ਉਨ੍ਹਾਂ ਕਿਹਾ ਕਿ ਅਗਲੇ ਦਿਨਾਂ ਵਿੱਚਜ਼ਿਲ੍ਹਾ ਲੁਧਿਆਣਾ ਦੇ ਸਾਰੇ ਵਿਧਾਇਕਾਂ ਨੂੰ ਮਿਲ ਕੇ ਇਸ ਤੋਂ ਸੁਚੇਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਰਾਰਤੀ ਅਨਸਰਾਂ ਨੇ ਕੁਝ ਮੁਦੇ ਐਸੇ ਲਿਖੇ ਹਨ, ਜਿਨ੍ਹਾਂ ਤੋਂ ਡੇਰਾ ਮੁਖੀ ਬਰੀ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਸਰਕਾਰ ਸਮੇਤ ਸਾਰੇ ਵਿਧਾਇਕਾਂ ਨੂੰ ਬੇਨਤੀ ਕਰਦੇ ਹਾਂ ਕਿ ਏਦਾਂ ਦਾ ਕੋਈ ਮੈਮੋਰੰਡਮ ਪ੍ਰਵਾਨ ਨਾ ਕਰਨ, ਸਗੋਂ ਸਰਕਾਰ ਦੇ ਜ਼ਿੰਮੇਵਾਰ ਅਧਿਕਾਰੀਆਂ ਨੂੰ ਇਸ ਬਾਰੇ ਇਤਲਾਹ ਕੀਤੀ ਜਾਵੇ, ਤਾਂ ਜੋ ਲੋਕਾਂ ਦਾ ਆਪਸੀ ਭਾਈਚਾਰਾ ਮਜ਼ਬੂਤ ਬਣਿਆ ਰਹੇ।

ਵਰਨਣ ਯੋਗ ਹੈ ਕਿ ਪਿਛਲੇ ਦਿਨੀਂ ਰਾਏਕੋਟ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਹਾਕਮ ਸਿੰਘ ਠੇਕੇਦਾਰ ਨੂੰ ਕੁਝ ਲੋਕਾਂ ਨੇ ਮੰਗ-ਪੱਤਰ ਦਿੱਤਾ ਸੀ, ਜਿਸ ਵਿੱਚ ਉਨ੍ਹਾਂ ਕਿਹਾ ਸੀ ਕਿ ਉਹ ਡੇਰੇ ਦੇ ਸ਼ਰਧਾਲੂ ਹਨ।

## ਕਬੱਡੀ ਮੇਲੇ ਦੌਰਾਨ ਗੈਂਗਸਟਰ ਪਿੰਟਾ ਨੂੰ ਗੋਲੀਆਂ ਮਾਰ ਕੇ ਮਾਰ ਦਿੱਤਾ ਗਿਆ

ਮੋਗਾ, 3 ਅਪ੍ਰੈਲ (ਪੋਸਟ ਬਿਊਰੋ)- ਇੱਥੇ ਥਾਣਾ ਬਾਘਾਪੁਰਾਣਾ ਦੇ ਪਿੰਡ ਮਾੜੀ ਮੁਸਤਫਾ ਵਿੱਚ ਕਬੱਡੀ ਖੇਡ ਮੇਲੇ ਦੌਰਾਨ ਗੈਂਗਸਟਰ ਤੋਂ ਸਮਾਜ ਸੇਵੀ ਬਣੇ ਨੌਜਵਾਨ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਹੈ। ਇਸ ਘਟਨਾ ਵਿੱਚ ਇੱਕ ਹੋਰ ਨੌਜਵਾਨ ਗੋਲੀ ਲੱਗਣ ਨਾਲ ਜ਼ਖਮੀ ਹੋ ਗਿਆ, ਜਿਸ ਨੂੰ ਬਾਘਾਪੁਰਾਣਾ ਹਸਪਤਾਲ ਦਾਖਲ ਕਰਾਇਆ ਤਾਂ ਡਾਕਟਰਾਂ ਨੇ ਉਸ ਨੂੰ ਫਰੀਦਕੋਟ ਰੈਫਰ ਕਰ ਦਿੱਤਾ। ਮ੍ਰਿਤਕ ਦੀ ਪਛਾਣ ਹਰਜੀਤ ਸਿੰਘ ਉਰਫ ਪਿੰਟਾ ਵਜੋਂ ਹੋਈ ਹੈ।

ਪਤਾ ਲੱਗਾ ਹੈ ਕਿ ਹਰਜੀਤ ਸਿੰਘ ਉਰਫ ਪਿੰਟਾ ਅਤੇ ਜ਼ਖਮੀ ਨੌਜਵਾਨ ਗੁਰਪ੍ਰੀਤ ਸਿੰਘ ਖੇਡ ਮੇਲੇ ਵਿੱਚੋਂ ਮੋਟਰ ਸਾਈਕਲ ਉਤੇ ਘਰ ਜਾ ਰਹੇ ਸਨ। ਇਸ ਦੌਰਾਨ ਪਿੰਡ ਦੀ ਅਨਾਜ ਮੰਡੀ ਕੋਲ ਇੱਕ ਮੋਟਰ ਸਾਈਕਲ ਉੱਤੇ ਸਵਾਰ ਚਾਰ ਹਮਲਾਵਰਾਂ ਵੱਲੋਂ ਚਲਾਈ ਗੋਲੀ ਨਾਲ ਪਿੰਟੇ ਦੀ ਮੌਕੇ ਉੱਤੇ ਮੌਤ ਹੋ ਗਈ ਤੇ ਗੁਰਪ੍ਰੀਤ ਸਿੰਘ ਦੀ ਲੱਤ ਵਿੱਚ ਗੋਲੀ ਲੱਗੀ।ਪੁਲਸ ਮੁਤਾਬਕ ਮ੍ਰਿਤਕ ਨੌਜਵਾਨ ਦਾ ਪਿਛੋਕੜ ਬੰਬੀਹਾ ਗਰੁੱਪ ਨਾਲ ਰਿਹਾ ਹੈ। ਉਸ ਦੇ ਖਿਲਾਫ ਥਾਣਾ ਬਾਘਾਪੁਰਾਣਾ, ਨਿਹਾਲ ਸਿੰਘ ਵਾਲਾ, ਸਿਟੀ ਫਰੀਦਕੋਟ, ਜੈਤੋ, ਬੱਧਨੀ ਕਲਾਂ ਥਾਣਿਆਂ ਵਿੱਚ ਕਤਲ ਤੇ ਹੋਰ ਸੰਗੀਨ ਜੁਰਮਾਂ ਦੇ 10 ਕੇਸ ਦਰਜ ਸਨ ਅਤੇ ਬਹੁਤੇ ਕੇਸਾਂ ਵਿੱਚੋਂ ਬਰੀ ਹੋ ਕੇ ਆਮ ਜ਼ਿੰਦਗੀ ਬਤੀਤ ਕਰਦੇ ਹੋਏ ਪਿੰਡ ਵਿੱਚ ਸਮਾਜ ਸੇਵੀ ਵਜੋਂ ਕੰਮ ਕਰਦਾ ਸੀ। ਜ਼ਖਮੀ ਨੌਜਵਾਨ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਹਰਜੀਤ ਪਿੰਟਾ ਨੂੰ ਘਰ ਛੱਡਣ ਜਾ ਰਿਹਾ ਸੀ।

## ਸੰਜੇ ਸਿੰਘ-ਮਜੀਠੀਆ ਮਾਣਹਾਨੀ ਕੇਸ ਦੀ ਸੁਣਵਾਈ 18 ਨੂੰ

ਲੁਧਿਆਣਾ, 3 ਅਪ੍ਰੈਲ (ਪੋਸਟ ਬਿਊਰੋ)- ਸੰਜੇ ਸਿੰਘ-ਮਜੀਠੀਆ ਮਾਣਹਾਨੀ ਕੇਸ ਦੀ ਅਗਲੀ ਸੁਣਵਾਈ 18 ਅਪ੍ਰੈਲ ਨੂੰ ਕਰਨੀ ਮਿਥੀ ਗਈ ਹੈ। ਇਹ ਕੇਸ ਕਰੀਬ ਪੰਜ ਸਾਲ ਪੁਰਾਣਾ ਚੱਲ ਰਿਹਾ ਹੈ। ਮਿਲੀ ਜਾਣਕਾਰੀ ਅਨੁਸਾਰ 2017 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਵਿਧਾਇਕ ਸੰਜੇ ਸਿੰਘ ਨੇਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਉਤੇ ਨਸ਼ਾ ਤਸਕਰੀ ਦੇ ਗੰਭੀਰ ਦੋਸ਼ ਲਾਏ ਸਨ, ਜਿਸ ਬਾਰੇ ਮਜੀਠੀਆ ਨੇ ਅਦਾਲਤ ਵਿੱਚ ਕੇਸ ਦਾਇਰ ਕਰ ਦਿੱਤਾ ਸੀ। ਕੱਲ੍ਹ ਇਸ ਦੀ ਸੁਣਵਾਈ ਅਦਾਲਤ ਵਿੱਚ ਕੁਝ ਸਮਾਂ ਚੱਲੀ ਤੇ 18 ਅਪ੍ਰੈਲ ਤਕ ਮੁਲਤਵੀ ਕਰ ਦਿੱਤੀ ਗਈ। ਜੱਜ ਹਰਸਿਮਰਨਜੀਤ ਸਿੰਘ ਵੱਲੋਂ ਅਦਾਲਤ ਵਿੱਚ ਸੰਜੇ ਸਿੰਘ ਦੇ ਬਿਆਨ ਦਰਜ ਕੀਤੇ ਗਏ। ਬਿਆਨਾਂ ਵਿੱਚ ਸੰਜੇ ਸਿੰਘ ਨੇ ਕਿਹਾ ਕਿ ਮਜੀਠੀਆ ਨੇ ਰਾਜਸੀ ਰੰਜਿਸ਼ ਕਾਰਨ ਉਨ੍ਹਾਂ ਉੱਤੇ ਇਹ ਝੂਠਾ ਕੇਸ ਦਰਜ ਕਰਾਇਆ ਹੈ। ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਵੇਲੇ ਸੰਜੇ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਅਦਾਲਤ ਦੀ ਕਾਰਵਾਈ ਉੱਤੇ ਪੂਰਾ ਭਰੋਸਾ ਹੈ ਅਤੇ ਇਨਸਾਫ ਮਿਲੇਗਾ।

## ਅਗਲੀਆਂ ਵਿਧਾਨ ਸਭਾ ਚੋਣਾਂ ਦੇ ਪ੍ਰਚਾਰ ਲਈ ਕੇਜਰੀਵਾਲ ਅਤੇ ਮਾਨ ਗੁਜਰਾਤ ਪਹੁੰਚੇ



ਸਾਬਰਮਤੀ, 3 ਅਪਰੈਲ, (ਪੋਸਟ ਬਿਊਰੋ)-ਦਿੱਲੀ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੋ ਦਿਨਾਂ ਗੁਜਰਾਤ ਦੌਰੇ ਉੱਤੇ ਹਨ। ਇਨ੍ਹਾਂ ਦੋਵਾਂ ਆਗੂਆਂ ਦਾ ਇਹ ਦੌਰਾ ਗੁਜਰਾਤ ਵਿੱਚ ਹੋ ਰਹੀਆਂ ਅਗਲੀਆਂ ਵਿਧਾਨ ਸਭਾ ਚੋਣਾਂ ਵਾਸਤੇ ਅਗੇਤਾ ਪ੍ਰਚਾਰ ਕਰਨ ਦੇ ਲਈ ਮੁਹਿੰਮ ਦਾ ਹਿੱਸਾ ਹੈ। ਆਮ ਆਦਮੀ ਪਾਰਟੀ ਗੁਜਰਾਤ ਦੇ ਜਨਰਲ ਸੈਕਟਰੀ ਮਨੋਜ ਸੋਰਠੀਆ ਨੇ ਇਸ ਰੋਡ ਸ਼ੋਅ ਨੂੰ ਤਿਰੰਗਾ ਯਾਤਰਾ ਕਰਾਰ ਦਿੱਤਾ। ਦਿੱਲੀ ਵਿੱਚ ਅਰਵਿੰਦ ਕੇਜਰੀਵਾਲ ਦੇ ਘਰ ਦੇ ਬਾਹਰ ਭਾਜਪਾ ਨਾਲ ਸੰਬੰਧਤ ਲੋਕਾਂ ਵੱਲੋਂ ਕੀਤੀ ਗਈ ਭੰਨਤੋੜ ਤੋਂ ਬਾਅਦ ਗੁਜਰਾਤ ਆਮ ਆਦਮੀ ਪਾਰਟੀ ਦੇ ਯੂਨਿਟ ਨੇ ਸ਼ਹਿਰ ਦੇ ਪੁਲਿਸ ਕਮਿਸ਼ਨਰ ਸੰਜੇ ਸ਼੍ਰੀਵਾਸਤਵ ਨੂੰ ਦੋਵਾਂ ਨੇਤਾਵਾਂ ਦੀ ਸੁਰੱਖਿਆ ਲਈ ਵਾਧੂ ਉਪਾਅ ਕਰਨ ਲਈ ਕਿਹਾ ਹੈ।

ਗੁਜਰਾਤ ਦੌਰੇ ਲਈ ਪਹੁੰਚੇ ਕੇਜਰੀਵਾਲ ਅਤੇ ਭਗਵੰਤ ਮਾਨ ਅੱਜ ਸਾਬਰਮਤੀ ਆਸ਼ਰਮ ਵੀ ਗਏ ਅਤੇ ਚਰਖਾ ਕੱਤਿਆ।ਇਨ੍ਹਾਂ ਦੋਵਾਂ ਆਗੂਆਂ ਵੱਲੋਂ ਚਰਖਾ ਕੱਤਣ ਉੱਤੇ ਯੂਥ ਕਾਂਗਰਸ ਦੇ ਕੌਮੀ ਪ੍ਰਧਾਨ ਬੀਵੀ ਸ਼੍ਰੀਨਿਵਾਸ ਨੇ ਵਿਅੰਗ ਕਰਦਿਆਂ ਕਿਹਾ, 'ਬਾਪੂ ਗਾਂਧੀ ਪੂਰੇ ਦੇਸ਼ ਲਈ ਰਾਸ਼ਟਰ-ਪਿਤਾ ਹਨ, ਪਰ ਆਮ ਆਦਮੀ ਪਾਰਟੀ ਲਈ ਮਜਬੂਰੀ ਦਾ ਨਾਂ ਮਹਾਤਮਾ ਗਾਂਧੀ ਹੈ! ਪੰਜਾਬ ਦੇ ਸਰਕਾਰੀ ਦਫ਼ਤਰਾਂ ਤੋਂ ਬਾਪੂ ਦੀ ਤਸਵੀਰ ਗਾਇਬ ਕਰ ਕੇ ਗੁਜਰਾਤ ਵਿੱਚ ਸੂਤ ਕੱਤਣ ਤਕ ਪਹੁੰਚ ਗਏ ਹਨ। ਜਨਤਾ ਸਮਝਦੀ ਹੈ ਕਿ ਦੋਵੇਂ ਚੋਣਾਂ ਦਾ ਚਰਖਾ ਚਲਾਉਣ ਲਈ ਯਤਨ ਕਰ ਰਹੇ ਹਨ।'

ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਦੀ ਗੁਜਰਾਤ ਫੇਰੀ ਬਾਰੇ ਸੋਸ਼ਲ ਮੀਡੀਆ ਉੱਤੇ ਕਈ ਪ੍ਰਤੀਕਿਰਿਆ ਆਈਆਂ ਹਨ। ਕਈ ਲੋਕਾਂ ਨੇ ਆਮ ਆਦਮੀ ਪਾਰਟੀ ਉੱਤੇ ਬਾਹਰੀ ਹੋਣ ਦਾ ਦੋਸ਼ ਲਾ ਕੇ ਕਿਹਾ ਹੈ ਕਿ ਗੁਜਰਾਤੀ ਲੋਕ ਆਪਣੀ ਵੋਟ ਭਾਜਪਾ ਨੂੰ ਹੀ ਦੇਣਗੇ। ਪ੍ਰੀਤੇਸ਼ ਪਟੇਲ ਨਾਮ ਦੇ ਟਵਿੱਟਰ ਯੂਜ਼ਰ ਨੇ ਲਿਖਿਆ ਕਿ 'ਗੁਜਰਾਤੀ ਲੋਕ ਫਸਣ ਵਾਲੇ ਨਹੀਂ, ਕੋਈ ਮੁਫ਼ਤ ਵਿੱਚ ਨਹੀਂ ਲੈਂਦਾ ਅਤੇ ਜੇ ਉਹ ਲੈਂਦੇ ਹਨ ਤਾਂ ਉਹ ਭਾਜਪਾ ਨੂੰ ਹੀ ਵੋਟ ਦੇਣਗੇ।'

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Towing Service Car Paint Starts $799* upto 100% Deductible Paid*
Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

NEED A LAWYER ??
Red Seal NOTARY
KAUR LAW OFFICE
REAL ESTATE LAWYER
• Residential & Commercial
• Sale/Purchase of House
• Mortgage & Refinancing
• Drafting/Reviewing Agreements
• Title Transfer
• 2nd Mortgage
IMMIGRATION
Skilled Worker Category
Spousal & Family Sponsorship
• Student Permits Visa & Renewals
• PR Renewal/ Citizenship Application
FAMILY LAWYER
• Child & Spousal support
• Custody & Access
• Divorce
• Equalization
BUSINESS LAW
• Incorporation & Shareholder agreements
• Sales & Purchase of Assets & Shares
• Notarization & Affidavits
WILLS & ESTATE
• Wills
• Certificate of Estate Trustee with/without Will
• Power of attorney for Property & Personal Care
MANJEET KAUR
LL.B., (London UK)
Barrister, Solicitor & Notary Public
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Grand Upholstery Ltd
Sofa Company Originality in Every Piece
Special on Sale
● ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
● ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
● ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
● ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 williams Pkway unit #45, Brampton, ON L6S 5T4 Email: grandupholsery@gmail.com

# ਸੰਯੁਕਤ ਕਿਸਾਨ ਮੋਰਚਾ ਨੇ ਐੱਮ ਐੱਸ ਪੀ ਬਾਰੇ ਕਮੇਟੀ ਲਈ ਮੈਂਬਰ ਦਾ ਨਾਮ ਭੇਜਣ ਤੋਂ ਨਾਂਹ ਕੀਤੀ

ਚੰਡੀਗੜ੍ਹ, 3 ਅਪਰੈਲ, (ਪੋਸਟ ਬਿਊਰੋ)-ਸੰਯੁਕਤ ਕਿਸਾਨ ਮੋਰਚਾ ਨੇ ਭਾਰਤ ਦੀ ਨਰਿੰਦਰ ਮੋਦੀ ਸਰਕਾਰ ਦੀ ਐੱਮ ਐੱਸ ਪੀ(ਫਸਲਾਂ ਦਾ ਘੱਟੋ-ਘੱਟ ਖਰੀਦ ਮੁੱਲ) ਬਾਰੇ ਕਮੇਟੀ ਲਈ ਆਪਣੇ ਮੈਂਬਰ ਨਾਮਜ਼ਦ ਕਰਨ ਤੋਂ ਇਨਕਾਰ ਕਰ ਦਿੱਤਾ ਹੈ ਅਤੇ ਇਸ ਮਕਸਦ ਲਈ ਪਹਿਲਾਂ ਸਰਕਾਰ ਤੋਂ ਸਪੱਸ਼ਟੀਕਰਨ ਮੰਗਿਆ ਹੈ।

ਇਸ ਸੰਬੰਧ ਵਿੱਚ ਸੰਯੁਕਤ ਕਿਸਾਨ ਮੋਰਚਾ ਨੇ ਕਿਹਾ ਹੈ ਕਿ ਉਹ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਉੱਤੇ ਕੇਂਦਰ ਵੱਲੋਂ ਬਣਾਈ ਜਾਣ ਵਾਲੀ ਕਮੇਟੀ ਲਈ ਆਪਣੇ ਮੈਂਬਰਾਂ ਦਾ ਨਾਂਅ ਨਹੀਂ ਦੱਸੇਗਾ, ਕਿਉਂਕਿ ਕੇਂਦਰ ਨੇ ਅਜੇ ਕਮੇਟੀ ਦੀ ਬਣਤਰ ਅਤੇ ਇਸ ਦੇ ਅਧਿਕਾਰਾਂ ਬਾਰੇ ਨਹੀਂਦੱਸਿਆ। ਮੋਰਚੇ ਦਾ ਦੋਸ਼ ਹੈ ਕਿ ਸਰਕਾਰ ਇਸ ਕਮੇਟੀ ਨਾਲ ਸੰਬੰਧਤ ਸਵਾਲਾਂ ਨੂੰ ਟਾਲ ਰਹੀ ਹੈ ਤੇ ਜਦੋਂ ਤੱਕਇਨ੍ਹਾਂ ਸਵਾਲਾਂ ਦੇ ਜਵਾਬ ਨਹੀਂ ਮਿਲਦੇ, ਉਦੋਂ ਤੱਕ ਉਹ ਆਪਣੀ ਵੱਲੋਂ ਕਿਸੇ ਮੈਂਬਰ ਦਾ ਨਾਂ ਨਹੀਂ ਦੇਣਗੇ। ਇਹ ਘਟਨਾਕ੍ਰਮ ਓਦੋਂ ਵਾਪਰਿਆ, ਜਦੋਂ ਕੇਂਦਰੀ ਖੇਤੀਬਾੜੀ ਮੰਤਰੀ ਨਰਿੰਦਰ ਸਿੰਘ ਤੋਮਰ ਨੇ ਇੱਕ ਦਿਨ ਪਹਿਲਾਂ ਪਾਰਲੀਮੈਂਟ ਵਿੱਚ ਇਹ ਕਿਹਾ ਸੀ ਕਿ ਜਿਵੇਂ ਹੀ ਕਿਸਾਨ ਮੋਰਚਾ ਵੱਲੋਂ ਉਨ੍ਹਾਂ ਦੇ ਪ੍ਰਤੀਨਿਧ ਦਾ ਨਾਂਅ ਆਵੇਗਾ, ਸਰਕਾਰ ਇੱਕ ਕਮੇਟੀ ਬਣਾਉਣ ਦਾ ਸਾਰਾ ਕੰਮ ਸਿਰੇ ਲਾ ਦੇਵੇਗੀ।

ਖਬਰ ਏਜੰਸੀ ਅਨੁਸਾਰ ਸੰਯੁਕਤ ਕਿਸਾਨ ਮੋਰਚਾ ਨੇ ਕਿਹਾ ਹੈ ਕਿ ਇਸ ਮੋਰਚੇ ਦੀ ਕੋਆਰਡੀਨੇਸ਼ਨ ਕਮੇਟੀ ਦੇ ਮੈਂਬਰ ਯੁੱਧਵੀਰ ਸਿੰਘ ਨੂੰ 22 ਮਾਰਚ ਨੂੰ ਖੇਤੀਬਾੜੀ ਸੈਕਟਰੀ ਸੰਜੇ ਅਗਰਵਾਲ ਦਾ ਫੋਨ ਆਇਆ ਤਾਂ ਉਨ੍ਹਾਂ ਨੇ ਕੇਂਦਰ ਵੱਲੋਂਬਣਾਈ ਜਾਣ ਵਾਲੀ ਕਮੇਟੀ ਲਈ ਦੋ-ਤਿੰਨ ਨਾਂਅ ਮੰਗੇ ਸਨ।ਇਸ ਕਮੇਟੀ ਸਬੰਧੀ ਕਈ ਸਵਾਲਾਂ ਦੇ ਜਵਾਬ ਇਸ ਗੱਲਬਾਤ ਤੋਂ ਸਪੱਸ਼ਟ ਨਹੀਂ ਹੋਏ। ਇਸ ਪਿੱਛੋਂ ਮੋਰਚੇ ਨੇ 24 ਮਾਰਚ ਨੂੰ ਈਮੇਲ ਭੇਜ ਕੇ ਸਰਕਾਰ ਨੂੰ ਸਥਿਤੀ ਸਪੱਸ਼ਟ ਕਰਨ ਨੂੰ ਕਿਹਾ ਸੀ ਅਤੇ ਫਿਰ 30 ਮਾਰਚ ਨੂੰ ਯਾਦ ਕਰਵਾਇਆ ਸੀ, ਪਰਅੱਜ ਤੱਕ ਸਰਕਾਰ ਨੇ ਜਵਾਬ ਨਹੀਂ ਦਿੱਤਾ।ਟਾਈਮਜ਼ ਆਫ਼ ਇੰਡੀਆ ਮੁਤਾਬਕ ਕਿਸਾਨ ਮੋਰਚਾ ਨੇ ਦੱਸਿਆ ਕਿ 24 ਮਾਰਚ ਦੇ ਪੱਤਰ ਵਿੱਚ ਸਰਕਾਰ ਤੋਂ ਪੁੱਛਿਆ ਸੀ ਕਿ ਬਣਨ ਵਾਲੀ ਕਮੇਟੀ ਦੀ ਮਿਆਦ ਕੀ ਹੋਵੇਗੀ, ਕੀ ਕੰਮ ਕਰੇਗੀ, ਹੋਰ ਕੌਣ ਮੈਂਬਰ ਹਨ ਤੇ ਉਹ ਕਿਨ੍ਹਾਂ ਸੰਸਥਾਵਾਂ ਤੋਂ ਹਨ? ਇਸ ਤੋਂ ਇਲਾਵਾ ਇਹ ਵੀ ਪੁੱਛਿਆ ਸੀ ਕਿ ਕਮੇਟੀ ਦਾ ਚੇਅਰਮੈਨ ਕੌਣ ਹੋਵੇਗਾ, ਕੰਮ ਕਿੱਦਾਂ ਕਰੇਗੀ, ਇਸ ਨੂੰ ਆਪਣੀ ਰਿਪੋਰਟ ਦੇਣ ਲਈ ਕਿੰਨਾ ਸਮਾਂ ਮਿਲੇਗਾ। ਸਰਕਾਰ ਨੂੰ ਇਹ ਵੀ ਸਪੱਸ਼ਟ ਕਰਨ ਨੂੰ ਕਿਹਾ ਸੀ ਕਿ ਕੀ ਇਸ ਕਮੇਟੀ ਵੱਲੋਂਦਿੱਤੇ ਸੁਝਾਅ ਲਾਗੂ ਹੋਣਗੇ ਜਾਂ ਨਹੀਂ। ਮੋਰਚੇ ਨੇ ਕਿਹਾ ਹੈ ਕਿ ਜਦੋਂ ਤੱਕ ਸਰਕਾਰ ਵੱਲੋਂ ਇਨ੍ਹਾਂ ਸਵਾਲਾਂ ਦੇ ਜਵਾਬ ਨਹੀਂ ਮਿਲ ਜਾਂਦੇ, ਉਦੋਂ ਤੱਕ ਇਸ ਦੀ ਤਰਫੋਂ ਮੈਂਬਰਾਂ ਦੇ ਨਾਂ ਭੇਜਣ ਦੀ ਕੋਈ ਤੁਕ ਨਹੀਂ ਬਣਦੀ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| Founder Editor | Jagdish Singh Grewal |
| Managing Director | Parminder Kaur Grewal |
| Contributing Editors | Gyan Singh, |
| Office Admin | Sajandeep Singh |
| Graphic Designer | Angrez Singh |
| Photographer | Kanwaljit Singh Kanwal |
| Distributer Marketing: | Aman Warraich Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

# ਹਰਿਆਣਾ ਦੇ ਗ੍ਰਹਿ ਮੰਤਰੀ ਦਾ ਪੰਜਾਬ ਸਰਕਾਰ ਉੱਤੇ ਨਿਸ਼ਾਨਾ : ਬੱਚਾ ਪਾਰਟੀ ਨੂੰ ਮੁੱਦਿਆਂ ਦਾ ਪਤਾ ਨਹੀਂ

ਚੰਡੀਗੜ੍ਹ, 3 ਅਪਰੈਲ, (ਪੋਸਟ ਬਿਊਰੋ)-ਹਰਿਆਣਾ ਦੇ ਗ੍ਰਹਿ ਮੰਤਰੀ ਅਨਿਲ ਵਿੱਜ ਨੇ ਅੱਜ ਕਿਹਾ ਕਿ'ਪੰਜਾਬ ਵਿੱਚ ਜੋ ਸਰਕਾਰ ਨਵੀਂ ਬਣੀ ਹੈ, ਉਹ ਬੱਚਿਆਂ ਦੀ ਪਾਰਟੀ ਹੈ ਤੇ ਉਨ੍ਹਾਂ ਨੂੰ ਮੁੱਦਿਆਂ ਦੀ ਪੂਰੀ ਜਾਣਕਾਰੀ ਨਹੀਂ। ਚੰਡੀਗੜ੍ਹ ਦਾ ਮਸਲਾ ਹੈ, ਪਰ ਇਕੱਲਾ ਨਹੀਂ, ਉਸ ਨਾਲ ਸਤਲੁਜ ਯਮਨਾ ਲਿੰਕ (ਐੱਸਵਾਈਐੱਲ)ਨਹਿਰ ਦੇ ਪਾਣੀਆਂ ਦਾ ਮਸਲਾ ਵੀ ਜੁੜਿਆ ਹੈ, ਹਿੰਦੀ ਬੋਲਦੇ ਇਲਾਕਿਆ ਦਾ ਵੀ ਹੈ ਤਾਂ ਇਨ੍ਹਾਂ ਸਾਰਿਆਂ ਦਾ ਫੈਸਲਾ ਹੋਵੇਗਾ, ਇੱਕ ਦਾ ਨਹੀਂ।'

ਪੰਜਾਬ ਦੀ ਭਗਵੰਤ ਮਾਨ ਸਰਕਾਰ ਉੱਤੇ ਨਿਸ਼ਾਨਾ ਸਾਧਦੇ ਹੋਏ ਅੱਜ ਹਰਿਆਣਾ ਦੇ ਗ੍ਰਹਿ ਮੰਤਰੀ ਅਨਿਲ ਵਿੱਜ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਦੁੱਧ ਦੇ ਦੰਦ ਅਜੇ ਟੁੱਟੇ ਨਹੀਂ, ਇਸ ਪਾਰਟੀ ਦਾ ਜਨਮ ਧੋਖੇ ਵਿੱਚੋਂ ਹੋਇਆ ਸੀਅਤੇ ਅੰਨਾ ਹਜ਼ਾਰੇ ਦੇ ਅੰਦੋਲਨ ਵਿੱਚ ਕਿਤੇ ਵੀ ਇਹ ਏਜੰਡਾ ਨਹੀਂ ਸੀ ਕਿ ਇੱਕ ਸਿਆਸੀ ਪਾਰਟੀ ਬਣਾਈ ਜਾਵੇਗੀ। ਅਨਿਲ ਵਿੱਜ ਨੇ ਇਹ ਬਿਆਨ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਵਿੱਚ ਚੰਡੀਗੜ੍ਹ ਨੂੰ ਪੰਜਾਬ ਨੂੰ ਸੌਂਪਣ ਦਾ ਮਤਾ ਪਾਸ ਕਰਨਪਿੱਛੋਂਦਿੱਤਾ ਹੈ। ਇਸ ਤੋਂ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਸੀ ਕਿ ਚੰਡੀਗੜ੍ਹ ਨੂੰ ਪੰਜਾਬ ਵਿੱਚ ਤਬਦੀਲ ਕਰਨ ਦਾ ਮਤਾ ਸਰਬਸੰਮਤੀ ਨਾਲ ਪਾਸ ਹੋਇਆ ਹੈ ਤੇ ਪੰਜਾਬ ਦੇ ਮਸਲਿਆਂ ਤੇ ਹੱਕਾਂ ਲਈ ਕੇਂਦਰ ਸਰਕਾਰ ਨਾਲ ਸੰਪਰਕ ਕਰਕੇ ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਤੋਂ ਸਮਾਂ ਮੰਗਾਂਗੇ ਤੇ ਪੰਜਾਬ ਦੇ ਹੱਕਾਂ ਲਈ ਜਿੱਥੇ ਵੀ ਜੋ ਕੁਝ ਕਰਨ ਦੀ ਲੋੜ ਪਈ,ਕਰਾਂਗੇ। ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟੜ ਨੇਪੰਜਾਬ ਸਰਕਾਰ ਵੱਲੋਂ ਚੰਡੀਗੜ੍ਹ ਬਾਰੇ ਮਤਾ ਪਾਸ ਕਰਨ ਉੱਤੇ ਕਿਹਾ ਸੀ ਕਿ ਇੱਸ ਇੱਕਪਾਸੜ ਮਤੇ ਦਾ ਕੋਈ ਮਤਲਬ ਨਹੀਂ, ਮੁਲਾਜ਼ਮਾਂ ਦੀ ਮੰਗ ਅਤੇ ਹਿੱਤ ਵੇਖ ਕੇ ਕੇਂਦਰ ਸਰਕਾਰ ਨੇ ਇਹ ਫੈਸਲਾ ਲਿਆ ਹੈ ਤੇ ਚੰਡੀਗੜ੍ਹ ਹਰਿਆਣਾ ਅਤੇ ਪੰਜਾਬ ਦੀ ਰਾਜਧਾਨੀ ਹੈ ਅਤੇ ਅੱਗੇ ਵੀ ਰਹੇਗੀ।

ਜ਼ਰੂਰ ਜਾਣੋ; ਗਿਆਨ ਗੰਗਾ

|| ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ||




- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?

ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM

Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM
TV-nri 7:30am- 8:30am,TV-nri 8:30pm- 9:30pm


ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com
satsahibusa@gmail.com
647-739-4641
346-714-0224

ਜਰੂਰੀ ਬੇਨਤੀ

ਪਿੰਡ ਸੂਸਾਂ ਜਿਲ੍ਹਾ ਹੁਸ਼ਿਆਰਪੁਰ ਅਤੇ ਸਮੂਹ ਇਲਾਕਾ ਦੀਆਂ ਸਾਧ ਸੰਗਤਾਂ ਵਲੋਂ

ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ

ਭਾਰੀ ਸਮਾਗਮ




ਗੁਰੂ ਪਿਆਰੀ ਸਾਧ ਸੰਗਤ ਜੀ ਪਿੰਡ ਸੂਸਾਂ ਜਿਲ੍ਹਾ ਹੁਸ਼ਿਆਰਪੁਰ ਅਤੇ ਸਮੂਹ ਇਲਾਕਾ ਨਿਵਾਸੀ ਸਾਧ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਡਿਕਸੀ ਰੋਡ ਗੁਰਦੁਆਰਾ ਸਾਹਿਬ ਵਿਖੇ 13 ਮਈ ਦਿਨ ਸ਼ੁੱਕਰਵਾਰ ਨੂੰ ਅਖੰਡ ਪਾਠ ਸਾਹਿਬ ਸਵੇਰੇ 10 ਵਜੇ ਆਰੰਭ ਹੋਣ ਜਾ ਰਹੇ ਹਨ। ਇਨ੍ਹਾਂ ਦੇ ਭੋਗ 15 ਮਈ ਦਿਨ ਐਤਵਾਰ ਨੂੰ ਸਵੇਰੇ 10 ਵਜੇ ਪੈਣਗੇ। ਇਸ ਉਪਰੰਤ ਕੀਰਤਨੀ ਜੱਥੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਦਵਾਰਾ ਨਿਹਾਲ ਕਰਣਗੇ। ਬੇਨਤੀ ਹੈ ਕਿ ਇਸ ਸਮੇਂ ਹੁੰਮ ਹੁੰਮਾ ਕੇ ਦਰਸ਼ਨ ਦਿਓ ਜੀ। ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਧਰਮਿੰਦਰ ਸਿੰਘ ਸੂਸਾਂ: 416-879-6824 ,ਪਰਮਜੀਤ ਸਿੰਘ ਸੂਚ: 416-873-7508
ਸਰਬਜੀਤ ਸਿੰਘ ਸੂਚ: 416-357-7667, ਗੁਰਮੇਲ ਸਿੰਘ ਸੂਚ : 905-814-0756

# ਪੰਜਾਬ ਦੀ ਨਵੀਂ ਸਰਕਾਰ ਇਹ ਸਮਝ ਕੇ ਚੱਲੇ ਕਿ ਯੇ ਜੋ ਪਬਲਿਕ ਹੈ, ਸਬ ਜਾਨਤੀ ਹੈ



ਜਤਿੰਦਰ ਪੰਨੂ



ਇੱਕ ਪੁਰਾਣੀ ਯਾਦ ਦੱਸਣ ਲੱਗਾ ਹਾਂ, ਜਿਸ ਦਾ ਸੰਬੰਧ ਇਸ ਚਰਚਾ ਦੇ ਨਾਲ ਹੈ ਕਿ ਪੰਜਾਬ ਦੀ ਨਵੀਂ ਸਰਕਾਰ ਬਣਨ ਨਾਲ ਸਰਕਾਰੀ ਮਹਿਕਮਿਆਂ ਦੇ ਹਾਲਾਤ ਬਦਲ ਗਏ ਹਨ। ਹਾਲਾਤ ਕਿੰਨੇ ਕੁ ਬਦਲੇ ਤੇ ਬਦਲੇ ਵੀ ਹਨ ਕਿ ਬਦਲੇ ਤੋਂ ਬਿਨਾਂ ਹੀ ਕੁਝ ਲੋਕ ਬਦਲ ਗਏ ਕਹੀ ਜਾਂਦੇ ਹਨ ਅਤੇ ਜੇ ਬਦਲ ਗਏ ਤਾਂ ਕਿਉਂ ਬਦਲੇ, ਉਸ ਪੁਰਾਣੀ ਯਾਦ ਤੋਂ ਗੱਲ ਸਮਝਣੀ ਕੁਝ ਸੌਖੀ ਹੋ ਸਕਦੀ ਹੈ ਅਤੇ ਇਹ ਵੀ ਪਤਾ ਲੱਗ ਸਕਦਾ ਹੈ ਕਿ ਕਸੂਰ ਕਿਸ ਦਾ ਹੈ।

ਮੰਤਰੀ ਮਾਝੇ ਦਾ ਸੀ ਅਤੇ ਬੋਲੀ ਬਹੁਤ ਭੈੜੀ ਬੋਲਦਾ ਹੁੰਦਾ ਸੀ। ਏਦਾਂ ਦੀ ਇੱਕ ਹਰਕਤਕਾਰਨਸਾਨੂੰ ਇੱਕ ਲੇਖ ਵਿੱਚ ਉਸ ਦੀ ਨਿੰਦਾ ਕਰਨੀ ਪਈ। ਜਦੋਂ ਅਗਲੇ ਦਿਨੀਂ ਕਿਸੇ ਸਮਾਜੀ ਸਮਾਗਮ ਵਿੱਚ ਅਚਾਨਕ ਮਿਲੇ ਤਾਂ ਉਸ ਨੇ ਝੱਟ ਕਿਹਾ: 'ਤੂੰ ਮੇਰੇ ਬਾਰੇ ਉਹ ਕਿਉਂ ਲਿਖਿਆ ਸੀ? ਤੈਨੂੰ ਇਹ ਨਹੀਂ ਪਤਾ ਕਿ ਮੈਂ ਕੀ ਹਾਂ?' ਮੈਂ ਹੱਸਦੇ ਹੋਏ ਆਖਿਆ ਕਿ 'ਤੁਸੀਂ ਕੌਣ ਹੈਂ, ਮੈਂ ਜਾਣਦਾ ਹਾਂ ਤੇ ਮੈਂ ਕੌਣ ਹਾਂ, ਇਹ ਤੁਸੀਂ ਜਾਣਦੇ ਨਹੀਂ।' ਉਹ ਕਹਿਣ ਲੱਗਾ: 'ਕੀ ਹੈਂ ਤੂੰ, ਅਖਬਾਰ ਦਾ ਪੱਤਰਕਾਰ ਬਣ ਗਿਆ ਤਾਂ ਖੁਦਾ ਨਹੀਂ ਬਣ ਗਿਆ, ਮੈਂ ਮੰਤਰੀ ਹਾਂ।' ਮੈਂ ਫਿਰ ਹਾਸੇ ਵਿੱਚ ਕਿਹਾ: 'ਨਹੀਂ, ਤੁਸੀਂ ਕੱਚੇ ਥੜ੍ਹੇ ਉੱਤੇ ਖੜੇ ਹੋ, ਮੈਂ ਪੱਕੀ ਬੁਰਜੀ ਉੱਤੇ ਖੜਾ ਹਾਂ। ਅਗਲੀ ਚੋਣ ਵਿੱਚ ਹਾਰ ਗਏ ਤਾਂ ਤੁਹਾਡਾ ਥੜ੍ਹਾ ਢਹਿ ਜਾਵੇਗਾ ਤੇ ਤੁਹਾਨੂੰ ਕਿਸੇ ਨੇ ਪੁੱਛਣਾ ਨਹੀਂ, ਮੈਂ ਓਦੋਂ ਵੀ ਪੱਤਰਕਾਰ ਹੋਵਾਂਗਾ, ਇਸ ਤੋਂ ਅੱਗੇ ਜਾਣ ਦੀ ਮੇਰੀ ਕੋਈ ਇੱਛਾ ਨਹੀਂ ਅਤੇ ਏਨੀ ਕੁ ਥਾਂ ਮੇਰੇ ਜੋਗੀ ਮੀਡੀਏ ਦੀ ਕਿਸੇ ਨਾ ਕਿਸੇ ਨੁੱਕਰ ਵਿੱਚ ਬਣੀ ਰਹੇਗੀ।' ਅਗਲੀ ਚੋਣ ਵਿੱਚ ਉਹ ਹਾਰ ਗਿਆ ਤੇ ਫਿਰ ਇੱਕ ਦਿਨ ਸਾਡੇ ਦਫਤਰ ਆ ਗਿਆ। ਮੈਂ ਉੱਠ ਕੇ ਹੱਥ ਮਿਲ-ਾਇਆ ਤੇ ਨਾਲ ਉਚੇਚਾ ਕਿਹਾ: 'ਸਾਬਕਾ ਮੰਤਰੀ ਜੀ, ਤੁਹਾਨੂੰ ਜੀ ਆਇਆਂ'। ਉਹ 'ਸਾਬਕਾ' ਦੀ ਛੇੜ ਸੁਣਕੇ ਚੁੱਪ ਰਿਹਾ ਅਤੇ ਇਹ ਦੱਸਣ ਲੱਗ ਪਿਆ ਕਿ ਨਵੀਂ ਸਰਕਾਰ ਨੇ ਉਸ ਉੱਤੇ ਕੇਸ ਬਣਾ ਦਿੱਤਾ ਹੈ, ਉਹ ਆਪਣਾ ਪੱਖ ਰੱਖਣਾ ਚਾਹੁੰਦਾ ਹੈ। ਮੈਂ ਕਿਹਾ ਕਿ ਇਹ ਕੰਮ ਤਾਂ ਕਿਸੇ ਪੱਤਰਕਾਰ ਨੂੰ ਪ੍ਰੈੱਸ ਨੋਟ ਦੇ ਕੇ ਕਰਵਾ ਲੈਣਾ ਸੀ। ਉਸ ਨੇ ਹੌਲੀ ਜਿਹੀ ਆਖਿਆ, 'ਮੈਂ ਤਾਂ ਇੱਕ ਪ੍ਰੈੱਸ ਕਾਨਫਰੰਸ ਕਰ ਲਈ, ਮੇਰੀ ਕਿਸੇ ਨੇ ਖਬਰ ਨਹੀਂ ਲਾਈ।' ਮੈਂ ਹੱਸ ਕੇ ਕਿਹਾ: 'ਉਨ੍ਹਾਂ ਨੂੰ ਪਤਾ ਲੱਗ ਗਿਆ ਹੋਣਾ ਕਿ ਤੁਸੀਂ ਅੱਜਕੱਲ੍ਹ ਸਾਬਕਾ ਹੋ ਗਏ ਹੋ, ਪਰ ਤੁਹਾਡੀ ਥਾਂ ਨਵੇਂ ਮੰਤਰੀਆਂ ਨੂੰ ਇਹ ਕੌਣ ਦੱਸੇਗਾ ਕਿ ਭਲਕ ਨੂੰ ਉਨ੍ਹਾਂ ਨਾਲ ਵੀ ਇਹੋ ਹੋਣਾ ਹੈ?'

ਜਿਹੜੀ ਗੱਲ ਅਸੀਂ ਏਥੇ ਲਿਖੀ ਹੈ, ਇਸ ਦਾ ਆਧਾਰ ਇਹ ਖਬਰ ਹੈ ਕਿ ਭਾਰਤ ਦੇ ਚੀਫ ਜਸਟਿਸ ਨੇ ਭਾਰਤ ਦੀ ਸਭ ਤੋਂ ਵੱਡੀ ਜਾਂਚ ਏਜੰਸੀ ਸੀ ਬੀ ਆਈ ਅਫਸਰਾਂ ਨੂੰ ਚੋਭ ਲਾਈ ਹੈ। ਜਸਟਿਸ ਰਾਮੰਨਾ ਨੇ ਕਿਹਾ ਹੈ ਕਿ ਸਰਕਾਰਾਂਤਾਂ ਆਉਂਦੀਆਂ-ਜਾਂਦੀਆਂ ਰਹਿੰਦੀਆਂ ਹੋਣ ਕਾਰਨ ਵਕਤੀ ਹੁੰਦੀਆਂ ਹਨ, ਤੁਸੀਂ ਸਥਾਈ ਨੌਕਰੀ ਵਾਲੇ ਹੋ, ਸਰਕਾਰ ਬਦਲਣ ਨਾਲ ਬਦਲ ਨਾ ਜਾਇਆ ਕਰੋ, ਨਿਯਮ-ਕਾਨੂੰਨ ਮੁਤਾਬਕ ਚੱਲਿਆ ਕਰੋ। ਇਹ ਗੱਲ ਵੱਡਾ ਸੱਚ ਹੈ ਕਿ ਸਰਕਾਰ ਬਦਲਣ ਨਾਲ ਭਾਰਤ ਦੀਆਂ ਕੇਂਦਰੀ ਏਜੰਸੀਆਂ ਵਾਲੇ ਵੀ ਅਤੇ ਰਾਜ ਦੀਆਂ ਏਜੰਸੀਆਂ ਦੇ ਅਫਸਰ ਵੀ ਨਵੇਂ ਹਾਕਮ ਦੇ ਮੂੰਹ ਵੱਲ ਝਾਕਣ ਲੱਗਦੇ ਹਨ ਤੇ ਨਿਯਮਾਂ ਨੂੰ ਨਵੇਂ ਹਾਕਮਾਂ ਖਾਤਰ ਉਲੰਘਣ ਲਈ ਤਿਆਰ ਹੋ ਜਾਂਦੇ ਹਨ। ਉਨ੍ਹਾਂ ਨੂੰ ਸਮਝ ਹੁੰਦੀ ਹੈ ਕਿ ਨੌਕਰੀ ਜਾਂ ਅਫਸਰੀ ਦੇਸ਼ ਦੇ ਸੰਵਿਧਾਨ ਮੁਤਾਬਕ ਕਰਨੀ ਚਾਹੀਦੀ ਹੈ, ਪਰ ਸਿਆਸੀ ਆਗੂਆਂ ਨੇ ਏਦਾਂ ਦੀ ਦਹਿਸ਼ਤ ਪਾ ਰੱਖੀ ਹੈ ਕਿ ਜਿਸ ਕਿਸੇ ਨੇ ਮੌਕੇ ਦੇ ਮਾਲਕ ਸਿਆਸੀ ਆਗੂ ਦੀ ਅੱਖ ਦੇ ਇਸ਼ਾਰੇ ਮੁਤਾ-ਬਕ ਕੰਮ ਨਾ ਕੀਤਾ, ਅਗਲੇ ਦਿਨ ਉਸ ਨੂੰ ਬਿਸਤਰਾ ਚੁਕਾ ਕੇ ਦੂਸਰੀ ਥਾਂ ਤੋਰਿਆ ਜਾ ਸਕਦਾ ਹੈ। ਉਨ੍ਹਾ ਦੇ ਵੀ ਪਰਵਾਰ ਹਨ। ਅੱਜ ਪਠਾਨਕੋਟ ਲੱਗੇ ਜਿਸ ਅਫਸਰ ਨੂੰ ਬੱਚਿਆਂ ਦੇ ਇਮਤਿਹਾਨ ਨੇੜੇ ਅੱਧੀ ਰਾਤ ਉਠਾ ਕੇ ਸਵੇਰੇ ਰਾਜ ਦੇ ਦੂਸਰੇ ਪਾਸੇ ਮਾਨਸਾ ਨੂੰ ਜਾਣ ਦਾ ਹੁਕਮ ਦੇ ਦਿੱਤਾ ਜਾਵੇ, ਪਰਵਾਰ ਛੱਡ ਕੇ ਖੜੇ ਪੈਰ ਜਾਣਾ ਔਖਾ ਹੋਵੇ, ਅਗਲੇ ਦਿਨ ਉਹ ਕਿਸੇ ਮੰਤਰੀ ਨੂੰ ਮਿਲਣ ਅਤੇ ਪਹੁੰਚਬਣਾਉਣ ਰੁੱਝ ਜਾਂਦਾ ਹੈ। ਹਰਿਆਣੇ ਵਿੱਚ ਅਸ਼ੋਕ ਖੇਮਕਾ ਨਾਂਅ ਦੇ ਅਫਸਰ ਦੀ ਜਿੰਨੇ ਸਾਲ ਸਰਵਿਸ ਹੈ, ਉਸ ਦੇ ਨੌਕਰੀ ਦੇ ਸਾਲਾਂ ਨਾਲੋਂ ਵੱਧ ਥਾਂਈਂ ਉਸ ਦੀ ਬਦਲੀ ਕੀਤੀ ਜਾ ਚੁੱਕੀ ਹੈ ਤੇ ਬਿਸਤਰਾ ਉਹ ਰੋਜ਼ ਰਾਤ ਬੰਨ੍ਹ ਕੇ ਸੌਂਦਾ ਹੈ ਕਿ ਭਲਕੇ ਨਵੀਂ ਥਾਂ ਜਾਣਾ ਪੈ ਸਕਦਾ ਹੈ, ਪਰ ਸਾਰੇ ਅਫਸਰ ਏਦਾਂ ਦੇ ਨਹੀਂ ਹੋ ਸਕਦੇ।

ਕਿਉਂਕਿ ਸਾਰੇ ਅਫਸਰ ਏਦਾਂ ਦੇ ਨਹੀਂ ਹੁੰਦੇ, ਇਸ ਲਈ ਜਦੋਂ ਕਦੇ ਸਰਕਾਰ ਬਦਲਦੀ ਹੈ, ਅਫਸਰਾਂ ਦੀ ਪਹਿਲੀ ਕੋਸ਼ਿਸ਼ ਇਹ ਸ਼ੁਰੂ ਹੋ ਜਾਂਦੀ ਹੈ ਕਿ ਕਿਸੇ ਮੰਤਰੀ ਤੱਕ ਪਹੁੰਚ ਕਰ ਕੇ ਪੱਕੀ ਧਿਰ ਲੱਭੀ ਜਾਵੇ ਤਾਂ ਕਿ ਇਸ ਸਰਕਾਰ ਦੇ ਰਾਜ ਦੌਰਾਨ ਉਸ ਦੀ ਓਟ ਨਾਲ ਦਿਨ ਕੱਟੇ ਜਾ ਸਕਣ। ਇਹੋ ਦੌੜ ਹਰ ਵਾਰ ਸਰਕਾਰਾਂ ਲਈ ਮਨ-ਆਈਆਂ ਕਰਨ ਦਾ ਸਬੱਬ ਪੈਦਾ ਕਰਦੀ ਹੈ ਅਤੇ ਇਹੀ ਦੌੜ ਇਸ ਵਕਤ ਪੰਜਾਬ ਦੀ ਨਵੀਂ ਸਰਕਾਰ ਦੇ ਮੰਤਰੀਆਂ ਦੇ ਦੁਆਲੇ ਲੱਗੀ ਦਿੱਸਣ ਲੱਗ ਪਈ ਹੈ। ਕੱਲ੍ਹ ਦੇ ਸਿਰੇ ਦੇ ਭ੍ਰਿਸ਼ਟ ਅਫਸਰ ਜਾ ਕੇ ਉਨ੍ਹਾਂ ਦੇ ਗੋਡੇ ਘੁੱਟ ਕੇ ਕਹੀ ਜਾਂਦੇ ਹਨ ਕਿ ਪਿਛਲੀ ਸਰਕਾਰ ਦੇ ਭ੍ਰਿਸ਼ਟਾਚਾਰ ਤੋਂ ਅਸੀਂ ਬੜੇ ਅੱਕੇ ਪਏ ਸਾਂ ਅਤੇ ਨਵੀਂ ਸਰਕਾਰ ਉਡੀਕਦੇ ਸਾਂ, ਸ਼ੁਕਰ ਹੈ ਤੁਹਾਡੀ ਸਰਕਾਰ ਬਣੀ ਹੈ, ਜਿੱਥੇ ਮਰਜ਼ੀ ਲੁਆ ਦਿਓ, ਮੈਂ ਅਗਲੇ ਪੰਜੇ ਸਾਲ ਤੁਹਾਡੇ ਤੋਂ ਬਿਨਾਂ ਕਿਸੇ ਕੋਲ ਨਹੀਂ ਜਾਣਾ। ਏਹੀ ਗੱਲ ਉਹ ਕਈ ਹੋਰ ਅੱਡਿਆਂ ਉੱਤੇ ਜਾ ਕੇ ਵੀ ਨਵੇਂ ਮੰਤਰੀਆਂ ਨੂੰ ਕਹਿ ਕੇ ਆਏ ਹੋ ਸਕਦੇ ਹਨ, ਪਰ ਹਰ ਨਵੇਂ ਆਗੂ ਕੋਲ ਜਾ ਕੇ ਏਦਾਂ ਦਾ ਰਟਨ-ਮੰਤਰੀ ਪੜ੍ਹੀ ਜਾਂਦੇ ਤੇ ਨਾਲ 'ਖਿਆਲ ਰੱਖਣ ਬਦਲੇ ਖਿਆਲ ਰੱਖਣ' ਦਾ ਸੰਕੇਤ ਕਰੀ ਜਾ ਰਹੇ ਹਨ। ਨਵੀਂ ਆਈ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਆਮ ਲੋਕਾਂ ਲਈ ਇੱਕ ਨੰਬਰ ਜਾਰੀ ਕਰ ਕੇ ਕਿਹਾ ਹੈ ਕਿ ਉਹ ਭ੍ਰਿਸ਼ਟਾਚਾਰ ਦੀਆਂ ਸ਼ਿਕਾਇਤਾਂ ਇਸ ਨੰਬਰ ਉੱਤੇ ਕਰਿਆ ਕਰਨ, ਲੋਕ ਕਰਨ ਵੀ ਲੱਗ ਪਏ ਤੇ ਉਨ੍ਹਾਂ ਬਾਰੇ ਕਾਰਵਾਈ ਦੇ ਚਰਚੇ ਵੀ ਹੋਣ ਲੱਗ ਪਏ ਹਨ, ਪਰ ਜਿਹੜੇ ਸੰਕੇਤ ਭ੍ਰਿਸ਼ਟਾਚਾਰੀ ਅਫਸਰਾਂ ਵੱਲੋਂ ਨਵੇਂ ਮੰਤਰੀਆਂ ਦੇ ਘਰ ਜਾ ਕੇ ਕੀਤੇ ਜਾਣ ਲੱਗ ਪਏ ਹਨ, ਬੁੱਕਲ ਵਿੱਚ ਰੋੜੀ ਭੰਨਣ ਵਰਗੇ ਉਨ੍ਹਾਂ ਸੰਕੇਤਾਂ ਬਾਰੇ ਮੁੱਖ ਮੰਤਰੀ ਨੂੰ ਕੌਣ ਦੱਸੇਗਾ! ਇਹ ਗੱਲ ਕਿਸੇ ਇੱਕ ਜਾਂ ਦੋ ਆਗੂਆਂ ਬਾਰੇ ਨਹੀਂ, ਕਈ ਨਵੇਂ ਮੰਤਰੀਆਂ ਬਾਰੇ ਸੁਣੀ ਜਾ ਰਹੀ ਹੈ, ਸੱਚ-ਝੂਠ ਦਾ ਪਤਾ ਨਹੀਂ।

ਅਜੇ ਇਸ ਸਰਕਾਰ ਬਣੀ ਨੂੰ ਮਹੀਨਾ ਨਹੀਂ ਹੋਇਆ, ਕੁਝ ਕਦਮ ਮੁੱਖ ਮੰਤਰੀ ਪੱਧਰ ਉੱਤੇ ਚੁੱਕਣ ਨਾਲ ਪੰਜਾਬ ਦੇ ਲੋਕਾਂ ਵਿੱਚ ਭੱਲ ਬਣੀ ਹੋ ਸਕਦੀ ਹੈ, ਪਰ ਜਿੰਨੇ ਦਾਅਵੇ ਕੀਤੇ ਜਾ ਰਹੇ ਸਨ, ਉਨ੍ਹਾਂ ਬਾਰੇ ਤਾਂ ਲੋਕਾਂ ਨੂੰ ਬਹੁਤਾ ਅਮਲ ਹੁੰਦਾ ਦਿੱਸਦਾ ਨਹੀਂ। ਜਿਹੜਾ ਓਪਰਾ ਜਿਹਾ ਡਰ ਤਹਿਸੀਲਾਂ ਅਤੇ ਹੋਰ ਦਫਤਰਾਂ ਵਿੱਚ ਵੇਖਿਆ ਗਿਆ ਹੈ, ਇਸ ਤਰ੍ਹਾਂ ਦਾ ਡਰ ਤਾਂ ਵੀਹ ਸਾਲ ਪਹਿਲਾਂ ਜਦੋਂ ਕੈਪਟਨ ਅਮਰਿੰਦਰ ਸਿੰਘ ਪਹਿਲੀ ਵਾਰੀ ਮੁੱਖ ਮੰਤਰੀ ਬਣਿਆ ਸੀ, ਉਸ ਦੀ ਆਮਦਨਾਲ ਵੀ ਪਿਆ ਸੀ ਤੇ ਛੇ ਕੁ ਮਹੀਨੇ ਬਣਿਆ ਰਹਿਣ ਮਗਰੋਂ ਖਤਮ ਹੋ ਗਿਆ ਸੀ। ਉਲਟਾ ਸਾਰੇ ਦਫਤਰਾਂ ਦੇ ਮੁਲਾਜ਼ਮਾਂ ਨੇ ਰੇਟ ਵਧਾ ਲਏ ਸਨ ਤੇ ਕਾਰਨ ਇਹ ਦੱਸਦੇ ਸਨ ਕਿ ਇਸ ਨਾਲ 'ਰਿਸਕ ਫੈਕਟਰ' ਜੁੜ ਗਿਆ ਹੋਣ ਕਰ ਕੇ ਪਹਿਲੇ ਰੇਟਾਂ ਨਾਲ ਸਰਦਾ ਨਹੀਂ। ਕਾਰਵਾਈ ਅਜੇ ਤੱਕ ਕਿੰਨੀ ਕੀਤੀ ਗਈ ਹੈ, ਕੋਈ ਥਾਣੇਦਾਰ ਫੜ ਲਿਆ ਤੇ ਤਹਿਸੀਲ ਵਿੱਚ ਕੋਈ ਕਲਰਕ ਬੀਬੀ ਗ੍ਰਿਫਤਾਰ ਕਰ ਲਈ, ਕਿਸੇ ਵੱਡੇ ਅਫਸਰ ਨੂੰ ਜਾਂ ਉਸ ਦੇ ਕਿਸੇ ਦਲਾਲ ਨੂੰ ਹੱਥ ਪਾਉਣ ਦੀ ਕੋਈ ਖਬਰ ਪੜ੍ਹਨ ਨੂੰ ਨਹੀਂ ਮਿਲੀ। ਛੋਟੇ-ਮੋਟੇ ਕਰਮਚਾਰੀ ਜਦੋਂ ਏਦਾਂ ਦਾ ਭ੍ਰਿਸ਼ਟਾਚਾਰ ਕਰਦੇ ਹਨ ਤਾਂ ਆਪਣੇ ਵਾਸਤੇ ਨਹੀਂ, ਬਹੁਤੀ ਵਾਰੀ ਆਪਣੇ ਤੋਂ ਉੱਪਰ ਵਾਲੇ ਵੱਡੇ ਅਫਸਰ ਵੱਲੋਂ ਕਰਨ ਲਈ ਲਾਏ ਹੁੰਦੇ ਹਨ ਤਾਂ ਕਿ ਉਹ ਖੁਦ ਸੱਚਾ ਹੋਣ ਦਾ ਭਰਮ ਪਾ ਕੇ ਅਫਸਰੀ ਵੀ ਕਰਦਾ ਰਹੇ ਅਤੇ ਕਮਾਈ ਵੀ ਚੱਲਦੀ ਰਹੇ। ਨਵੀਂ ਸਰਕਾਰ ਵਿੱਚ ਆਏ ਬਹੁਤੇ ਵਜ਼ੀਰ ਆਮ ਲੋਕਾਂ ਵਿੱਚੋਂ ਆਏ ਹਨ, ਇਸ ਲਈ ਉਹ ਖੁਦ ਏਦਾਂ ਦੇ ਵਿਹਾਰ ਬਾਰੇ ਜਾਣਦੇ ਹੋਣਗੇ, ਫਿਰ ਵੀ ਜਦੋਂ ਪਹਿਲਾਂ ਵਾਂਗ ਛੋਟੇ ਪੂੰਗ ਫੜੇ ਜਾ ਰਹੇ ਹਨ ਤੇ ਵੱਡੇ ਕਿਸੇ ਮਗਰਮੱਛ ਨੂੰ ਹੱਥ ਨਹੀਂ ਪਾਇਆ ਜਾ ਰਿਹਾ ਤਾਂ ਭ੍ਰਿਸ਼ਟਾਚਾਰ ਰੋਕਣ ਦਾ ਭਰਮ ਵੀ ਕਿੰਨਾ ਕੁ ਚਿਰ ਰੱਖਿਆ ਜਾ ਸਕੇਗਾ! ਅਮਲਾਂ ਦੀ ਉਡੀਕ ਆਮ ਲੋਕ ਬਹੁਤਾ ਚਿਰ ਨਹੀਂ ਕਰਿਆ ਕਰਦੇ।

ਨਵਾਂ ਮੁੱਖ ਮੰਤਰੀ ਜੇ ਸਚਮੁੱਚ ਲੋਕਾਂ ਵਿੱਚ ਆਪਣੀ ਸਰਕਾਰ ਦਾ ਭ੍ਰਿਸ਼ਟਾਚਾਰ ਰੋਕਣ ਦਾ ਅਕਸ ਕਾਇਮ ਰੱਖਣਾ ਚਾਹੁੰਦਾ ਹੈ ਤਾਂ ਉਸ ਨੂੰ ਸਭ ਤੋਂ ਪਹਿਲਾਂ ਆਪਣੇ ਮੰਤਰੀਆਂ ਨੂੰ ਕਹਿਣਾ ਪਵੇਗਾ ਕਿ ਆਪਣੇ ਇਸ ਅਹੁਦੇ ਨੂੰ ਸਥਾਈ ਨਾ ਸਮਝੋ।ਉਨ੍ਹਾਂ ਨੂੰ ਦੱਸਣਾ ਪਵੇਗਾ ਕਿ ਅੱਜ ਕੁਰਸੀ ਤੁਹਾਡੇ ਹੇਠ ਹੈ, ਭਲਕ ਨੂੰ ਲੋਕ ਇਸ ਕੁਰਸੀ ਤੋਂ ਉਠਾ ਸਕਦੇ ਹਨ, ਆਪਣੇ ਅਕਸ ਬਾਰੇ ਸੁਚੇਤ ਰਹੋ ਤੇ ਅਫਸਰਾਂ ਨਾਲ ਅੰਦਰ ਵੜ-ਵੜ ਕੇ ਕੰਨਾਂ ਵਿੱਚ ਇੱਕ ਦੂਸਰੇ ਦਾ 'ਖਿਆਲ ਰੱਖਣ' ਦੀਆਂ ਜਿਹੜੀਆਂ ਗੱਲਾਂ ਉਹ ਸੁਣਦੇ ਤੇ ਅੱਗੋਂ ਹੁੰਗਾਰਾ ਭਰਦੇ ਸੁਣੇ ਜਾਣ ਲੱਗ ਪਏ ਹਨ, ਉਹ ਲੋਕਾਂ ਤੋਂ ਗੁੱਝੀਆਂ ਨਹੀਂ ਰਹਿੰਦੀਆਂ ਹੁੰਦੀਆਂ। ਇਹ ਚਰਚਾ ਅੱਗੇ ਵਧੀ ਤਾਂ ਸੱਥਾਂ ਵਿੱਚ ਜਾਵੇਗੀ ਅਤੇ ਫਿਰ ਲੋਕ ਇਹ ਕਹਿਣ ਲੱਗ ਪੈਣਗੇ, ਆਮ ਆਦਮੀ ਪਾਰਟੀ ਦੇ ਫਲਾਣੇ ਮੰਤਰੀ ਨਾਲ ਕੰਮ ਹੈ ਤਾਂ ਫਲਾਣੇ ਅਫਸਰ ਦੀ ਜੇਬ ਗਰਮ ਕਰ ਆਇਓ, ਬਾਕੀ ਕੰਮ ਉਹ ਆਪੇ ਕਰਵਾ ਲਿਆਵੇਗਾ। ਅਜੇ ਗੱਲਾਂ ਦਾ ਮੁੱਢ ਬੱਝਾ ਹੈ, ਨਵੀਂ ਸਰਕਾਰ ਦੇ ਮੰਤਰੀਆਂ ਨੂੰ ਇਸ ਕੁਰਸੀ ਦੇ ਵਕਤੀ ਹੋਣ ਦਾ ਚੇਤਾ ਨਾ ਰਿਹਾ ਅਤੇ ਕੰਨਾਂ ਵਿੱਚ ਪੈਂਦੀ ਸਿੱਕਿਆਂ ਦੀ ਛਣਕਾਰ ਨਾਲ ਏਦਾਂ ਬੀਨ ਉੱਤੇ ਨੱਚਦੇ ਸੱਪ ਵਾਂਗ ਝੂਮਣ ਲੱਗ ਪਏ ਤਾਂ ਕੁਰਸੀ ਪੰਜ ਸਾਲ ਨਿਭੇਗੀ, ਇਸ ਦੀ ਗਾਰੰਟੀ ਨਹੀਂ ਹੁੰਦੀ। ਭ੍ਰਿਸ਼ਟਾਚਾਰ ਦੇ ਵਿਰੋਧ ਦੀਆਂ ਗੱਲਾਂ ਕਰਨ ਪਿੱਛੋਂ ਭ੍ਰਿਸ਼ਟਾਚਾਰ ਕਰਦੇ ਹੋਏ ਆਗੂਆਂ ਨੂੰ ਮੰਤਰੀ ਹੁੰਦਿਆਂ ਵੀ ਫੜੇ ਜਾਂਦੇ ਅਸੀਂ ਕਈ ਵਾਰੀ ਵੇਖਿਆ ਹੈ ਅਤੇ ਮਹਾਰਾਸ਼ਟਰ ਦੀ ਅਜੋਕੀ ਸਰਕਾਰ ਦੇ ਗ੍ਰਹਿ ਮੰਤਰੀ ਅਨਿਲ ਦੇਸ਼ਮੁਖ ਦੇ ਫੜੇ ਜਾਣ ਦਾ ਕਿੱਸਾ ਵੀ ਤਾਜ਼ਾ ਹੈ। ਉਸ ਦੀ ਹਾਲੇ ਜ਼ਮਾਨਤ ਨਹੀਂ ਹੋ ਰਹੀ ਅਤੇ ਉਸ ਰਾਜ ਦੀ ਸਰਕਾਰ ਵੱਲੋਂ ਉਸ ਦੇ ਪੱਖ ਵਿੱਚ ਦਿੱਤੀ ਗਈ ਦੁਹਾਈ ਲੋਕ ਮੰਨਣ ਲਈ ਤਿਆਰ ਨਹੀਂ। ਯੇ ਜੋ ਪਬਲਿਕ ਹੈ, ਸਬ ਜਾਨਤੀ ਹੈ ਅਤੇ ਇਹ ਤਖਤੇ ਪਲਟਣ ਦੀ ਤਾਕਤ ਰੱਖਦੀ ਹੈ।

# 'ਸਭ ਕਾ ਵਿਕਾਸ' ਖੇਡੀ ਜਾ ਰਹੀ ਹੈ ਖੇਡ





ਗੁਰਮੀਤ ਸਿੰਘ ਪਲਾਹੀ
9815802070

ਕੁਝ ਦਹਾਕੇ ਪਹਿਲਾਂ ਦੇਸ਼ ਵਿੱਚ ਗਰੀਬੀ ਹਟਾਓ ਦਾ ਨਾਹਰਾ ਗੂੰਜਦਾ ਸੀ। ਇਹ ਨਾਹਰਾ ਹੁਣ ਦੇਸ਼ ਦੀ ਫਿਜ਼ਾ ਵਿੱਚ ਕਿਧਰੇ ਨਹੀਂ ਹੈ, ਪਰ ਦੇਸ਼ ਦੀ ਵੱਡੀ ਗਿਣਤੀ ਲੋਕ ਸਰਕਾਰੀ ਅੰਨ ਉਤੇ ਨਿਰਭਰ ਕਰ ਦਿੱਤੇ ਹਨ। ਅੱਜ ਗਰੀਬੀ ਹਟਾਓ ਦਾ ਨਾਹਰਾ, 'ਅੰਨ ਵੰਡੋ ਅਤੇ ਰਾਜ ਕਰੋ' ਤੱਕ ਸਿਮਟਕੇ ਰਹਿ ਗਿਆ ਹੈ। ਸਰਕਾਰੀ ਨੀਤੀਆਂ ਅਤੇ ਅਸਫ਼ਲਤਾਵਾਂ ਦੇ ਕਾਰਨ "ਸਭ ਦਾ ਵਿਕਾਸ", ਸਮੂਹਿਕ ਵਿਕਾਸ ਦਾ ਸਪਨਾ, ਹਕੀਕਤ ਬਨਣ ਤੋਂ ਪਹਿਲਾਂ ਹੀ ਢੈਅ-ਢੇਰੀ ਹੋ ਰਿਹਾ ਹੈ।

ਵਿਕਾਸ ਕਿਸੇ ਵੀ ਲੋਕਤੰਤਰੀ ਵਿਵਸਥਾ ਦੀ ਪਹਿਲੀ ਲੋੜ ਹੈ। ਇਸਦੇ ਬਿਨ੍ਹਾਂ ਨਾਗਰਿਕ ਦੀਆਂ ਮੁਢਲੀਆਂ ਲੋੜਾਂ ਦੀ ਪੂਰਤੀ ਸੰਭਵ ਨਹੀਂ ਹੈ। ਇਸ ਬਿਨ੍ਹਾਂ ਨਾ ਤਾਂ ਲੋਕਤੰਤਰ ਮਜ਼ਬੂਤ ਬਣਦਾ ਹੈ ਅਤੇ ਨਾ ਹੀ ਸਮਾਜ ਬਿਹਤਰੀ ਵੱਲ ਅੱਗੇ ਵਧਦਾ ਹੈ। ਭਾਰਤੀ ਸੰਵਿਧਾਨ ਦੀ ਧਾਰਾ-21 ਦੇ ਤਹਿਤ ਆਜ਼ਾਦੀ ਅਤੇ ਚੰਗੇਰਾ ਜੀਵਨ ਜੀਊਣ ਦੀ ਆਜ਼ਾਦੀ ਹਰ ਨਾਗਰਿਕ ਨੂੰ ਹੈ, ਪਰ ਇਹ ਚੰਗੇਰਾ ਜੀਵਨ ਮੁਢਲੀਆਂ ਸੁਵਿਧਾਵਾਂ ਬਿਨ੍ਹਾਂ ਕੀ ਸੰਭਵ ਹੈ? ਅੱਜ ਵੀ ਗਰੀਬੀ ਦੇਸ਼ ਵਿੱਚ ਵੱਡੀ ਸਮੱਸਿਆ ਹੈ। ਪਰ ਸਰਕਾਰਾਂ ਗਰੀਬਾਂ ਨੂੰ ਕੁਝ ਕਿਲੋ ਅਨਾਜ ਉਪਲੱਬਧ ਕਰਵਾਕੇ ਆਪਣਾ ਫ਼ਰਜ਼ ਪੂਰਾ ਹੋ ਗਿਆ ਸਮਝਦੀਆਂ ਹਨ। 5 ਕਿਲੋ ਪ੍ਰਤੀ ਜੀਅ ਅਨਾਜ ਦੇਕੇ ਗਰੀਬਾਂ ਨੂੰ "ਕਰੋੜਾਂ ਦਾ ਅਨਾਜ" ਦੇ ਅੰਕੜੇ ਪ੍ਰਕਾਸ਼ਤ ਕਰਦੀਆਂ ਹਨ ਅਤੇ ਵਾਹ-ਵਾਹ ਖੱਟਦੀਆਂ ਹਨ। ਕੀ ਇਹੋ ਹੈ ਗਰੀਬੀ ਹਟਾਓ ਯੋਜਨਾ।

ਦੇਸ਼ ਦਾ ਇੱਕ ਤਬਕਾ ਅਮੀਰੀ 'ਚ ਜੀਅ ਰਿਹਾ ਹੈ। ਤਾਂ ਦੂਸਰੇ ਵੱਡੇ ਤਬਕੇ ਨੂੰ ਸਰਕਾਰੀ ਅਨਾਜ਼ ਨਾਲ ਪੇਟ ਪਾਲਣਾ ਪੈ ਰਿਹਾ ਹੈ। ਨਾ ਉਸ ਕੋਲ ਢੰਗ ਦਾ ਕਪੜਾ ਹੈ, ਨਾ ਮਕਾਨ। ਸਿੱਖਿਆ, ਸਿਹਤ ਸਹੂਲਤਾਂ ਦੀ ਤਾਂ ਗੱਲ ਹੀ ਛੱਡੋ। ਹਾਲਾਂਕਿ ਅਮੀਰੀ-ਗਰੀਬੀ ਦੀ ਇਹ ਖੇਡ ਅੱਜ ਦੀ ਨਹੀਂ ਹੈ। ਪਰ ਸਵਾਲ ਪੈਦਾ ਹੁੰਦਾ ਹੈ ਕਿ ਕੀ ਸਰਕਾਰਾਂ ਦਾ ਫ਼ਰਜ਼ ਸਿਰਫ਼ ਇੰਨਾ ਹੀ ਹੈ ਕਿ "ਦੋ ਮੁੱਠੀ ਅਨਾਜ" ਆਪਣੇ ਨਾਗਰਿਕ ਨੂੰ ਮੁਹੱਈਆ ਕਰਵਾਕੇ ਦੇਸ਼ ਦਾ "ਵਿਕਾਸ ਹੋ ਗਿਆ" ਸਮਝੇ। ਅਸਲ ਵਿੱਚ ਸਥਿਤੀ ਇਹੋ ਹੈ, ਗਰੀਬ ਨੂੰ ਜੀਊਂਦੇ ਰਹਿਣ ਲਈ ਅਨਾਜ਼ ਉਪਲੱਬਧ ਕਰਾਉਣ ਨੂੰ ਹੀ ਦੇਸ਼ ਦੀ ਸਰਕਾਰ ਦੇਸ਼ ਦਾ ਵਿਕਾਸ ਸਮਝ ਬੈਠੀ ਹੈ। ਨਾਗਰਿਕਾਂ ਦੀਆਂ ਬਾਕੀ ਬੁਨਿਆਦੀ ਲੋੜਾਂ ਤੋਂ ਸਰਕਾਰਾਂ ਦੜ ਵੱਟੀ ਬੈਠੀਆਂ ਰਹੀਆਂ। ਆਜ਼ਾਦੀ ਦੇ 75 ਸਾਲਾਂ ਵਿੱਚ ਦੇਸ਼ ਦੇ ਨਾਗਰਿਕਾਂ ਨੇ ਗਰੀਬੀ ਦਾ ਸੰਤਾਪ ਭੋਗਿਆ ਹੈ।

ਵੇਖਣ ਵਾਲੀ ਗੱਲ ਤਾਂ ਇਹ ਸੀ ਕਿ ਦੇਸ਼ ਵਿੱਚ ਬਾਲ ਕੁਪੋਸ਼ਨ ਤਾਂ ਨਹੀਂ ਹੈ? ਲੈਂਗਿਕ ਨਾ ਬਰਾਬਰੀ ਤਾਂ ਨਹੀਂ ਹੈ? ਕੀ ਸਾਫ਼ ਪਾਣੀ ਸਭ ਨੂੰ ਮਿਲਦਾ ਹੈ? ਕੀ ਵਾਤਾਵਰਨ ਸਾਫ਼-ਸੁਥਰਾ ਹੈ। ਦੇਸ਼ ਦੇ ਵਿਕਾਸ ਵਿੱਚ ਇਹ ਵੱਡੀਆਂ ਅੜਚਣਾ ਹਨ। ਕਹਿਣ ਨੂੰ ਤਾਂ ਸਰਕਾਰ ਸਭ ਕਾ ਵਿਕਾਸ ਦੀ ਗੱਲ ਕਰਦੀ ਹੈ, ਪਰ ਸਭ ਲਈ ਸਮਾਨਤਾ ਕਿਥੇ ਹੈ? ਸਭ ਲਈ ਬੁਨਿਆਦੀ ਢਾਂਚਾ ਕਿਥੇ ਹੈ? ਸਭ ਲਈ ਸਿੱਖਿਆ ਦਾ ਨਾਹਰਾ ਤਾਂ ਹੈ ਪਰ ਸਭ ਲਈ ਬਰਾਬਰ ਦੀ ਸਿੱਖਿਆ ਕਿਥੇ ਹੈ? ਇੱਕ ਤਬਕੇ ਲਈ ਮਾਡਰਨ ਮਾਡਲ ਸਕੂਲ ਹਨ, ਦੂਜੇ ਤਬਕੇ ਲਈ "ਫੱਟੀ ਬਸਤੇ ਵਾਲੇ ਬਿਨ੍ਹਾਂ ਬੁਨਿਆਦੀ ਸਹੂਲਤਾਂ ਵਾਲੇ ਸਕੂਲ। ਟੀਚਰਾਂ ਦੀ ਇਹਨਾ ਸਕੂਲਾਂ 'ਚ ਕਮੀ ਹੈ। ਕੋਵਿਡ-19 ਨੇ ਤਾਂ ਸਕੂਲੀ ਅਤੇ ਉੱਚ ਸਿੱਖਿਆ ਦਾ ਲੱਕ ਹੀ ਤੋੜ ਦਿੱਤਾ ਹੈ।

ਭਾਵੇਂ ਦੇਸ਼ ਦੇ ਨੇਤਾ ਇਸ ਗੱਲ ਉਤੇ ਟਾਹਰਾਂ ਮਾਰਨ ਕਿ ਦੇਸ਼ ਤਰੱਕੀ ਕਰ ਰਿਹਾ ਹੈ, ਭਾਰਤੀ ਲੋਕਤੰਤਰ ਇੱਕਵੀਂ ਸਦੀ ਦੇ ਸੁਪਨਿਆਂ 'ਚ ਕਦਮ ਵਧਾ ਰਿਹਾ ਹੈ। ਪਰ ਕੁਝ ਗੱਲਾਂ ਇਹੋ ਜਿਹੀਆਂ ਹਨ ਕਿ ਜਿਨ੍ਹਾਂ ਦੇ ਜਵਾਬ ਲੱਭਣੇ ਪੈਣਗੇ ਤੇ ਵੇਖਣਾ ਪਵੇਗਾ ਕਿ ਭਾਰਤ ਨੇ ਕੀ ਅਸਲ ਵਿਕਾਸ ਕੀਤਾ ਹੈ? ਕੁਝ ਦਿਨ ਪਹਿਲਾਂ ਹੀ ਇਹ ਰਿਪੋਰਟ ਛਾਪੀ ਹੈ ਕਿ ਭਾਰਤੀਆਂ ਦੇ ਸਾਹਾਂ 'ਚ ਪ੍ਰਦੂਸ਼ਣ ਦਾ ਜ਼ਹਿਰ ਘੁਲ ਰਿਹਾ ਹੈ। ਕੀ ਇਹ ਸਾਹਾਂ 'ਚ ਘੁਲ ਰਿਹਾ ਜ਼ਹਿਰ ਸਾਡੇ ਜੀਵਨ ਨੂੰ ਪ੍ਰਭਾਵਤ ਨਹੀਂ ਕਰ ਰਿਹਾ? ਜੇਕਰ ਇਹ ਪ੍ਰਦੂਸ਼ਣ ਸਾਡੇ ਜੀਵਨ ਦਾ ਅੰਤ ਕਰਨ ਲਈ ਪੈਰ ਪਸਾਰ ਰਿਹਾ ਹੈ ਤਾਂ ਫਿਰ ਸਾਡੇ ਅਜ਼ਾਦ ਜੀਵਨ ਦੀ ਕਲਪਨਾ ਕਿਥੇ ਹੈ, ਜੋ ਸੰਵਿਧਾਨ ਅਨੁਸਾਰ ਸਾਨੂੰ ਮਿਲੀ ਹੋਈ ਹੈ। ਕਿਥੇ ਹੈ ਦੇਸ਼ ਦਾ ਵਿਕਾਸ ? ਕਿਥੇ ਹਨ ਸ਼ੁੱਧ ਵਾਤਾਵਰਨ ਦੇ ਵਾਇਦੇ ਅਤੇ ਦਾਈਏ? ਉਂਜ ਦੇਸ਼ ਵਿੱਚ ਇਕੱਲੀ ਗਰੀਬੀ ਨੇ ਨਹੀਂ, ਬੇਰੁਜ਼ਗਾਰੀ ਨੇ ਵੀ ਪੈਰ ਪਸਾਰੇ ਹੋਏ ਹਨ। ਜਿਸਨੇ ਦੇਸ਼ ਦਾ ਲੱਕ ਤੋੜਿਆ ਹੈ। ਦੇਸ਼ ਦਾ ਵਿਕਾਸ ਨਹੀਂ ਵਿਨਾਸ਼ ਕੀਤਾ ਹੈ।

ਦੇਸ਼ ਨੇ ਸਾਲ 2030 ਤੱਕ ਗਰੀਬੀ, ਬੇਰੁਜ਼ਗਾਰੀ, ਸ਼ੁੱਧ ਵਾਤਾਵਰਨ, ਸਿੱਖਿਆ, ਸਿਹਤ ਆਦਿ ਮੁੱਦਿਆਂ ਨੂੰ ਲੈਕੇ ਦੇਸ਼ ਦੇ ਵਿਕਾਸ ਦਾ ਟੀਚਾ ਮਿੱਥਿਆ ਹੋਇਆ ਹੈ। ਪਰ ਸਵਾਲ ਇਹ ਹੈ ਕਿ ਇਹ ਟੀਚੇ ਪੂਰੇ ਕਿਵੇਂ ਹੋਣਗੇ, ਕਿਉਂਕਿ ਦੇਸ਼ ਤਾਂ ਸਮੂਹਿਕ ਵਿਕਾਸ ਦੇ ਅਤੇ ਜ਼ਮੀਨੀ ਪੱਧਰ ਦੇ ਵਿਕਾਸ ਤੋਂ ਨਿੱਤਪ੍ਰਤੀ ਦੇਸ਼ ਪਿੱਛੇ ਹੁੰਦਾ ਜਾ ਰਿਹਾ ਹੈ।ਮੋਦੀ ਕਾਲ ਵਿੱਚ ਸਭ ਕਾ ਸਾਥ ਸਭ ਕਾ ਵਿਕਾਸ ਦੇ ਨਾਲ ਸ਼ਾਈਨਿੰਗ ਇੰਡੀਆ, 2 ਕਰੋੜ ਨੌਕਰੀਆਂ ਹਰ ਸਾਲ ਨੌਜਵਾਨਾਂ ਲਈ, ਮੇਕ ਇਨ ਇੰਡੀਆ, ਸਕਿਲਿੰਗ ਇੰਡੀਆ, ਸਟੈਂਡ ਅੱਪ ਇੰਡੀਆ ਚਲਾਈਆਂ ਗਈਆਂ। ਖੇਤੀ ਖੇਤਰ 'ਚ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਚਾ ਮਿਥਿਆ ਗਿਆ। ਪਰ ਇਹ ਵਿਕਾਸ ਨੂੰ ਤੇਜ ਕਰਨ ਵਾਲੀਆਂ ਸਕੀਮਾਂ ਕੁਝ ਵੀ ਸਾਰਥਿਕ ਨਹੀਂ ਕਰ ਸਕੀਆਂ।

ਇੱਕ ਰਿਪੋਰਟ ਮੁਤਾਬਿਕ ਭਾਰਤ ਜ਼ਮੀਨੀ ਵਿਕਾਸ ਦੇ ਟੀਚੇ ਹਾਸਲ ਕਰਨ ਦੇ ਮਾਮਲੇ ਤੇ ਸਾਰੇ ਦੱਖਣੀ ਏਸ਼ੀਆਂ ਮੁਲਕਾਂ ਤੋਂ ਪਿੱਛੇ ਹੈ। ਇਸ ਸੂਚੀ ਵਿੱਚ ਭੂਟਾਨ 75ਵੇਂ, ਸ੍ਰੀ ਲੰਕਾ 87ਵੇਂ, ਨੇਪਾਲ 96ਵੇਂ ਅਤੇ ਬੰਗਲਾ ਦੇਸ਼ 109ਵੇਂ ਥਾਂ ਹੈ। ਜਦਕਿ ਭਾਰਤ ਵਿਕਾਸ ਦੀ ਬਿਹਤਰ ਤਸਵੀਰ ਵਿਖਾਕੇ ਲੋਕਾਂ ਨੂੰ ਗੁੰਮਰਾਹ ਕਰ ਰਿਹਾ ਹੈ, ਜਦਕਿ ਇਸਦਾ ਸੌ ਵਿਚੋਂ 66 ਵੀਂ ਥਾਂ ਹੈ। ਤਦ ਫਿਰ ਇਹ ਕਿਵੇਂ ਸੰਭਵ ਹੋਵੇਗਾ ਕਿ ਜ਼ਮੀਨੀ ਵਿਕਾਸ ਦਾ ਟੀਚਾ 2030 ਤੱਕ ਹਾਸਲ ਕਰਨ ਲਈ ਭਾਰਤ ਗਰੀਬੀ, ਭੁੱਖਮਰੀ, ਕੁਪੋਸ਼ਣ, ਲੈਂਗਿਕ -ਨਾ ਬਰਾਬਰੀ , ਸਿਹਤ, ਸਿੱਖਿਆ ਪ੍ਰਾਸ਼ਾਸ਼ਨਿਕ ਵਿਵਸਥਾ ਅਤੇ ਸਮਾਜਿਕ ਨਿਆ ਨੂੰ ਬਿਹਤਰ ਬਣਾਇਆ ਜਾਵੇ? ਦੇਸ਼ ਵਿੱਚ ਰਾਜਾਂ ਅਤੇ ਕੇਂਦਰ ਸਰਕਾਰ ਦੇ ਆਪਸੀ ਸਬੰਧ ਚੰਗੇ ਨਹੀਂ ਹਨ। ਕੇਂਦਰ, ਸੂਬਿਆਂ ਦੀ ਸੰਘੀ ਘੁੱਟ ਰਿਹਾ ਹੈ ਅਤੇ ਉਹਨਾ ਸੂਬਿਆਂ ਦੇ ਵਿਕਾਸ ਕਾਰਜਾਂ 'ਚ ਸਹਿਯੋਗ ਨਹੀਂ ਦੇ ਰਿਹਾ, ਜਿਥੇ ਵਿਰੋਧੀ ਸਰਕਾਰਾਂ ਹਨ।ਪੰਜਾਬ ਇਸਦੀ ਸਭ ਤੋਂ ਵੱਡੀ ਉਦਾਹਰਨ ਹੈ। ਉਹ ਸੂਬਾ ਪੰਜਾਬ ਜਿਹੜਾ ਹਰ ਪੱਖੋਂ ਦੇਸ਼ ਦਾ ਮੋਹਰੀ ਸੂਬਾ ਸੀ, ਉਹ ਕੇਂਦਰ ਵਲੋਂ ਮਤਰੇਏ ਸਲੂਕ ਕਾਰਨ ਬਰਬਾਦੀ ਦੇ ਕੰਢੇ ਹੈ। ਸਿਰਫ਼ ਇਸ ਕਰਕੇ ਕਿ ਇਥੇ ਸਦਾ ਹੀ ਕੇਂਦਰ ਸਰਕਾਰ ਦੇ ਉਲਟ ਸਰਕਾਰਾਂ ਰਹੀਆਂ ਹਨ।ਸਿੱਟੇ ਵਜੋਂ ਇਸ ਸੂਬੇ ਨੂੰ ਆਰਥਿਕ ਪੱਖੋਂ ਪ੍ਰੇਸ਼ਾਨ ਕੀਤਾ ਗਿਆ ਤੇ ਇਸਦੇ ਕੁਦਰਤੀ ਵਸੀਲੇ ਲੁੱਟੇ ਗਏ।

ਭਾਰਤ ਦੀ ਵਾਤਾਵਰਨ ਰਿਪੋਰਟ ਕਹਿੰਦੀ ਹੈ ਕਿ ਭਾਰਤ ਨੂੰ ਸਮੂਹਿਕ ਵਿਕਾਸ ਦੀ ਪ੍ਰਾਪਤੀ ਲਈ ਭੁੱਖ, ਅੱਛੀ ਸਿਹਤ, ਖੁਸ਼ਹਾਲੀ ਅਤੇ ਲੈਂਗਿਕ ਸਮਾਨਤਾ ਮੁੱਖ ਚਣੌਤੀਆਂ ਹਨ। ਪਰ ਚਿੰਤਾ ਦੀ ਗੱਲ ਹੈ ਕਿ ਨੇੜ ਭਵਿੱਖ 'ਚ ਸਰਕਾਰਾਂ ਵਲੋਂ ਇਹਨਾ ਸਬੰਧੀ ਲੋੜੀਂਦੇ ਯਤਨ ਨਹੀਂ ਹੋ ਰਹੇ।

ਵਿਸ਼ਵ ਪੱਧਰੀ ਪ੍ਰੋਗਰਾਮ "ਸਸਟੇਨੇਵਲ ਡਿਵੈਲਪਮੈਂਟ ਗੋਲਜ਼" ਦਾ ਉਦੇਸ਼ ਵਿਸ਼ਵ ਵਿਚੋਂ ਗਰੀਬੀ ਦੇ ਸਾਰੇ ਰੂਪਾਂ ਨੂੰ ਖ਼ਤਮ ਕਰਨਾ ਅਤੇ ਸਮਾਜ ਵਿੱਚ ਸਮਾਜਿਕ ਨਿਆਂ ਅਤੇ ਸਮਾਨਤਾ ਸਥਾਪਿਤ ਕਰਨਾ ਹੈ। ਭਾਰਤ ਸਰਕਾਰ ਇਸ ਗੱਲ ਉਤੇ ਆਪਣੀ ਪਿੱਠ ਥਪਥਪਾ ਰਹੀ ਹੈ ਕਿ ਉਸਨੇ ਇੱਕ ਵੱਡੇ ਤਬਕੇ ਨੂੰ ਚਾਵਲ ਅਤੇ ਕਣਕ ਉਪਲੱਬਧ ਕਰਵਾ ਦਿੱਤੇ ਹਨ ਪਰ ਸਵਾਲ ਹੈ ਕਿ ਕੀ ਕੁਝ ਕਿਲੋ ਅਨਾਜ਼ ਦੇਣ ਨਾਲ ਸਥਾਈ ਗਰੀਬੀ ਦੂਰ ਹੋ ਸਕਦੀ ਹੈ? ਕੀ ਨਾਗਰਿਕ ਨੂੰ ਸਕੂਨ ਭਰੀ ਜ਼ਿੰਦਗੀ ਮਿਲ ਸਕਦੀ ਹੈ?

ਸਮੂਹਿਕ ਅਤੇ ਸੱਤਹੀ ਵਿਕਾਸ ਦਾ ਟੀਚਾ, ਗਰੀਬੀ ਦੂਰ ਕਰਨਾ, ਭੁੱਖਮਰੀ ਦਾ ਅੰਤ, ਖਾਣ ਵਾਲੀਆਂ ਚੀਜ਼ਾਂ ਦੀ ਸੁਰੱਖਿਆ, ਬੇਹਤਰ ਪੋਸ਼ਣ, ਟਿਕਾਊ ਖੇਤੀ, ਸਭ ਲਈ ਬਰਾਬਰ ਦੀ ਗੁਣਾਤਮਕ ਸਿੱਖਿਆ, ਸਾਫ਼ ਪਾਣੀ, ਟਿਕਾਊ ਊਰਜਾ, ਮਾਨਵੀ ਕੰਮਕਾਜੀ ਮਾਹੌਲ ਨਾਲ, ਪ੍ਰਾਪਤ ਕੀਤਾ ਜਾ ਸਕਦਾ ਹੈ। ਸ਼ਹਿਰਾਂ ਅਤੇ ਪਿੰਡਾਂ ਦਾ ਇਕੋ ਜਿਹਾ ਵਿਕਾਸ ਅਤੇ ਇਸ ਵਿਕਾਸ ਵਿੱਚ ਨਾਗਰਿਕਾਂ ਦੀ ਭਾਗੀਦਾਰੀ ਅਤਿਅੰਤ ਲੋੜੀਂਦੀ ਹੈ। ਸਭ ਨੂੰ ਇਨਸਾਫ ਮਿਲੇ। ਸਮਾਜਿਕ ਖੁਸ਼ਹਾਲੀ ਹੋਵੇ। ਵਿਸ਼ਵ ਅਜੰਡੇ ਦਾ ਮੂਲ ਮੰਤਵ ਵੀ "ਕੋਈ ਪਿੱਛੇ ਨਾ ਛੁੱਟੇ" ਹੈ। ਪਰ ਮੌਜੂਦਾ ਸਰਕਾਰ ਦੀ ਨੀਤੀ ਅਤੇ ਨੀਅਤ ਸਾਫ਼ ਨਹੀਂ ਹੈ। ਮੌਜੂਦਾ ਸਰਕਾਰ ਇੱਕਪਾਸੜ ਨੀਤੀ ਦੇ ਤਹਿਤ ਕੁਰਸੀ ਪ੍ਰਾਪਤੀ ਲਈ ਨਿਰੰਤਰ ਗਤੀਸ਼ੀਲ ਹੈ। ਨਿੱਤ ਨਵੇਂ ਨਾਹਰੇ ਸਿਰਜ ਰਹੀ ਹੈ, "ਸਭ ਕਾ ਸਾਥ, ਸਭ ਕਾ ਵਿਕਾਸ ਆਦਿ ਆਦਿ। ਪਰ ਅਸਲੋਂ ਮੌਜੂਦਾ ਸਰਕਾਰੀ ਸਕੀਮਾਂ ਸਿਰੇ ਚਾੜ੍ਹਨ ਦੇ ਯਤਨ "ਊਠ ਦੇ ਮੂੰਹ ਜ਼ੀਰਾ" ਦੇਣ ਵਾਲੀ ਕਹਾਵਤ ਨੂੰ ਸਿੱਧ ਕਰਨ ਵਾਲੇ ਹਨ। ਇਹ ਹਕੀਕਤ ਸਰਕਾਰ ਦੇ ਸਮਝਣ ਵਾਲੀ ਹੈ ਕਿ ਸਮੁੱਚੇ ਸਮਾਜ ਨੂੰ ਨਾਲ ਲੈਕੇ ਕੀਤੇ ਸਮੂਹਿਕ ਯਤਨਾਂ ਬਿਨ੍ਹਾਂ ਸਮੁੱਚੇ, ਸਤਹੀ ਵਿਕਾਸ ਦੀ ਕਲਪਨਾ ਕਰਨਾ ਸ਼ੇਖਚਿਲੀ ਦੇ ਸੁਪਨੇ ਪਾਲਣ ਵਾਂਗਰ ਹੈ।

## ਉਹ ਆਪਣੇ

-ਸੁਮਨ ਓਬਰਾਏ

ਉਨ੍ਹਾਂ ਨੂੰ ਕੈਂਸਰ ਹੋ ਗਿਆ ਤੇ ਆਈ ਸੀ ਯੂ ਵਿੱਚ ਦਾਖਲ ਸਨ। ਅਚਾਨਕ ਮਿਲਣ ਆਏ ਦੋ ਮੁੰਡਿਆਂ ਨੂੰ ਵੇਖ ਕੇ ਉਹ ਹੈਰਾਨ ਸਨ, ਕਿਉਂਕਿ ਉਹ ਉਨ੍ਹਾਂ ਨੂੰ ਪਛਾਣ ਨਹੀਂ ਸਕੇ ਸਨ।ਉਨ੍ਹਾਂ ਨੂੰ ਚੁੱਪ ਅਤੇ ਹੈਰਾਨ ਵੇਖ ਕੇ ਦੋਵੇਂ ਮੁੰਡੇ ਕੁਝ ਘਬਰਾ ਜਿਹੇ ਗਏ। ਕੁਝ ਪਲ ਦੋਵਾਂ ਪਾਸਿਉਂ ਖਾਮੋਸ਼ੀ ਰਹੀ। ਖਾਮੋਸ਼ੀ ਤੋੜਦਿਆਂ ਉਨ੍ਹਾਂ ਵਿੱਚੋਂ ਇੱਕ ਜਣਾ ਬੋਲਿਆ, "ਚਾਚਾ ਜੀ, ਮੈਂ ਸੁਧੀਰ। ਤੁਹਾਡੇ ਵੱਡੇ ਭਰਾ ਦਾ ਮੁੰਡਾ ਅਤੇ ਇਹ ਛੋਟੇ ਚਾਚਾ ਜੀ ਮੁੰਡਾ, ਪੁਨੀਤ। ਤੁਹਾਡੀ ਬਿਮਾਰੀ ਬਾਰੇ ਸੁਣ ਕੇ ਸਾਨੂੰ ਬੜੀ ਚਿੰਤਾ ਹੋਈ।"

ਏਧਰ-ਓਧਰ ਦੀਆਂ ਕੁਝ ਗੱਲਾਂ ਪਿੱਛੋਂ ਪੁਨੀਤ ਬੋਲਿਆ, "ਚਾਚਾਜੀ, ਅਸੀਂ ਤਾਂ ਤੁਹਾਨੂੰ ਇਹੋ ਸਲਾਹ ਦਿਆਂਗੇ ਕਿ ਤੁਹਾਨੂੰ ਆਪਣੀ ਵਸੀਅਤ ਬਣਾ ਲੈਣੀ ਚਾਹੀਦੀ ਹੈ। ਤੁਸੀਂ ਤਾਂ ਵਿਆਹ ਕੀਤਾ ਨਹੀਂ। ਤੁਹਾਡਾ ਪਰਵਾਰ ਤਾਂ ਹੈ ਨਹੀਂ। ਤੁਸੀਂ ਹਮੇਸ਼ਾ ਚੰਗੇ ਅਹੁਦੇ ਉੱਤੇ ਰਹੇ। ਪੈਸੇ ਦੀ ਕੋਈ ਕਮੀ ਨਹੀਂ ਤੁਹਾਨੂੰ। ਪਿੱਛੋਂ ਬਹੁਤ ਲੋਕ ਖੜ੍ਹੇ ਹੋ ਜਾਣਗੇ, ਕੀ ਲਾਭ ਕੋਰਟ-ਕਚਹਿਰੀ ਦੇ ਚੱਕਰ ਲੱਗਣਗੇ, ਤੁਹਾਡਾ ਪਰਵਾਰ ਤਾਂ ਤੁਹਾਡੇ ਦੋਵੇਂ ਭਰਾ ਹੀ ਹਨ ਨਾ।"

ਉਹ ਚੁੱਪਚਾਪ ਸੁਣਦੇ ਰਹੇ। ਫਿਰ ਕਿਹਾ, "ਬੇਟਾ, ਮੇਰੀ ਪਤਨੀ ਦੀ ਮੌਤ ਪਿੱਛੋਂ ਜਦੋਂ ਮੈਂ ਕਿਹਾ ਕਿ ਦੂਜਾ ਵਿਆਹ ਨਹੀਂ ਕਰਨਾ ਚਾਹੁੰਦਾ ਤਾਂ ਭਰਾਵਾਂ ਨੇ ਕਹਿ ਦਿੱਤਾ ਕਿ ਮੈਂ ਆਪਣੀ ਜ਼ਿੰਮੇਵਾਰੀ ਆਪੇ ਚੁੱਕਾਂ। ਅਜਿਹਾ ਕਹਿ ਕੇ ਉਨ੍ਹਾਂ ਨੇ ਮੈਨੂੰ ਘਰੋਂ ਅੱਡ ਹੀ ਨਹੀਂ ਕੀਤਾ, ਮੇਰੇ ਨਾਲੋਂ ਨਾਤਾ ਵੀ ਤੋੜ ਲਿਆ। ਦੋ ਸਾਲ ਇਕੱਲੇ ਰਹਿਣ ਪਿੱਛੋਂ ਮੈਂ ਦੋ ਅਨਾਥ ਬੱਚਿਆਂ ਨੂੰ ਗੋਦ ਲੈ ਲਿਆ, ਇੱਕ ਬੇਟਾ, ਇੱਕ ਬੇਟੀ। ਉਨ੍ਹਾਂ ਨੂੰ ਪੜ੍ਹਾਇਆ ਲਿਖਾਇਆ, ਉਨ੍ਹਾਂ ਦੇ ਵਿਆਹ ਕੀਤੇ। ਉਹੀ ਮੇਰਾ ਪਰਵਾਰ ਹਨ। ਇਸੇ ਸ਼ਹਿਰ ਵਿੱਚ ਹਨ। ਉਹ ਹੀ ਮੇਰੀ ਦੇਖਭਾਲ ਵੀ ਕਰ ਰਹੇ ਹਨ। ਮੈਂ ਵਸੀਅਤ ਕਰ ਚੁੱਕਾ ਹਾਂ। ਦੋਵਾਂ ਵਿੱਚ ਪੈਸਾ ਵੰਡ ਚੁੱਕਾ ਹਾਂ।" ਬੋਲਦਿਆਂ ਬੋਲਦਿਆਂ ਉਨ੍ਹਾਂ ਨੂੰ ਥਕਾਵਟ ਮਹਿਸੂਸ ਹੋਈ। ਉਨ੍ਹਾਂ ਨੇ ਅੱਖਾਂ ਬੰਦ ਕਰ ਲਈਆਂ। ਕੁਝ ਪਲਾਂ ਪਿੱਛੋਂ ਜਦੋਂ ਉਨ੍ਹਾਂ ਨੇ ਅੱਖਾਂ ਖੋਲ੍ਹੀਆਂ, ਤਾਂ ਵੇਖਿਆ, ਦੋਵੇਂ ਜਾ ਚੁੱਕੇ ਸਨ।

## ਹਲਕਾ-ਫੁਲਕਾ

ਪਤਨੀ,"ਮੇਰੀ ਸਮਝ ਵਿੱਚ ਨਹੀਂ ਆਉਂਦਾ ਕਿ ਕਈ ਸਾਲਾਂ ਤੋਂ ਮੈਂ ਕਰਵਾ ਚੌਥ ਦਾ ਵਰਤ ਨਹੀਂ ਰੱਖ ਰਹੀ, ਫਿਰ ਵੀ ਤੁਸੀਂ ਪੂਰੀ ਤਰ੍ਹਾਂ ਸਿਹਤਮੰਦ ਕਿਵੇਂ ਹੋ, ਤੁਹਾਨੂੰ ਤਾਂ ਕਦੀ ਜ਼ੁਕਾਮ ਤੱਕ ਨਹੀਂ ਹੋਇਆ।"

ਪਤੀ, "ਮੈਂ ਬਹੁਤ ਨਿਯਮਾਂ ਤੇ ਸੰਜਮ ਵਿੱਚ ਰਹਿੰਦਾ ਹਾਂ ਨਾ, ਇਸ ਲਈ।"

ਪਤਨੀ,"ਮੈਨੂੰ ਬੇਵਕੂਫ ਸਮਝਿਆ ਹੋਇਆ ਹੈ, ਸੱਚ-ਸੱਚ ਦੱਸੋ ਕੌਣ ਹੈ ਉਹ, ਜਿਹੜੀ ਤੁਹਾਡੇ ਲਈ ਕਰਵਾ ਚੌਥ ਦਾ ਵਰਤ ਰੱਖਦੀ ਹੈ?"

********

ਇੱਕ ਆਦਮੀ (ਦੂਸਰੇ ਨੂੰ),"ਯਾਰ! ਇਹ ਖ਼ੁਸ਼ੀਆਂ ਕੀ ਹੁੰਦੀਆਂ ਹਨ..?"

ਦੂਸਰਾ,"ਪਤਾ ਨਹੀਂ ਭਰਾਵਾਂ, ਮੇਰਾ ਤਾਂ ਛੋਟੀ ਉਮਰ ਵਿੱਚ ਹੀ ਵਿਆਹ ਹੋ ਗਿਆ ਸੀ।"

*******

ਟੀਚਰ, "ਜੇ ਕੋਈ ਸਕੂਲ ਦੇ ਸਾਹਮਣੇ ਬੰਬ ਰੱਖ ਜਾਏ ਤਾਂ ਤੁਸੀਂ ਕੀ ਕਰੋਗੇ?"

ਹਨੀ, "ਮੈਡਮ ਜੀ, ਅਸੀਂ 1-2 ਘੰਟੇ ਦੇਖਾਂਗੇ, ਜੇ ਕੋਈ ਲੈ ਜਾਂਦਾ ਹੈ ਤਾਂ ਠੀਕ ਹੈ, ਨਹੀਂ ਤਾਂ ਸਟਾਫ ਰੂਮ ਵਿੱਚ ਰੱਖ ਦਿਆਂਗੇ।"

## ਬੱਸ ਮਾਫੀਆ ਹਾਲੇ ਵੀ ਰੋਡਵੇਜ਼ ਨੂੰ ਚੂਨਾ ਲਾਈ ਜਾ ਰਿਹੈ



ਜਲੰਧਰ, 3 ਅਪ੍ਰੈਲ (ਪੋਸਟ ਬਿਊਰੋ)- ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਪਿੱਛੋਂ ਵੀ ਬੱਸ ਸਟੈਂਡ ਦੇ ਆਲੇ-ਦੁਆਲੇ ਨਾਜਾਇਜ਼ ਬੱਸ ਮਾਫੀਆ ਪੂਰੀ ਤਰ੍ਹਾਂ ਨਾਲ ਹਾਵੀ ਹੈ ਅਤੇ ਹੈਰਾਨੀ ਇਸ ਗੱਲ ਦੀ ਹੈ ਕਿ ਮਹਾਨਗਰ ਦੇ ਸਰਕਾਰੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਇੰਟਰਸਟੇਟ ਬੱਸ ਟਰਮੀਨਲ ਦੇ ਇਲਾਵਾ ਪੰਜਾਬ ਰੋਡਵੇਜ਼ ਡਿਪੂ ਦੇ ਨੇੜਿਓਂ ਵੀ ਧੜੱਲੇ ਨਾਲ ਨਾਜਾਇਜ਼ ਬੱਸਾਂ ਦਾ ਚੱਲਣਾ ਲਗਾਤਾਰ ਜਾਰੀ ਹੈ। ਰਾਤ ਦੇ ਇਲਾਵਾ ਦਿਨ ਸਮੇਂ ਵਿੱਚ ਵੀ ਜੰਮੂ, ਜੈਪੁਰ, ਬੀਕਾਨੇਰ, ਉਤਰ ਪ੍ਰਦੇਸ਼, ਉਤਰਾਖੰਡ, ਦਿੱਲੀ ਆਦਿ ਲਈ ਬੱਸਾਂ ਨੂੰ ਰਵਾਨਾ ਕੀਤਾ ਜਾ ਰਿਹਾ ਹੈ। ਨਾਜਾਇਜ਼ ਬੱਸਾਂ ਦਿਨ ਦੇ ਸਮੇਂ ਸ਼ਹਿਰ ਦੇ ਪੀ ਏ ਪੀ ਚੌਕ ਅਤੇ ਰਾਮਾਮੰਡੀ ਚੌਕ ਤੋਂ ਹੁੰਦੇ ਹੋਏ ਨਿਕਲਦੀਆਂ ਹਨ।

ਮਿਲੀ ਜਾਣਕਾਰੀ ਅਨੁਸਾਰ ਟਰੈਫਿਕ ਪੁਲਸ ਮੁਲਾਜ਼ਮ ਵੀ ਬਾਕਾਇਦਾ ਤੌਰ ਉੱਤੇ ਉਨ੍ਹਾਂ ਨੂੰ ਚੱਲਦੇ ਦੇਖਦੇ ਹਨ। ਨਿੱਜੀ ਬੱਸਾਂ ਦੇ ਕਰਿੰਦੇ ਟਰੈਫਿਕ ਪੁਲਸ ਵਾਲਿਆਂ ਨਾਲ ਹੱਥ ਮਿਲਾ ਕੇ ਤੁਰ ਜਾਂਦੇ ਹਨ। ਪੰਜਾਬ ਰੋਡਵੇਜ਼ ਵੱਲੋਂ ਲਗਭਗ ਇੱਕ ਸਾਲ ਪਹਿਲਾਂ ਕਰਵਾਏ ਸਰਵੇ ਦੌਰਾਨ ਪੰਜਾਬ ਰੋਡਵੇਜ਼ ਦਫਤਰ ਨੂੰ ਦੱਸਿਆ ਗਿਆ ਸੀ ਕਿ ਰੋਜ਼ ਪੰਜ ਦਰਜਨ ਤੋਂ ਵੱਧ ਨਾਜਾਇਜ਼ ਬੱਸਾਂ ਸ਼ਹਿਰ ਤੋਂ ਨਿਕਲਦੀਆਂ ਹਨ। ਬੀਤੀ ਕਾਂਗਰਸ ਸਰਕਾਰ ਵੱਲੋਂ ਪੰਜਾਬ ਰੋਡਵੇਜ਼ ਦੇ ਡਿਪੂ ਜਨਰਲ ਮੈਨੇਜਰਾਂ ਨੂੰ ਆਪਣੇ ਦਫਤਰ ਦੇ ਪੰਜ ਸੌ ਮੀਟਰ ਘੇਰੇ ਵਿੱਚ ਕਾਰਵਾਈ ਦੇ ਅਧਿਕਾਰ ਦੇ ਦਿੱਤੇ ਗਏ ਤੇ ਉਸ ਦੇ ਬਾਅਦ ਨਵੀਂ ਬਣੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੀ ਪੰਜਾਬ ਰੋਡਵੇਜ਼ ਅਫਸਰਾਂ ਨੂੰ ਦਿੱਤੇ ਅਧਿਕਾਰਾਂ ਨੂੰ ਜਿਉਂ ਦਾ ਤਿਉਂ ਰੱਖਿਆ ਹੈ।

ਖਾਸ ਗੱਲ ਇਹ ਹੈ ਕਿ ਨਾਜਾਇਜ਼ ਬੱਸਾਂ ਰੋਕਣ ਦੀ ਕਾਰਵਾਈ ਲਈ ਪੰਜਾਬ ਰੋਡਵੇਜ਼ ਅਧਿਕਾਰੀਆਂ ਦੇ ਇਲਾਵਾ ਸੈਕਟਰੀ, ਰੀਜ਼ਨਲ ਟਰਾਂਸਪੋਰਟ ਅਥਾਰਟੀ ਅਤੇ ਕੁਝ ਐਸ ਡੀ ਐਮ ਪ੍ਰਵਾਨਤ ਹਨ। ਇਸ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਹੋ ਰਹੀ। ਨਿੱਜੀ ਬੱਸ ਮਾਫੀਆ ਬਾਕਾਇਦਾ ਆਨਲਾਈਨ ਯਾਤਰੀਆਂ ਦੀ ਬੁਕਿੰਗ ਕਰਦਾ ਅਤੇ ਡਿਸਕਾਊਂਟ ਦੇ ਕੇ ਲੋਕਾਂ ਨੂੰ ਆਕਰਸ਼ਿਤ ਕਰਦਾ ਹੈ ਅਤੇ ਪੰਜਾਬ ਦੀ ਸਰਕਾਰੀ ਬੱਸ ਸੇਵਾ ਦੀ ਆਮਦਨ ਨੂੰ ਚੂਨਾ ਲੱਗਦਾ ਹੈ।

## ਪੰਜਾਬ ਸਰਕਾਰ ਵੱਲੋਂ ਸੜਕਾਂ ਉਤੇ ਵਾਹਨਾਂ ਦੀ ਸਪੀਡ ਲਿਮਟ ਤੈਅ

ਲੁਧਿਆਣਾ, 3 ਅਪ੍ਰੈਲ (ਪੋਸਟ ਬਿਊਰੋ)- ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਡਿਵਾਈਡਰ ਵਾਲੀਆਂ ਸੜਕਾਂ ਤੇ ਨਗਰ ਨਿਗਮ ਦੀ ਹੱਦ ਦੇ ਅੰਦਰ ਦੀਆਂ ਸੜਕਾਂ, ਸਕੂਲਾਂ ਦੇ ਬਾਹਰ ਅਤੇ ਹੋਰ ਸੜਕਾਂ ਉੱਤੇ ਲੋਕਾਂ ਦੀ ਸੁਰੱਖਿਆ ਅਤੇ ਸਹੂਲਤ ਦੇ ਲਈ ਵਾਹਨਾਂ ਦੀ ਮੈਕਸੀਮਮ ਸਪੀਡ ਲਿਮਟ ਤੈਅ ਕੀਤੀ ਗਈ ਹੈ। ਇਸ ਤੋਂ ਪਹਿਲਾਂ ਸਕੂਲਾਂ ਮੂਹਰੇ ਸਪੀਡ ਲਿਮਿਟ ਲਈ ਵੱਖਰੇ ਤੌਰਉੱਤੇ ਹੁਕਮ ਨਹੀਂ ਸਨ। ਅੱਗੇ ਤੋਂ ਸਕੂਲਾਂ ਦੇ ਬਾਹਰ ਸਾਰੇ ਵਾਹਨ ਵੱਧ ਤੋਂ ਵੱਧ 25 ਕਿਲੋਮੀਟਰ ਪ੍ਰਤੀ ਘੰਟਾ ਦੀ ਰਫਤਾਰ ਨਾਲ ਚੱਲਣਗੇ, ਜਦੋਂ ਕਿ ਡਿਵਾਈਡਰ ਵਾਲੀਆਂ ਸੜਕਾਂ, ਨਗਰ ਨਿਗਮ ਹੱਦ ਦੇ ਅੰਦਰ ਆਉਂਦੀਆਂ ਸੜਕਾਂ ਅਤੇ ਹੋਰਨਾਂ ਸੜਕਾਂ ਉੱਤੇ ਸਪੀਡ ਲਿਮਟ ਦੇ ਮਾਪਦੰਡ ਵੱਖ-ਵੱਖ ਹੋਣਗੇ। ਮਿਥੇ ਗਏ ਸਟੈਂਡਰਡ ਅਨੁਸਾਰ ਅੱਠ ਸੀਟਾਂ ਵਾਲੇ ਸਵਾਰੀ ਵਾਹਨ (ਐਮ-1 ਕੈਟਾਗਰੀ) ਲਈ ਚਾਰ ਲੇਨ ਜਾਂ ਉਸ ਤੋਂ ਵੱਧ ਡਿਵਾਈਡਰ ਵਾਲੀਆਂ ਸੜਕਾਂ ਉੱਤੇ ਵੱਧ ਤੋਂ ਵੱਧ ਸਪੀਡ 100, ਨਗਰ ਨਿਗਮ ਦੇ ਅੰਦਰ ਸੜਕਾਂ ਉੱਤੇ ਪੰਜਾਹ, ਸਕੂਲ ਦੇ ਬਾਹਰ 25 ਅਤੇ ਹੋਰਨਾਂ ਸੜਕਾਂ ਉੱਤੇ 55 ਕਿਲੋਮੀਟਰ ਪ੍ਰਤੀ ਘੰਟਾ ਦੀ ਰਫਤਾਰ ਤੈਅ ਕੀਤੀ ਗਈ ਹੈ।ਨੌਂ ਜਾਂ ਵੱਧ ਸੀਟਾਂ ਤੱਕ ਵਾਲੇ ਸਵਾਰੀ ਵਾਹਨ (ਐਮ-2, ਤਿੰਨ ਕੈਟਾਗਰੀ) ਲਈ ਚਾਰ ਲੇਨ ਜਾਂ ਉਸ ਤੋਂ ਵੱਧ ਡਿਵਾਈਡਰ ਵਾਲੀਆਂ ਸੜਕਾਂ ਉੱਤੇ ਵੱਧ ਤੋਂ ਵੱਧ ਸਪੀਡ 75, ਨਗਰ ਨਿਗਮ ਹੱਦ ਦੇ ਅੰਦਰ ਸੜਕਾਂ ਉੱਤੇ 45, ਸਕੂਲਾਂ ਅੱਗੇ 25 ਅਤੇ ਹੋਰਨਾਂ ਸੜਕਾਂ ਉੱਤੇ 45 ਕਿਲੋਮੀਟਰ ਪ੍ਰਤੀ ਘੰਟਾ ਤੈਅ ਕੀਤੀ ਗਈ ਹੈ।ਭਾਰ ਢੋਣ ਵਾਲੇ ਵਾਹਨ (ਸਾਰੀਆਂ ਐਨ ਕੈਟਾਗਰੀਆਂ) ਲਈ ਚਾਰ ਲੇਨ ਜਾਂ ਉਸ ਤੋਂ ਵੱਧ ਡਿਵਾਈਡਰ ਵਾਲੀਆਂ ਸੜਕਾਂ ਉੱਤੇ ਵੱਧ ਤੋਂ ਵੱਧ ਸਪੀਡ ਸੱਤਰ, ਨਿਗਮ ਹੱਦ ਦੇ ਅੰਦਰ ਸੜਕਾਂ ਉੱਤੇ 45, ਸਕੂਲਾਂ ਮੂਹਰੇ 25 ਅਤੇ ਹੋਰਨਾਂ ਸੜਕਾਂ ਉੱਤੇ 45 ਕਿਲੋਮੀਟਰ ਪ੍ਰਤੀ ਘੰਟਾ ਤੈਅ ਕੀਤੀ ਗਈ ਹੈ। ਦੋਪਹੀਆਂ ਵਾਹਨਾਂ ਲਈ ਚਾਰ ਲੇਨ ਜਾਂ ਉਸ ਤੋਂ ਵੱਧ ਡਿਵਾਈਡਰ ਵਾਲੀਆਂ ਸੜਕਾਂ ਉੱਤੇ ਵੱਧ ਤੋਂ ਵੱਧ ਸਪੀਡ 60, ਨਿਗਮ ਹੱਦ ਦੇ ਅੰਦਰ ਸੜਕਾਂ ਉੱਤੇ ਚਾਲੀ, ਸਕੂਲਾਂ ਦੇ ਬਾਹਰ 25 ਅਤੇ ਹੋਰਨਾਂ ਸੜਕਾਂ ਉੱਤੇ ਚਾਲੀ ਕਿਲੋਮੀਟਰ ਪ੍ਰਤੀ ਘੰਟਾ ਤੈਅ ਕੀਤੀ ਗਈ ਹੈ।ਤਿੰਨ ਪਹੀਆ ਵਾਹਨਾਂ ਲਈ ਚਾਰ ਲੇਨ ਜਾਂ ਉਸ ਤੋਂ ਜ਼ਿਆਦਾ ਡਿਵਾਈਡਰ ਵਾਲੀਆਂ ਸੜਕਾਂ ਉੱਤੇ ਵੱਧ ਤੋਂ ਵੱਧ ਸਪੀਡ 50, ਨਿਗਮ ਹੱਦ ਦੇ ਅੰਦਰ ਸੜਕਾਂ ਉੱਤੇ ਚਾਲੀ, ਸਕੂਲਾਂ ਦੇ ਬਾਹਰ 25 ਅਤੇ ਹੋਰਨਾਂ ਸੜਕਾਂ ਉੱਤੇ ਚਾਲੀ ਕਿਲੋਮੀਟਰ ਪ੍ਰਤੀ ਘੰਟਾ ਤੈਅ ਕੀਤੀ ਗਈ ਹੈ।ਕੁਆਡ੍ਰੀਸਾਈਕਲ ਲਈ ਚਾਰ ਲੇਨ ਜਾਂ ਉਸ ਤੋਂ ਵੱਧ ਡਿਵਾਈਡਰ ਵਾਲੀਆਂ ਸੜਕਾਂ ਉੱਤੇ ਵੱਧ ਤੋਂ ਵੱਧ ਪੰਜਾਹ, ਨਿਗਮ ਹੱਦ ਦੇ ਅੰਦਰ ਸੜਕਾਂ ਉੱਤੇ ਚਾਲੀ, ਸਕੂਲਾਂ ਦੇ ਬਾਹਰ 25 ਅਤੇ ਹੋਰਨਾਂ ਸੜਕਾਂ ਉੱਤੇ ਚਾਲੀ ਕਿਲੋਮੀਟਰ ਪ੍ਰਤੀ ਘੰਟਾ ਤੈਅ ਕੀਤੀ ਗਈ ਹੈ।



## ਬੱਚੀ ਨਾਲ ਬਲਾਤਕਾਰ: ਸਕੂਲ ਪ੍ਰਬੰਧਕ ਦੀ ਗ੍ਰਿਫਤਾਰੀ ਤੋਂ ਬਾਅਦ ਪਰਿਵਾਰ ਨੇ ਧਰਨਾ ਚੁੱਕਿਆ

ਗੁਰਦਾਸਪੁਰ, 3 ਅਪ੍ਰੈਲ (ਪੋਸਟ ਬਿਊਰੋ)- ਬੀਤੇ ਕੱਲ੍ਹ ਇੱਕ ਨਿੱਜੀ ਸਕੂਲ ਵਿੱਚ ਪੜ੍ਹਦੀ ਕਰੀਬ ਚਾਰ ਸਾਲਾ ਬੱਚੀ ਨਾਲ ਹੋਏ ਬਲਾਤਕਾਰ ਪਿੱਛੋਂ ਪੁਲਸ ਵੱਲੋਂ ਅਣਪਛਾਤੇ ਦੋਸ਼ੀ ਖਿਲਾਫ ਪਰਚਾ ਦਰਜ ਕਰਨ ਦੇ ਬਾਵਜੂਦ ਮ੍ਰਿਤਕ ਦੇ ਪਰਿਵਾਰਕ ਮੈਂਬਰ ਤੇ ਕਈ ਜਥੇਬੰਦੀਆਂ ਦੇ ਆਗੂਆਂ ਨੇ ਸਾਰੀ ਰਾਤ ਨੈਸ਼ਨਲ ਹਾਈਵੇ ਉੱਤੇ ਆਵਾਜਾਈ ਠੱਪ ਰੱਖੀ। ਕੱਲ੍ਹ ਸਵੇਰੇ ਪੁਲਸ ਨੇ ਸਕੂਲ ਦੇ ਚੇਅਰਮੈਨ ਤੇ ਹੋਰ ਪ੍ਰਬੰਧਕਾਂ ਖਿਲਾਫ ਪਰਚਾ ਦਰਜ ਕਰ ਕੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ। ਇਸ ਉਪਰੰਤ ਪ੍ਰਦਰਸ਼ਨਕਾਰੀਆਂ ਨੇ ਨੈਸ਼ਨਲ ਹਾਈਵੇ ਤੋਂ ਧਰਨਾ ਸਮਾਪਤ ਕੀਤਾ।

ਇਸ ਸਬੰਧੀ ਡੀ ਐਸ ਪੀ ਨੇ ਦੱਸਿਆ ਕਿ ਪਹਿਲਾਂ ਅਣਪਛਾਤੇ ਦੋਸ਼ੀ ਖਿਲਾਫ ਪੋਕਸੋ ਐਕਟ ਤਹਿਤ ਕੇਸ ਦਰਜ ਕੀਤਾ ਸੀ, ਪਰ ਪੀੜਤ ਲੜਕੀ ਦੇ ਪਰਵਾਰ ਨੇ ਸਪਲੀਮੈਂਟਰੀ ਸਟੇਟਮੈਂਟ ਦਿੱਤੀ ਸੀ, ਜਿਸ ਉਤੇ ਸਕੂਲ ਦੇ ਪ੍ਰਬੰਧਕਾਂ ਨੂੰ ਵੀ ਪਰਚੇ ਵਿੱਚ ਸ਼ਾਮਲ ਕੀਤਾ ਗਿਆ ਹੈ।

## ਭ੍ਰਿਸ਼ਟਾਚਾਰ ਦੇ ਖਿਲਾਫ ਈ ਡੀ ਦੀ ਵੱਡੀ ਕਾਰਵਾਈ, ਬੇਨਾਮੀ ਜਾਇਦਾਦ ਕੇਸ ’ਚ ਸਾਬਕਾ ਐਸ ਐਸ ਪੀ ਦੀ ਜਾਇਦਾਦ ਜ਼ਬਤ

ਫਿਰੋਜ਼ਪੁਰ, 3 ਅਪ੍ਰੈਲ (ਪੋਸਟ ਬਿਊਰੋ)- ਕੇਂਦਰ ਦੀ ਭ੍ਰਿਸ਼ਟਾਚਾਰ ਰੋਕੂ ਤੇ ਮਨੀ ਲਾਂਡਰਿੰਗ ਉੱਤੇ ਸ਼ਿਕੰਜਾਕੱਸਣ ਵਾਲੀ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਵੱਲੋਂ ਵੱਡੀ ਕਾਰਵਾਈ ਕਰਦੇ ਹੋਏ ਸਾਬਕਾ ਐਸ ਐਸ ਪੀ ਸੁਰਜੀਤ ਸਿੰਘ ਗਰੇਵਾਲ ਦੀ ਚਾਰ ਕਰੋੜ ਤੋਂ ਵੱਧ ਦੀ ਜਾਇਦਾਦ ਨੂੰ ਜ਼ਬਤ ਕੀਤਾ ਗਿਆ ਹੈ।

ਸੁਰਜੀਤ ਸਿੰਘ ਗਰੇਵਾਲ ਜਲੰਧਰ ਅਤੇ ਫਿਰੋਜ਼ਪੁਰ ਰੇਂਜ ਵਿੱਚ ਐਸ ਐਸਪੀ ਵਿਜੀਲੈਂਸ ਤੋਂ ਇਲਾਵਾ ਬਾਦਲ ਸਰਕਾਰ ਸਮੇਂ ਐਸ ਐਸ ਪੀ ਮੋਗਾ ਅਤੇ ਐਸ ਐਸ ਪੀ ਫਾਜ਼ਿਲਕਾ ਤੈਨਾਤ ਰਹੇ ਸਨ। ਏਜੰਸੀ ਨੇ ਅਗਸਤ 2019 ਵਿੱਚ ਦਰਜ ਕੀਤੇ ਕੇਸ ਉੱਤੇ ਜਾਂਚ ਕਰ ਕੇ ਵੱਡੀ ਕਾਰਵਾਈ ਕਰਦਿਆਂ ਬੇਨਾਮੀ ਜਾਇਦਾਦ ਦਾ ਖੁਲਾਸਾ ਕੀਤਾ ਹੈ। ਦਬਦਬਾ ਰੱਖਣ ਵਾਲੇ ਗਰੇਵਾਲ ਨੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਸਲਾਹਕਾਰ ਭਰਤਇੰਦਰ ਸਿੰਘ ਚਾਹਲ ਦੇ ਕੇਸ ਦੀ ਵੀ ਜਾਂਚ ਕੀਤੀ ਸੀ। ਵਿਜੀਲੈਂਸ ਬਿਊਰੋ ਦੀ ਪਟਿਆਲਾ ਬ੍ਰਾਂਚ ਨੇ ਇਹ ਤਫਤੀਸ਼ ਅਮਰੀਕਾ ਰਹਿੰਦੇ ਐੱਨ ਆਰ ਆਈ ਸਰਬਜੀਤ ਸਿੰਘ ਦੀ ਸ਼ਿਕਾਇਤ ਉੱਤੇ 2015 ਤੋਂ ਸ਼ੁਰੂ ਕੀਤੀ ਸੀ, ਜਿਸ ਸਬੰਧੀ 21 ਦਸੰਬਰ 2017 ਨੂੰ ਕੇਸ ਵੀ ਦਰਜ ਕੀਤਾ ਗਿਆ ਸੀ। ਜਾਂਚ ਤੋਂ ਪਤਾ ਲੱਗਾ ਕਿ 1999 ਤੋਂ ਲੈ ਕੇ 2014 ਤਕ ਸਾਬਕਾ ਐਸ ਐਸ ਪੀ ਦੀ ਆਮਦਨ ਦੋ ਕਰੋੜ 12 ਲੱਖ ਰੁਪਏ ਸੀ, ਜਦ ਕਿ ਉਨ੍ਹਾਂ ਨੇ 12 ਕਰੋੜ 19 ਲੱਖ ਰੁਪਏ ਦੀ ਚੱਲ ਅਚੱਲ ਜਾਇਦਾਦ ਆਪਣੇ ਅਤੇ ਆਪਣੇ ਰਿਸ਼ਤੇਦਾਰਾਂ ਦੇ ਨਾਂਅ ਉੱਤੇਖਰੀਦੀ ਸੀ। ਬਤੌਰ ਪਬਲਿਕ ਸਰਵੈਂਟ ਗਰੇਵਾਲ ਨੇ ਆਪਣੇ ਅਹੁਦੇ ਦੀ ਦੁਰਵਰਤੋਂ ਕਰਦੇ ਹੋਏ ਭ੍ਰਿਸ਼ਟਾਚਾਰ ਰਾਹੀਂ 15 ਸਾਲਾਂ ਅੰਦਰ ਕਰੋੜਾਂ ਰੁਪਏ ਦੀ ਬੇਨਾਮੀ ਜਾਇਦਾਦ ਬਣਾਈ ਸੀ।

ਵਰਨਣ ਯੋਗ ਹੈ ਕਿ ਜੁਲਾਈ 2012 ਵਿੱਚ ਓਦੋਂ ਦੇ ਪ੍ਰਿੰਸੀਪਲ ਸਕੱਤਰ ਕਾਹਨ ਸਿੰਘ ਪੰਨੂ ਨੇ ਇੱਕ ਜਾਂਚ ਦੌਰਾਨ ਸੁਰਜੀਤ ਸਿੰਘ ਗਰੇਵਾਲ ਸਮੇਤ ਹੋਰ ਪੁਲਸ ਅਫਸਰਾਂ ਨੂੰ ਇੱਕ ਪਟਵਾਰੀ ਨੂੰ ਝੂਠੇ ਕੇਸ ਵਿੱਚ ਫਸਾਉਣ ਦੇ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਸੀ। ਫਿਰੋਜ਼ਪੁਰ ਦੇ ਪਟਵਾਰੀ ਮੋਹਨ ਸਿੰਘ ਨੂੰ ਸਾਬਕਾ ਪੁਲਸ ਅਧਿਕਾਰੀ ਸ਼ਿਵ ਕੁਮਾਰ ਸ਼ਰਮਾ ਕੋਲੋਂ ਸਰਕਾਰੀ ਫੀਸ 20 ਰੁਪਏ ਮੰਗਣ ਬਦਲੇ ਝੂਠੇ ਕੇਸ ਵਿੱਚ ਫਸਾਉਣ ਵਿੱਚ ਗਰੇਵਾਲ ਦਾ ਹੱਥ ਸੀ। ਵਿਜੀਲੈਂਸ ਬਿਊਰੋ ਨੇ 2017 ਵਿੱਚ ਦਰਜ ਕੇਸ ਵਿੱਚ ਇਹ ਵੀ ਦੱਸਿਆ ਕਿ ਗਰੇਵਾਲ ਨੇ ਕਿਲ੍ਹਾ ਰਾਏਪੁਰ, ਸਮਰਾਲਾ ਅਤੇ ਫਤਿਹਗੜ੍ਹ ਸਾਹਿਬ ਵਿੱਚ ਆਪਣੇ ਨੇੜਲੇ ਰਿਸ਼ਤੇਦਾਰਾਂ ਦੇ ਨਾਂਅ ਉੱਤੇ ਭ੍ਰਿਸ਼ਟਾਚਾਰ ਨਾਲ ਕੀਤੀ ਕਮਾਈ ਤੋਂ ਜਾਇਦਾਦ ਖਰੀਦੀ ਸੀ।

## ਪੁਲਸ ਨੇ 36 ਘੰਟਿਆਂ ਵਿੱਚ ਕਤਲ ਦੀ ਗੁੱਥੀ ਸੁਲਝਾਈ


ਬਟਾਲਾ, 3 ਅਪ੍ਰੈਲ (ਪੋਸਟ ਬਿਊਰੋ)- ਬੀਤੇ ਦਿਨੀਂ ਪਿੰਡ ਮੂਲਿਆਂਵਾਲ ਤੋਂ ਪਿੰਡ ਕਲੇਰ ਕਲਾਂ ਜਾਂਦੀ ਸੜਕ ਉੱਤੇ ਇੱਕ ਨੌਜਵਾਨ ਦੀ ਲਾਸ਼ ਮਿਲੀ ਸੀ, ਜਿਸ ਦਾ ਅਣਪਛਾਤੇ ਵਿਅਕਤੀ ਨੇ ਗੋਲੀ ਮਾਰ ਕੇ ਕਤਲ ਕੀਤਾ ਸੀ।

ਬਟਾਲਾ ਪੁਲਸ ਨੇ ਉਕਤ ਕਤਲ ਕੇਸ ਦੀ ਗੁੱਥੀ 36 ਘੰਟਿਆਂ ਵਿੱਚ ਸੁਲਝਾ ਕੇ \ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਹੈ। ਏ ਡੀ ਐਸ ਪੀ ਸਿਟੀ ਨੇ ਦੱਸਿਆ ਕਿ 29 ਮਾਰਚ ਨੂੰ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਪਿੰਡ ਮੂਲਿਆਂਵਾਲ ਤੋਂ ਪਿੰਡ ਕਲੇਰ ਕਲਾਂ ਜਾਂਦੀ ਪੱਕੀ ਸੜਕ ਉੱਤੇ ਇੱਕ ਨੌਜਵਾਨ ਦੀ ਲਾਸ਼ ਪਈ ਹੈ, ਜਿਸ ਤੋਂ ਬਾਅਦ ਪੁਲਸ ਵੱਲੋਂ ਜਦੋਂ ਮੌਕੇ ਉੱਤੇ ਜਾ ਕੇ ਦੇਖਿਆ ਤਾਂ ਨੌਜਵਾਨ ਦੇ ਖੱਬੇ ਕੰਨ ਦੇ ਪਿਛਲੇ ਪਾਸੇ ਗੋਲੀ ਦਾ ਨਿਸ਼ਾਨ ਸੀ। ਥਾਣਾ ਸੇਖਵਾਂ ਪੁਲਸ ਵੱਲੋਂ ਮੂਲਿਆਂਵਾਲ ਦੇ ਸਰਪੰਚ ਮਨਜੀਤ ਸਿੰਘ ਦੇ ਬਿਆਨਾਂ ਉੱਤੇ ਕਤਲ ਦਾ ਕੇਸ ਦਰਜ ਕੀਤਾ ਗਿਆ ਸੀ। ਮ੍ਰਿਤਕ ਦੀ ਪਛਾਣ ਗਗਨਦੀਪ ਸਿੰਘ (19) ਪੁੱਤਰ ਜਸਬੀਰ ਸਿੰਘ ਵਾਸੀ ਛੀਨਾ ਕਰਮ ਸਿੰਘ ਵਾਲਾ, ਅਜਨਾਲਾ ਵਜੋਂ ਹੋਈ।

ਪੁਲਸ ਦੀਆਂ ਟੀਮਾਂ ਬਣਾ ਕੇ ਘਟਨਾ ਵਾਲੀ ਜਗ੍ਹਾ ਦੇ ਆਸ ਪਾਸ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਜਾਂਚ ਕੀਤੀ ਗਈ ਅਤੇ ਖੁਫੀਆ ਸੋਰਸਾਂ ਰਾਹੀਂ ਜਾਣਕਾਰੀ ਹਾਸਲ ਕਰ ਕੇ ਸ਼ੱਕੀ ਲੋਕਾਂ ਦੇ ਮੋਬਾਈਲਾਂ ਦੀ ਸੀ ਡੀ ਆਰ ਅਤੇ ਟਾਵਰ ਲੋਕੇਸ਼ਨ ਹਾਸਲ ਕੀਤੀ ਤਾਂ ਜਾਂਚ ਵਿੱਚ ਇਹ ਗੱਲ ਨਿਕਲੀ ਕਿ 28 ਮਾਰਚ ਨੂੰ ਗਗਨਦੀਪ ਸਿੰਘ, ਉਸ ਦਾ ਪਿਤਾ ਜਸਬੀਰ ਸਿੰਘ ਅਤੇ ਜਸਬੀਰ ਸਿੰਘ ਦੇ ਰਿਸ਼ਤੇਦਾਰੀ ਵਿੱਚ ਮਾਮਾ ਲੱਗਦਾ ਗੁਰਦਿਆਲ ਸਿੰਘ ਪੁੱਤਰ ਸਵਿੰਦਰ ਸਿੰਘ ਵਾਸੀ ਜੱਟਾਂ ਪੱਛੀਆਂ ਥਾਣਾ ਰਮਦਾਸ ਪਠਾਨਕੋਟ ਸਾਈਡ ਤੋਂ ਕਿਸੇ ਵਿਅਕਤੀ ਤੋਂ ਕਾਰ ਖਰੀਦਣ ਗਏ ਸਨ, ਪਰ ਕਾਰ ਮਾਲਕ ਨੇ ਕਾਰ ਵੇਚਣ ਤੋਂ ਇਨਕਾਰ ਕਰ ਦਿੱਤਾ ਅਤੇ ਵਾਪਸੀ ਦੌਰਾਨ ਰਸਤੇ ਵਿੱਚ ਗਗਨਦੀਪ ਸਿੰਘ ਅਤੇ ਉਸ ਦੇ ਪਿਤਾ ਜਸਬੀਰ ਦੀ ਕਾਰ ਚਲਾਉਣ ਤੋਂ ਆਪਸ ਵਿੱਚ ਤੂੰ-ਤੂੰ, ਮੈਂ-ਮੈਂ ਹੋ ਗਈ। ਇਸ ਉੱਤੇ ਜਸਬੀਰ ਸਿੰਘ ਨੇ ਗੁੱਸੇ ਵਿੱਚ ਆ ਕੇ ਰਸਤੇ ਵਿੱਚ ਕਾਰ ਰੋਕ ਲਈ ਤੇ ਬਾਹਰ ਆ ਗਿਆ। ਫਿਰ ਗਗਨਦੀਪ ਸਿੰਘ ਅਤੇ ਗੁਰਦਿਆਲ ਸਿੰਘ ਵੀ ਕਾਰ ਤੋਂ ਬਾਹਰ ਆ ਗਏ, ਜਿੱਥੇ ਜਸਬੀਰ ਸਿੰਘ ਦੀ ਗਗਨਦੀਪ ਸਿੰਘ ਨਾਲ ਤਕਰਾਰ ਹੋ ਗਈ ਅਤੇ ਤੈਸ਼ ਵਿੱਚ ਆ ਕੇ ਜਸਬੀਰ ਸਿੰਘ ਨੇ ਆਪਣੇ ਲੜਕੇ ਗਗਨਦੀਪ ਸਿੰਘ ਨੂੰ ਰਿਵਾਲਵਰ ਨਾਲ ਗੋਲੀ ਮਾਰ ਕੇ ਮਾਰ ਦਿੱਤਾ।ਇਸ ਤੋਂ ਬਾਅਦ ਜਸਬੀਰ ਸਿੰਘ ਅਤੇ ਗੁਰਦਿਆਲ ਸਿੰਘ ਕਾਰ ਵਿੱਚ ਬੈਠ ਕੇ ਲਾਸ਼ ਉਥੇ ਛੱਡ ਕੇ ਫਰਾਰ ਹੋ ਗਏ। ਜਸਬੀਰ ਸਿੰਘ ਨੇ ਤੀਹ ਮਾਰਚ ਨੂੰ ਆਪਣੇ ਪਿੰਡ ਵਿੱਚ ਆਪਣੇ ਆਪ ਨੂੰ ਗੋਲੀ ਮਾਰ ਕੇ ਆਤਮਹੱਤਿਆ ਕਰ ਲਈ, ਜਦ ਕਿ ਗੁਰਦਿਆਲ ਸਿੰਘ ਨੇ ਜਸਬੀਰ ਸਿੰਘ ਨੂੰ ਬਚਾਉਣ ਦੀ ਖਾਤਰ ਜਾਣਬੁੱਝ ਕੇ ਇਸ ਘਟਨਾ ਬਾਰੇ ਪੁਲਸ ਨੂੰ ਸੂਚਿਤ ਨਹੀਂ ਕੀਤਾ। ਪੁਲਸ ਵੱਲੋਂ ਮੁਕੱਦਮੇ ਵਿੱਚ ਵਾਧਾ ਜੁਰਮ 202 ਆਈ ਪੀ ਸੀ ਦਰਜ ਕਰ ਕੇ ਗੁਰਦਿਆਲ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।


## ਕੈਨੇਡਾ ਭੇਜਣ ਦਾ ਝਾਂਸਾ ਦੇ ਕੇ ਜਾਅਲੀ ਵੀਜ਼ਾ ਫੜ੍ਹਾਇਆ

ਕਪੂਰਥਲਾ, 3 ਅਪ੍ਰੈਲ (ਪੋਸਟ ਬਿਊਰੋ)- ਥਾਣਾ ਬੇਗੋਵਾਲ ਪੁਲਸ ਨੇ ਨੌਜਵਾਨ ਨੂੰ ਕੈਨੇਡਾ ਭੇਜਣ ਦੇ ਨਾਂਅ ਉੱਤੇ ਜਾਅਲੀ ਵੀਜ਼ਾ ਤਿਆਰ ਕਰ ਕੇ ਦੇਣ ਦੇ ਦੋਸ਼ ਵਿੱਚ ਇੱਕ ਟਰੈਵਲ ਏਜੰਟ ਖਿਲਾਫ ਕੇਸ ਦਰਜ ਕੀਤਾ ਹੈ। ਤਰਸੇਮ ਲਾਲ ਸ਼ਰਮਾ ਵਾਸੀ ਸਹਾਏਪੁਰ ਹੁਸ਼ਿਆਰਪੁਰ ਨੇ ਦੱਸਿਆ ਕਿ ਉਸ ਦਾ ਬੇਟਾ ਅਨੀਸ਼ ਕੁਮਾਰ ਕੈਨੇਡਾ ਜਾਣਾ ਚਾਹੁੰਦਾ ਸੀ। ਇਸ ਮੌਕੇ ਉਸ ਦੀ ਟਰੈਵਲ ਏਜੰਟ ਬਲਵਿੰਦਰ ਸਿੰਘ ਪਿੰਡ ਮੁਸਾਖੇਲ ਭੁਲੱਥ ਨਾਲ ਮੁਲਾਕਾਤ ਹੋਈ। ਉਹ ਉਸ ਦੀ ਗੱਲਾਂ ਵਿੱਚ ਆ ਗਿਆ ਤੇ ਉਸ ਦੇ ਬੇਟੇ ਨੂੰ ਕੈਨੇਡਾ ਭੇਜਣ ਦੇ ਨਾਂਅ ਉੱਤੇ 18 ਲੱਖ ਰੁਪਏ ਦੇ ਦਿੱਤੇ। ਕਈ ਮਹੀਨੇ ਤਕ ਉਸ ਦੇ ਬੇਟੇ ਨੂੰ ਨਾ ਵਿਦੇਸ਼ ਭੇਜਿਆ ਤੇ ਨਾ ਪੈਸੇ ਵਾਪਸ ਕੀਤੇ। ਜਦ ਵਾਰ-ਵਾਰ ਉਸ ਤੋਂ ਪੈਸੇ ਵਾਪਸ ਮੰਗੇ ਤਾਂ ਉਸ ਨੇ ਕੈਨੇਡਾ ਦਾ ਜਾਅਲੀ ਵੀਜ਼ਾ ਉਨ੍ਹਾਂ ਨੂੰ ਫੜਾ ਦਿੱਤਾ। ਪੁਲਸ ਨੇ ਦੋਸ਼ੀ ਟ੍ਰੈਵਲ ਏਜੰਟ ਉੱਤੇ ਲੱਗੇ ਸਾਰੇ ਦੋਸ਼ ਸਹੀ ਪਾਏ। ਪੁਲਸ ਦੋਸ਼ੀ ਨੂੰ ਫੜਨ ਲਈ ਛਾਪੇਮਾਰੀ ਕਰ ਰਹੀ ਹੈ।




## ਕੁਲਵੰਤ ਸਿੰਘ ਨੇ ਮੋਗਾ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

*ਕਿਹਾ! ਜ਼ਿਲਾ ਮੋਗਾ ਦੇ ਵਿਕਾਸ ਨੂੰ ਯਕੀਨੀ ਬਣਾਉਣ ਅਤੇ ਬਿਹਤਰ ਪ੍ਰਸਾਸਨ ਲਈ ਲੋਕ ਸਹਿਯੋਗ ਕਰਨ



ਮੋਗਾ, 3 ਅਪ੍ਰੈਲ (ਗਿਆਨ ਸਿੰਘ) ਪੰਜਾਬ ਸਰਕਾਰ ਵੱਲੋਂ ਕੀਤੇ ਗਏ ਤਬਾਦਲਿਆਂ ਤਹਿਤ ਸ ਕੁਲਵੰਤ ਸਿੰਘ ਨੂੰ ਜ਼ਿਲਾ ਮੋਗਾ ਦਾ ਡਿਪਟੀ ਕਮਿਸਨਰ ਲਗਾਇਆ ਗਿਆ ਹੈ। ਉਹਨਾਂ ਨੇ ਅੱਜ ਆਪਣਾ ਅਹੁਦਾ ਸੰਭਾਲ ਲਿਆ।

ਸ ਕੁਲਵੰਤ ਸਿੰਘ 2012 ਬੈਚ ਦੇ ਆਈ ਏ ਐਸ ਅਧਿਕਾਰੀ ਹਨ। ਇਸ ਤੋਂ ਪਹਿਲਾਂ ਉਹ ਡਿਪਟੀ ਕਮਿ-ਸਨਰ ਤਰਨਤਾਰਨ ਲੱਗੇ ਹੋਏ ਸਨ। ਇਸ ਤੋਂ ਇਲਾਵਾ ਉਹਨਾਂ ਨੇ ਡਿਪਟੀ ਕਮਿਸਨਰ ਫਿਰੋਜਪੁਰ, ਵਧੀਕ ਡਿਪਟੀ ਕਮਿਸਨਰ ਜਲੰਧਰ, ਪਠਾਨਕੋਟ, ਸ਼੍ਰੀ ਮੁਕਤਸਰ ਸਾਹਿਬ, ਐੱਸ ਡੀ ਐੱਮ ਤਲਵੰਡੀ ਸਾਬੋ ਅਤੇ ਨਕੋਦਰ ਸਮੇਤ ਪੰਜਾਬ ਸਰਕਾਰ ਦੇ ਵੱਖ ਵੱਖ ਅਹੁਦਿਆਂ ਉੱਤੇ ਆਪਣੀਆਂ ਸੇਵਾਵਾਂ ਦਿੱਤੀਆਂ ਹਨ। ਉਹਨਾਂ ਅਹੁਦਾ ਸੰਭਾਲਣ ਮੌਕੇ ਚੁਣਵੇਂ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਦੀ ਹਦਾਇਤ ਕੀਤੀ।

ਸ ਕੁਲਵੰਤ ਸਿੰਘ ਨੇ ਕਿਹਾ ਕਿ ਜ਼ਿਲਾ ਮੋਗਾ ਵਿੱਚ ਕਣਕ ਦੀ ਸਰਕਾਰੀ ਖਰੀਦ ਸੁਰੂ ਹੋ ਗਈ ਹੈ ਪਰ ਆਮਦ ਹਲੇ ਨਾਮਾਤਰ ਹੈ। ਇਸ ਕੰਮ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਕਿਸਾਨ ਅਤੇ ਹੋਰ ਧਿਰਾਂ ਜ਼ਿਲਾ ਪ੍ਰਸਾਸਨ ਨੂੰ ਸਹਿਯੋਗ ਦੇਣ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਹਾਲ ਵਿੱਚ ਕਣਕ ਦੇ ਨਾੜ ਨੂੰ ਨਾ ਸਾੜਨ।

ਉਹਨਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਨਹਿੱਤ ਸੇਵਾਵਾਂ ਤੈਅ ਸਮਾਂ ਸੀਮਾ ਵਿਚ ਦਿੱਤੀਆਂ ਜਾਣ। ਹਰ ਤਰਾਂ ਦੇ ਦਬਾਅ ਤੋਂ ਮੁਕਤ ਹੋ ਕੇ ਕੰਮ ਕੀਤਾ ਜਾਵੇ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਉੱਤੇ ਸਰਕਾਰੀ ਕੰਮਾਂ ਕਾਰਾਂ ਵਿਚ ਪਾਰਦਰਸਤਾ, ਨਿਰੰਤਰਤਾ ਅਤੇ ਤੇਜੀ ਲਿਆਉਣ ਦੇ ਨਾਲ ਨਾਲ ਜ਼ਿਲਾ ਮੋਗਾ ਵਾਸੀਆਂ ਨੂੰ ਵਧੀਆ ਪ੍ਰਸਾਸਕੀ ਸੇਵਾਵਾਂ ਦੇਣਾ ਉਹਨਾਂ ਦੀ ਸਭ ਤੋਂ ਵੱਡੀ ਪ੍ਰਾਥਮਿਕਤਾ ਰਹੇਗੀ। ਉਹਨਾਂ ਜ਼ਿਲਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਜ਼ਿਲਾ ਮੋਗਾ ਦੇ ਵਿਕਾਸ ਅਤੇ ਹੋਰ ਕਾਰਜਾਂ ਵਿਚ ਜ਼ਿਲਾ ਪ੍ਰਸਾਸਨ ਦਾ ਸਹਿਯੋਗ ਕਰਨ।

ਇਸ ਮੌਕੇ ਜ਼ਿਲਾ ਪੁਲਿਸ ਮੁਖੀ ਸ਼੍ਰ ਗੁਲਨੀਤ ਸਿੰਘ ਖੁਰਾਣਾ, ਸ਼੍ਰ ਹਰਚਰਨ ਸਿੰਘ ਵਧੀਕ ਡਿਪਟੀ ਕਮਿਸਨਰ, ਸ਼੍ਰ ਸਤਵੰਤ ਸਿੰਘ ਐੱਸ ਡੀ ਐੱਮ ਮੋਗਾ ਅਤੇ ਹੋਰ ਹਾਜਰ ਸਨ।

# ਬ੍ਰਿਟੇਨ ਵਿੱਚ ਕੋਰੋਨਾ ਦਾ ਨਵਾਂ ਰੂਪ ਐਕਸ ਈ ਮਿਲਿਆ



ਜਨੇਵਾ, 3 ਅਪ੍ਰੈਲ (ਪੋਸਟ ਬਿਊਰੋ)- ਬ੍ਰਿਟੇਨ ਵਿੱਚ ਕੋਰੋਨਾ ਦਾ ਇੱਕ ਨਵਾਂ ਮਿਊਟੈਂਟ ਮਿਲਿਆ ਹੈ। ਇਸ ਨੂੰ ਐਕਸ ਈ ਦਾ ਨਾਂਅ ਦਿੱਤਾ ਗਿਆ ਹੈ। ਵਿਸ਼ਵ ਸਿਹਤ ਸੰਗਠਨ (ਡਬਲਯੂ ਐਚ ਓ) ਨੇ ਆਪਣੀ ਤਾਜ਼ਾ ਰਿਪੋਰਟ ਵਿੱਚ ਕਿਹਾ ਹੈ ਕਿ ਇਹ ਬੀ ਏ 2 ਸਬਲਾਈਨੇਜ ਦੀ ਤੁਲਨਾ ਵਿੱਚ ਵੱਧ ਫੈਲਦਾ ਹੈ। ਐਕਸ ਈ, ਕੋਵਿਡ-19 ਦੇ ਓਮੀਕ੍ਰੋਨ ਬੀ ਏ 1 ਤੇ ਬੀ ਏ 2 ਸਬਲਾਈਨੇਜ ਦਾ ਰਿਕਾਂਬਿਨੈਂਟ ਹੈ।

ਡਬਲਯੂ ਐਚ ਓ ਨੇ ਕਿਹਾ, ਐਕਸ ਈ ਰਿਕਾਂਬਿਨੈਂਟ (ਬੀ ਏ 1-ਬੀ ਏ 2), ਬ੍ਰਿਟੇਨ ਵਿੱਚ ਪਹਿਲੀ ਵਾਰ ਇਸੇ ਸਾਲ 19 ਜਨਵਰੀ ਨੂੰ ਮਿਲਿਆ ਸੀ। ਉਦੋਂ ਤੋਂ ਇਸ ਦੇ 600 ਸੀਕੁਐਂਸ ਪਤਾ ਲੱਗ ਚੁੱਕੇ ਹਨ।ਸ਼ੁਰੂਆਤੀ ਅਨੁਮਾਨ ਦੇ ਮੁਤਾ-ਬਕ ਬੀ ਏ 2 ਦੀ ਤੁਲਨਾ ਵਿੱਚ ਇਹ 10 ਫੀਸਦੀ ਕਮਿਊਨਿਟੀ ਵਿਕਾਸ ਦਰ ਦਾ ਸੰਕੇਤ ਦਿੰਦਾ ਹੈ। ਇਸ ਨਤੀਜੇ ਨੂੰ ਸਥਾਪਤ ਕਰਨ ਲਈ ਹੋਰ ਪੁਸ਼ਟੀ ਦੀ ਲੋੜ ਹੋਵੇਗੀ।ਐਕਸਈ ਨੂੰ ਓਮੀਕ੍ਰੋਨ ਵੈਰੀਆਂਟ ਨਾਲ ਹੀ ਸਬੰਧਤ ਮੰਨਿਆ ਜਾ ਰਿਹਾ ਹੈ, ਜਦੋਂ ਤਕ ਕਿ ਫੈਲਾਅ, ਰੋਗ ਵਿਸ਼ੇਸ਼ਤਾਵਾਂ ਵਿੱਚ ਅਹਿਮ ਫਰਕ ਤੇ ਗੰਭੀਰਤਾ ਸਣੇ ਹੋਰ ਜਾਣਕਾਰੀਆਂ ਸਾਹਮਣੇ ਨਹੀਂ ਆਉਂਦੀਆਂ।ਬ੍ਰਿਟੇਨ ਨੇ ਹੁਣ ਤਕ ਐਕਸ ਈ ਦੇ 637 ਮਾਮਲਿਆਂ ਦੀ ਸੂਚਨਾ ਦਿੱਤੀ ਹੈ। ਮਾਹਰਾਂ ਨੇ ਕਿਹਾ ਕਿ ਇਸ ਨੇ ਇੱਕ ਪਰਿਵਰਤਨਸ਼ੀਲ ਵਿਕਾਸ ਦਰ ਦਿਖਾਈ ਹੈ। ਬ੍ਰਿਟੇਨ ਦੀ ਸਿਹਤ ਸੁਰੱਖਿਆ ਏਜੰਸੀ (ਯੂ ਕੇ ਐਚ ਐਸ ਏ) ਮੁਤਾਬਕ ਇਸ ਨੇ ਐਕਸ ਐਫ, ਐਕਸ ਈ ਤੇ ਐਕਸ ਡੀ ਨਾਂਅ ਦੇ ਤਿੰਨ ਰਿਕਾਂਬਿਨੈਂਟ ਦੀ ਜਾਂਚ ਕੀਤੀ ਹੈ। ਇਨ੍ਹਾਂ ਵਿੱਚੋਂ ਐਕਸ ਡੀ ਤੇ ਐਕਸ ਐਫ ਡੈਲਟਾ ਤੇ ਓਮੀਕ੍ਰੋਨ ਬੀ ਏ1 ਦੇ ਰਿਕਾਂਬਿਨੈਂਟ ਹਨ, ਜਦ ਕਿ ਐਕਸ ਈ ਓਮਗ੍ਰੋਨ ਬੀ ਏ 1 ਤੇ ਬੀ ਏ ਦਾ ਰਿਕਾਂਬਿਨੈਂਟ ਹੈ।

# ਜੋਅ ਬਾਇਡੇਨ ਵੱਲੋਂ 2 ਭਾਰਤੀ-ਅਮਰੀਕੀ ਲੋਕ ਅਹਿਮ ਅਹੁਦੇ ਲਈ ਨਾਮਜ਼ਦ



ਵਕੀਲ ਕਲਪਨਾ ਕੋਟਾਗਲ

ਵਾਸ਼ਿੰਗਟਨ, 3 ਅਪ੍ਰੈਲ (ਪੋਸਟ ਬਿਊਰੋ)- ਅਮਰੀਕੀ ਰਾਸ਼ਟਰਪਤੀ ਜੋਅ ਬਾਇਡੇਨ ਨੇ ਇੱਕ ਭਾਰਤੀ ਮੂਲ ਦੀ ਨਾਗਰਿਕ ਅਧਿਕਾਰਾਂ ਦੀ ਵਕੀਲ ਕਲਪਨਾ ਕੋਟਾਗਲ ਅਤੇ ਪ੍ਰਮਾਣਿਤ ਪਬਲਿਕ ਅਕਾਊਂਟੈਂਟ ਵਿਨੈ ਸਿੰਘ ਨੂੰ ਆਪਣੇ ਪ੍ਰਸ਼ਾਸਨ ਵਿੱਚ ਅਹਿਮ ਅਹੁਦਿਆਂ ਲਈ ਨਾਮਜ਼ਦ ਕਰਨ ਦਾ ਐਲਾਨ ਕੀਤਾ ਹੈ।

ਵ੍ਹਾਈਟ ਹਾਊਸ ਨੇ ਕਿਹਾ ਕਿ ਕੋਟਾਗਲ ਨੂੰ ਬਰਾਬਰ ਰੁਜ਼ਗਾਰ ਅਵਸਰ ਕਮਿਸ਼ਨ ਦੇ ਕਮਿਸ਼ਨਰ ਦੇ ਅਹੁਦੇ ਲਈ ਨਾਮਜ਼ਦ ਕੀਤਾ ਗਿਆ ਹੈ, ਜਦ ਕਿ ਵਿਨੈ ਸਿੰਘ ਨੂੰ ਹਾਊਸਿੰਗ ਅਤੇ ਸ਼ਹਿਰੀ ਵਿਕਾਸ ਵਿਭਾਗ ਦੇ ਮੁੱਖ ਵਿੱਤੀ ਅਧਿਕਾਰੀ ਦੇ ਅਹੁਦੇ ਲਈ ਨਾਮਜ਼ਦ ਕੀਤਾ ਹੈ।ਵ੍ਹਾਈਟ ਹਾਊਸ ਮੁਤਾਬਕ, ''ਭਾਰਤ ਤੋਂ ਆਏ ਪਰਵਾਸੀ ਜੋੜੇ ਦੀ ਧੀ ਕੋਟਾਗਲ 'ਕੋਹੇਨ ਮਿਲਸਟੀਨ' ਨਾਂਅ ਦੀ ਫਰਮ ਵਿੱਚ ਹਿੱਸੇਦਾਰ ਹੈ। ਉਹ ਕੰਪਨੀ ਦੇ ਨਾਗਰਿਕ ਅਧਿਕਾਰਾਂ ਅਤੇ ਰੁਜ਼ਗਾਰ ਬਾਰੇਗਰੁੱਪ ਦੀ ਮੈਂਬਰ ਅਤੇ ਨਿਯੁਕਤੀ ਤੇ ਵੰਨਸੁਵੰਤਾ ਕਮੇਟੀ ਦੀ ਸਹਿ ਚੇਅਰਮੈਨ ਹੈ।'' ਦੇਸ਼ ਦੇ ਪ੍ਰਮੁੱਖ ਭਾਰਤੀ-ਅਮਰੀਕੀ ਅਤੇ ਦੱਖਣੀ ਏਸ਼ਿਆਈ ਨਾਗਰਿਕਾਂ ਦੇ ਸੰਗਠਨ-ਅਮਰੀਕਨ ਇੰਪੈਕਟ' ਨੇ ਬਰਾਬਰ ਰੁਜ਼ਗਾਰ ਅਵਸਰ ਕਮਿਸ਼ਨ ਦੇ ਕਮਿਸ਼ਨਰ ਦੇ ਅਹੁਦੇ ਲਈ ਕੋਟ-ਾਗਲ ਦੀ ਨਾਮਜ਼ਦਗੀ ਦਾ ਸਵਾਗਤ ਕੀਤਾ ਹੈ।ਸੰਗਠਨ ਦੇ ਕਾਰਜਕਾਰੀ ਡਾਇਰੈਕਟਰ ਨੀਲ ਮਖੀਜਾ ਨੇ ਕਿਹਾ, ''ਕੋਟਾਗਲ ਪ੍ਰਾਸੀਕਿਊਟਰ ਬਾਰ ਵਿੱਚ ਲਾਅ ਪਾਰਟਨਰ ਬਣਨ ਦੀ ਤੱਕਪ੍ਰਾਪਤੀ ਵਾਲੀਆਂ ਕੁਝ ਚੋਣਵੀਆਂ ਦੱਖਣੀ ਏਸ਼ੀਆਈ ਔਰਤਾਂ ਵਿੱਚ ਸ਼ਾਮਲ ਹੈ। ਉਹ ਨਸਲੀ, ਸਮਾਨਤਾ ਤੇ ਸ਼ਮੂਲੀਅਤ ਉਤੇ ਰਾਸ਼ਟਰੀ ਭਾਸ਼ਨ ਦੀ ਮੋਹਰੀ ਆਵਾਜ਼ ਹੈ।'' ਸਰਟੀਫਾਈਡ ਪਬਲਿਕ ਅਕਾਊਂਟੈਂਟਵਿਨੈ ਸਿੰਘ ਅਮਰੀਕਾ ਦੇ ਸਮਾਲ ਐਂਟਰਪ੍ਰਾਈਜ਼ ਐਡਮਨਿਸਟਰੇਸ਼ਨ ਵਿੱਚ ਪ੍ਰਸ਼ਾਸਕ ਦੇ ਸੀਨੀਅਰ ਸਲਾਹਕਾਰ ਹਨ। ਉਨ੍ਹਾਂ ਕੋਲ ਵਿੱਤ, ਵਿਸ਼ਲੇਸ਼ਣ ਤੇ ਰਣਨੀਤੀ ਦੀ ਡੂੰਘੀ ਸਮਝ ਦੇ ਨਾਲ ਨਿੱਜੀ ਖੇਤਰ ਵਿੱਚ ਲੀਡਰਸ਼ਿਪ ਦਾ 25 ਸਾਲਾਂ ਤੋਂ ਵੱਧ ਦਾ ਤਜਰਬਾ ਹੈ। ਉਹ ਓਬਾਮਾ ਅਤੇ ਬਾਇਡੇਨ ਪ੍ਰਸ਼ਾਸਨ ਵਿੱਚਉਪ ਸਹਾਇਕ ਮੰਤਰੀ (ਯੂ ਐਸ ਫੀਲਡ) ਵਜੋਂ ਵੀ ਰਹਿ ਚੁੱਕੇ ਹਨ। ਪਿਛਲੇ ਮਹੀਨੇ ਬਾਇਡੇਨ ਨੇ ਦੋ ਭਾਰਤੀ-ਅਮਰੀਕੀਆਂ ਨੂੰ ਅਮਰੀਕੀ ਰਾਜਦੂਤ ਵਜੋਂ ਨਾਮਜ਼ਦ ਕੀਤਾ ਸੀ।

# ਕਰੌਲੀ ਵਿੱਚ ਹਿੰਦੂ ਨਵੇਂ ਸਾਲ ਮੌਕੇ ਹਿੰਸਾ, ਅੱਗਜ਼ਨੀ ਪਿੱਛੋਂ ਕਰਫਿਊ



ਕਰੌਲੀ, 3 ਅਪ੍ਰੈਲ (ਪੋਸਟ ਬਿਊਰੋ)- ਰਾਜਸਥਾਨ ਦੇ ਕਰੌਲੀ ਸ਼ਹਿਰ ਵਿੱਚ ਚੇਤਰ ਨਰਾਤਿਆਂ ਦੇ ਪਹਿਲੇ ਦਿਨ ਹਿੰਦੂ ਸੰਗਠਨਾਂ ਵੱਲੋਂ ਕੱਢੀ ਗਈ ਬਾਈਕ ਰੈਲੀ ਉੱਤੇ ਪਥਰਾਅ ਹੋਣ ਤੋਂ ਬਾਅਦ ਮਾਹੌਲ ਤਣਾਅ ਵਾਲ ਹੋ ਗਿਆ। ਇਸ ਦੌਰਾਨ ਕੁਝ ਲੋਕਾਂ ਨੇ ਛੇ ਤੋਂ ਵੱਧ ਦੁਕਾਨਾਂ ਵਿੱਚ ਅੱਗ ਲਾ ਦਿੱਤੀ ਅਤੇ ਦੋ ਬਾਈਕਾਂ ਨੂੰ ਸਾੜ ਦਿੱਤਾ। ਤਣਾਅ ਦੀ ਸਥਿਤੀ ਵੇਖਦੇ ਹੋਏ ਸ਼ਹਿਰ ਵਿੱਚ ਕਰਫਿਊ ਲਾ ਦਿੱਤਾ ਗਿਆ ਹੈ।

ਇਸ ਜ਼ਿਲੇ ਦੇ ਐਸ ਪੀ ਨੇ ਦੱਸਿਆ ਕਿ ਨਵੇਂ ਸੰਮਤ ਵਰ੍ਹੇ ਦੇ ਮੌਕੇ ਉੱਤੇ ਹਿੰਦੂ ਸੰਗਠਨਾਂ ਦੀ ਬਾਈਕ ਰੈਲੀ ਕੱਢੀ ਜਾ ਰਹੀ ਸੀ, ਜਿਹੜੀ ਸ਼ਹਿਰ ਦੇ ਵੱਖ-ਵੱਖ ਰਾਹਾਂ ਤੋਂ ਹੁੰਦੀ ਹੋਈ ਜਦੋਂ ਹਟਵਾੜਾ ਬਾਜ਼ਾਰਪਹੁੰਚੀ ਤਾਂ ਕੁਝ ਬਦਮਾਸ਼ਾਂ ਨੇ ਉਸ ਉੱਤੇ ਪਥਰਾਅ ਕਰ ਦਿੱਤਾ। ਇਸ ਤੋਂ ਬਾਅਦ ਦੋਵੇਂ ਧਿਰਾਂ ਆਹਮੋ-ਸਾਹਮਣੇ ਹੋ ਗਈਆਂ। ਪਥਰਾਅ ਨਾਲ ਕੁਝ ਲੋਕਾਂ ਨੂੰ ਸੱਟਾਂ ਵੀ ਲੱਗੀਆਂ। ਇਸ ਦੇ ਬਾਅਦ ਬਾਜ਼ਾਰ ਵਿੱਚ ਹਫੜਾ-ਦਫੜੀ ਮਚ ਗਈ ਅਤੇ ਵਪਾਰੀਆਂ ਨੇ ਦੁਕਾਨਾਂ ਬੰਦ ਕਰ ਦਿੱਤੀਆਂ। ਕੁਝ ਲੋਕਾਂ ਨੇ ਛੇ ਤੋਂ ਵੱਧ ਦੁਕਾਨਾਂ ਅਤੇ ਦੋ ਬਾਈਕਾਂ ਨੂੰ ਅੱਗ ਲਾ ਦਿੱਤੀ। ਬਾਈਕਾਂ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਈਆਂ। ਹੰਗਾਮੇ ਦੀ ਸੂਚਨਾ ਉੱਤੇ ਵੱਡੀ ਗਿਣਤੀ ਵਿੱਚ ਪੁਲਸ ਆਈ ਅਤੇ ਦੋਵਾਂ ਨੂੰ ਸਮਝਾ ਕੇ ਮਾਮਲਾ ਸ਼ਾਂਤ ਕਰਨਾ ਚਾਹਿਆ, ਪਰ ਮਾੜੇ ਪ੍ਰਬੰਧ ਕਾਰਨ ਲੋਕਾਂ ਦਾ ਗੁੱਸਾ ਫੁੱਟ ਪਿਆ। ਤਣਾਅ ਦਾ ਮਾਹੌਲ ਵੇਖ ਕੇ ਸ਼ਹਿਰ ਵਿੱਚ ਕਰਫਿਊ ਲਾ ਦਿੱਤਾ ਗਿਆ ਹੈ। ਸਥਿਤੀ ਅਜੇ ਵੀ ਤਣਾਅ ਵਾਲੀ ਬਣੀ ਹੋਈ ਹੈ।

# ਸ੍ਰੀਲੰਕਾ ਵਿੱਚ ਐਮਰਜੈਂਸੀ ਤੋਂ ਬਾਅਦ 36 ਘੰਟੇ ਦਾ ਕਰਫਿਊ





ਕੋਲੰਬੋ, 3 ਅਪ੍ਰੈਲ (ਪੋਸਟ ਬਿਊਰੋ)- ਸ੍ਰੀਲੰਕਾ ਸਰਕਾਰ ਨੇ ਦੇਸ਼ ਦੇ ਇਤਿਹਾਸ ਵਿਚ ਸਭ ਤੋਂ ਵੱਡੇ ਆਰਥਿਕ ਸੰਕਟ ਨੂੰ ਲੈ ਕੇ ਕੱਲ੍ਹ ਪ੍ਰਸਤਾਵਿਤ ਦੇਸ਼ ਪੱਧਰੀ ਵਿਰੋਧ ਪ੍ਰਦਰਸ਼ਨਾਂ ਤੋਂ ਪਹਿਲਾਂ ਬੀਤੇ ਦਿਨ 36 ਘੰਟੇ ਦਾ ਕਰਫਿਊ ਲਾਗੂ ਕਰਨ ਦਾ ਐਲਾਨ ਕੀਤਾ। ਇਸ ਤੋਂ ਪਹਿਲਾਂ ਰਾਸ਼ਟਰਪਤੀ ਗੋਟਬਾਇਆ ਰਾਕਪਕਸ਼ੇ ਨੇ ਸ਼ੁੱਕਰਵਾਰ ਦੇਰ ਰਾਤ ਇੱਕ ਵਿਸ਼ੇਸ਼ ਗਜ਼ਟ ਨੋਟੀਫਿਕੇਸ਼ਨ ਜਾਰੀ ਕਰ ਕੇ ਸ੍ਰੀਲੰਕਾ ਵਿੱਚ ਇੱਕ ਅਪ੍ਰੈਲ ਤੋਂ ਜਨਤਕ ਐਮਰਜੈਂਸੀ ਲਾਗੂ ਕਰ ਦਿੱਤੀ ਸੀ।

ਗਜ਼ਟ ਨੋਟੀਫਿਕੇਸ਼ਨ ਵਿੱਚ ਰਾਸ਼ਟਰਪਤੀ ਨੇ ਸਾਫ ਕਿਹਾ, ''ਮੇਰੇ ਵਿਚਾਰ ਵਿੱਚ ਸ੍ਰੀਲੰਕਾ ਵਿੱਚ ਐਮਰਜੈਂਸੀ ਲਾਗੂ ਕਰਨਾ ਜਨਤਕ ਸੁਰੱਖਿਆ ਵਿਵਸਥਾ ਦੇ ਨਾਲਲੋਕਾਂ ਲਈ ਜ਼ਰੂਰੀ ਵਸਤਾਂ ਅਤੇ ਸੇਵਾਵਾਂ ਦੀ ਸਪਲਾਈ ਬਣਾਈ ਰੱਖਣ ਦੇ ਹਿੱਤ ਵਿੱਚ ਹੈ।'' ਸੂਚਨਾ ਵਿਭਾਗ ਨੇ ਕਿਹਾ ਕਿ ਦੇਸ਼ ਪੱਧਰੀ ਕਰਫਿਊ ਸ਼ਾਮ ਛੇ ਵਜੇ ਤੋਂ ਸੋਮਵਾਰ (ਚਾਰ ਅਪ੍ਰੈਲ) ਸਵੇਰੇ ਛੇ ਵਜੇ ਤਕ ਲਾਗੂ ਰਹੇਗਾ। ਵਿਭਾਗ ਨੇ ਕਿਹਾ ਕਿ ਰਾਸ਼ਟਰਪਤੀ ਨੇ ਜਨਤਕ ਸੁਰੱਖਿਆ ਆਰਡੀਨੈਂਸ ਨਿਯਮਾਂ ਹੇਠ ਉਕਤ ਹੁਕਮ ਜਾਰੀ ਕੀਤਾ ਹੈ। ਇਹ ਕਦਮ ਅਜਿਹੇ ਸਮੇਂ ਵਿੱਚ ਚੁੱਕਿਆ ਗਿਆ ਹੈ, ਜਦੋਂ ਆਰਥਕ ਸੰਕਟ ਨਾਲ ਨਜਿੱਠਣ ਵਿੱਚ ਸਰਕਾਰ ਦੀ ਨਾਕਾਮੀ ਨੂੰ ਲੈ ਕੇ ਟਾਪੂ ਦੇਸ਼ ਵਿੱਚ ਕੱਲ੍ਹ ਵੱਡੇ ਪੱਧਰ 'ਤੇ ਪ੍ਰਦਰਸ਼ਨਾਂ ਦਾ ਸੱਦਾ ਦਿੱਤਾ ਗਿਆ ਹੈ।

ਆਰਥਿਕ ਸੰਕਟ ਨਾਲ ਜੂਝ ਰਹੇ ਸ੍ਰੀਲੰਕਾ ਵਿੱਚ ਭੁੱਖਮਰੀ ਨੂੰ ਖਤਮ ਕਰਨ ਲਈ ਭਾਰਤ ਨੇ 40,000 ਟਨ ਚੌਲ ਭੇਜੇ ਹਨ। ਸਭ ਤੋਂ ਰਾਹਤ ਦੀ ਗੱਲ ਇਹ ਹੈ ਕਿ ਚੌਲਾਂ ਦੀ ਸਪਲਾਈ ਸ੍ਰੀਲੰਕਾ ਵਿੱਚ ਇੱਕ ਪ੍ਰਮੁੱਖ ਤਿਉਹਾਰ ਤੋਂ ਪਹਿਲਾਂ ਕੀਤੀ ਜਾ ਰਹੀ ਹੈ। ਇਸ ਤੋਂ ਪਹਿਲਾਂ ਭਾਰਤ ਨੇ ਫਿਊਲ ਦੀ ਕਿੱਲਤ ਨਾਲ ਜੂਝਦੇ ਸ੍ਰੀਲੰਕਾ ਦੀ ਮਦਦ ਲਈ ਜੋ ਤੇਲ ਟੈਂਕਰ ਭੇਜਿਆ ਸੀ, ਉਹ ਕੱਲ੍ਹ ਸ੍ਰੀਲੰਕਾ ਪਹੁੰਚ ਗਿਆ। ਭਾਰਤ ਨੇ ਸ੍ਰੀਲੰਕਾ ਨੂੰ ਇੱਕ ਬਿਲੀਅਨ ਡਾਲਰ ਦੀ ਕ੍ਰੈਡਿਟ ਲਾਈਨ ਵੀ ਦਿੱਤੀ ਹੈ। ਇਸ ਦੇ ਤਹਿਤ 40,000 ਟਨ ਡੀਜ਼ਲ ਲਿਜਣ ਵਾਲ ਇੱਕ ਜਹਾਜ਼ ਸ੍ਰੀਲੰਕਾ ਪੁੱਜਾ ਹੈ।

# ਭਾਰਤ-ਆਸਟਰੇਲੀਆ ਵਿਚਾਲੇ ਇਤਿਹਾਸਕ ਵਪਾਰ ਸਮਝੌਤਾ



ਨਵੀਂ ਦਿੱਲੀ, 3 ਅਪ੍ਰੈਲ (ਪੋਸਟ ਬਿਊਰੋ)- ਭਾਰਤ ਅਤੇ ਆਸਟਰੇਲੀਆ ਨੇ ਕੱਲ੍ਹ ਆਪਣੇ ਆਰਥਕ ਸਬੰਧਾਂ ਨੂੰ ਉਤਸ਼ਾਹ ਦੇਣ ਲਈ ਆਰਥਕ ਸਹਿਯੋਗ ਤੇ ਵਪਾਰ ਸਮਝੌਤੇ (ਇੰਡੀਆਸ ਈ ਸੀ ਈ ਏ) ਉੱਤੇ ਦਸਤਖਤ ਕੀਤੇ, ਜਿਸ ਨਾਲ ਪੰਜ ਸਾਲਾਂ ਵਿੱਚ ਦੁਵੱਲਾ ਵਪਾਰ 27 ਬਿਲੀਅਨ ਡਾਲਰ ਤੋਂ ਵਧਾ ਕੇ 45-50 ਬਿਲੀਅਨ ਕਰਨ ਦੀ ਆਸ ਹੈ।

ਇਸ ਸਮਝੌਤੇ ਨੂੰ ਇਤਿਹਾਸਕ ਦਸਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਦੋਵੇਂ ਦੇਸ਼ ਬਹੁਤ ਘੱਟ ਸਮੇਂ ਵਿੱਚ ਇਸ ਸਮਝੌਤੇ ਉੱਤੇ ਪਹੁੰਚੇ ਹਨ। ਇਸ ਸਮਝੌਤੇ ਹੇਠ ਆਸਟਰੇਲੀਆ ਟੈਕਸਟਾਈਲ, ਚਮੜਾ, ਗਹਿਣੇ ਅਤੇ ਖੇਡ ਉਤਪਾਦਾਂ ਸਮੇਤ 95 ਫੀਸਦੀ ਤੋਂ ਵਧ ਭਾਰਤੀ ਵਸਤੂਆਂ ਲਈ ਆਪਣੇ ਬਾਜ਼ਾਰਾਂ ਵਿੱਚ ਫੀਸ ਮੁਕਤ ਪਹੁੰਚ ਦੇਵੇਗਾ। ਅੰਤਰਿਮ ਮੁਕਤ ਵਪਾਰ ਸਮਝੌਤੇ ਦਾ ਮਕਸਦ ਭਾਰਤ ਨੂੰ ਆਸਟਰੇਲੀਆਈ ਸਾਮਾਨ ਦੇ ਐਕਸਪੋਰਟ ਉੱਤੇ 85 ਫੀਸਦੀ ਫੀਸ ਨੂੰ ਖਤਮ ਕਰਨਾ ਹੈ। ਪ੍ਰਧਾਨ ਮੰਤਰੀ ਮੋਦੀ ਨੇ ਸਮਝੌਤੇ ਦੇ ਦਸਤਖਤ ਕਰਨ ਪਿੱਛੋਂ ਕਿਹਾ,''ਇੰਨੇ ਘੱਟ ਸਮੇਂ ਵਿੱਚਏਦਾਂ ਦੇ ਮਹੱਤਵਪੂਰਨ ਸਮਝੌਤੇ ਉੱਤੇ ਸਹਿਮਤੀ ਦੋਵਾਂ ਦੇਸ਼ਾਂ ਵਿਚਾਲੇ ਆਪਸੀ ਵਿਸ਼ਵਾਸ ਦਰਸਾਉਂਦੀ ਹੈ। ਇਹ ਅਸਲ ਵਿੱਚ ਸਾਡੇ ਦੋ-ਪੱਖੀ ਸਬੰਧਾਂ ਲਈ ਇੱਕ ਮਹੱਤਵਪੂਰਨ ਪਲ ਹੈ।''

ਵਣਜ ਅਤੇ ਉਦਯੋਗ ਮੰਤਰੀ ਪੀਊਸ਼ ਗੋਇਲ ਅਤੇ ਆਸਟਰੇਲੀਆ ਦੇ ਵਪਾਰ, ਸੈਰ ਸਪਾਟਾ ਅਤੇ ਨਿਵੇਸ਼ ਮੰਤਰੀ ਡੇਨ ਤੇਹਾਨ ਨੇ ਇੱਕ ਆਨਲਾਈਨ ਸਮਾਰੋਹ ਵਿੱਚ ਭਾਰਤ-ਆਸਟਰੇਲੀਆ ਆਰਥਿਕ ਸਹਿਯੋਗ ਅਤੇ ਵਪਾਰ ਸਮਝੌਤੇ ਉੱਤੇ ਦਸਤਖਤ ਕੀਤੇ। ਇਸ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਆਸਟਰੇਲੀਆਈ ਪ੍ਰਧਾਨ ਮੰਤਰੀ ਸਕਾਟ ਮਾਰੀਸਨ ਵੀ ਮੌਜੂਦ ਸਨ।ਸਮਝੌਤਾ ਲਾਗੂ ਹੋਣ ਦੇ ਪਹਿਲੇ ਹੀ ਦਿਨੋਂ 6000 ਤੋਂ ਵਧ ਵਿਆਪਕ ਖੇਤਰਾਂ ਦੇ ਭਾਰਤੀ ਇੰਪੋਰਟਰਜ਼ ਨੂੰ ਆਸਟਰੇਲੀਆਈ ਬਾਜ਼ਾਰ ਵਿੱਚ ਤੁਰੰਤ ਡਿਊਟੀ ਫਰੀ ਪਹੁੰਚ ਮਿਲੇਗੀ।ਆਸਟਰੇਲੀਆ ਕਰੀਬ 6500 ਵਿਆਪਕ ਖੇਤਰਾਂ ਅਤੇ ਭਾਰਤ 11500 ਤੋਂ ਵੱਧ ਵਿਆਪਕ ਖੇਤਰਾਂ ਵਿੱਚ ਕਾਰੋਬਾਰ ਕਰਦਾ ਹੈ। ਆਸਟਰੇਲੀਆ ਕੱਚੇ ਮਾਲ ਅਤੇ ਮੱਧਵਰਤੀ ਉਤਪਾਦਾਂ ਦਾ ਵੱਧ ਐਕਸੋਪਰਟ ਕਰਦਾ ਹੈ, ਜਿਸ ਨਾਲ ਭਾਰਤ ਵਿੱਚ ਕਈ ਉਦਯੋਗਾਂ ਨੂੰ ਸਸਤੀ ਦਰ ਉੱਤੇ ਕੱਚਾ ਮਾਲ ਮਿਲ ਸਕੇਗਾ। ਉਥੇ ਹੀ ਆਸਟਰੇਲੀਆ ਦੇ ਪ੍ਰਧਾਨ ਮੰਤਰੀ ਮੌਰੀਸਨ ਨੇ ਕਿਹਾ ਕਿ ਇਹ ਸਮਝੌਤਾ ਭਾਰਤ ਨਾਲ ਆਸਟਰੇਲੀਆ ਦੇ ਨਜ਼ਦੀਕੀ ਸਬੰਧਾਂ ਨੂੰ ਹੋਰ ਵੀ ਗੂੜ੍ਹਾ ਕਰੇਗਾ।

# ਫੌਜ ਨੇ ਗਲਤੀ ਨਾਲ ਦੋ ਨੌਜਵਾਨਾਂ ਨੂੰ ਗੋਲੀ ਮਾਰ ਦਿੱਤੀ

ਈਟਾਨਗਰ, 3 ਅਪ੍ਰੈਲ (ਪੋਸਟ ਬਿਊਰੋ)- ਅਰੁਣਾਚਲ ਪ੍ਰਦੇਸ਼ ਦੇ ਤਿਰਾਪ ਜ਼ਿਲ੍ਹੇ ਵਿੱਚ ਫੌਜ ਨੇ ਗਲਤੀ ਨਾਲ ਦੋ ਆਮ ਨਾਗਰਿਕਾਂ ਨੂੰ ਗੋਲੀ ਮਾਰ ਦਿੱਤੀ। ਜ਼ਖਮੀਆਂ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਗਈ ਹੈ।

ਇਸ ਸੰਬੰਧ ਵਿੱਚ ਫੌਜ ਦੇ ਸੂਤਰਾਂ ਨੇ ਦੱਸਿਆ ਕਿ ਇਹ ਘਟਨਾ ਕੱਲ੍ਹ ਸ਼ਾਮ ਚਾਸਾ ਪਿੰਡ ਵਿੱਚ ਉਦੋਂ ਵਾਪਰੀ ਜਦੋਂ ਪਿੰਡ ਦੇ ਦੋ ਨੌਜਵਾਨ ਨਦੀ ਵਿੱਚ ਮੱਛੀਆਂ ਫੜਨ ਮਗਰੋਂ ਘਰ ਆ ਰਹੇ ਸਨ। ਫੌਜ ਵੱਲੋਂ ਦੋਵਾਂ ਨੌਜਵਾਨਾਂ ਨੂੰ ਇਲਾਜ ਲਈ ਦਿਬਰੂਗੜ੍ਹ ਵਿੱਚ ਆਸਾਮ ਦੇ ਮੈਡੀਕਲ ਕਾਲਜ ਤੇ ਹਸਪਤਾਲ ਦਾਖਲ ਕਰਾਇਆ ਗਿਆ ਹੈ। ਇੱਕ ਨੌਜਵਾਨ ਦੇ ਹੱਥ ਵਿੱਚ ਅਤੇ ਦੂਜੇ ਦੇ ਪੈਰ ਵਿੱਚ ਗੋਲੀ ਵੱਜੀ ਹੈ। ਇਸੇ ਦੌਰਾਨ ਨਾਗਾ ਸਟੂਡੈਂਟਸ ਫੈਡਰੇਸ਼ਨ (ਐਨ ਐਸ ਐਫ) ਨੇ ਘਟਨਾ ਦੀ ਨਿੰਦਾ ਕੀਤੀ ਅਤੇ ਉਤਰ ਪੂਰਬ ਦੇ ਬਹੁਤੇ ਖੇਤਰਾਂ ਵਿੱਚੋਂ ਅਫਸਪਾ (ਆਰਮਡ ਫੋਰਸਿਜ਼ ਸਪੈਸ਼ਲ ਪਾਵਰਜ਼ ਐਕਟ) ਹਟਾਏ ਜਾਣ ਦੇ ਬਾਵਜੂਦ ਅਜਿਹੀ ਕਾਰਵਾਈ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ।

# ਸਕੂਲ ਚੇਅਰਮੈਨ ਦੀ ਪਤਨੀ ਵੱਲੋਂ ਆਤਮਦਾਹ ਦੀ ਚਿਤਾਵਨੀ

ਗੁਰਦਾਸਪੁਰ, 3 ਅਪ੍ਰੈਲ (ਪੋਸਟ ਬਿਊਰੋ)- ਇੱਕ ਨਿੱਜੀ ਸਕੂਲ ਦੀ ਵਿਦਿਆਰਥਣ ਨਾਲ ਬਲਾਤਕਾਰ ਦੇ ਕੇਸ ਵਿੱਚ ਪੁਲਸ ਨੇ ਪੀੜਤ ਪਰਵਾਰ ਤੇ ਹੋਰ ਪ੍ਰਦਰਸ਼ਨਕਾਰੀਆਂ ਦੀ ਮੰਗ ਅਨੁਸਾਰ ਸਕੂਲ ਦੇ ਚੇਅਰਮੈਨ ਸਮੇਤ ਦੋ ਜਣਿਆਂ ਉੱਤੇ ਪਰਚਾ ਦਰਜ ਕਰ ਕੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਹੈ, ਪਰ ਪੁਲਸ ਕਾਰਵਾਈ ਨੂੰ ਇਕਤਰਫਾ ਤੇ ਪ੍ਰਦਰਸ਼ਨਕਾਰੀਆਂ ਦੇ ਪੁਲਸ ਉੱਤੇ ਪਏ ਦਬਾਅ ਦਾ ਨਤੀਜਾ ਦੱਸ ਕੇ ਕੱਲ ਪੰਜਾਬ ਭਰ ਦੇ ਪ੍ਰਾਈਵੇਟ ਸਕੂਲਾਂ ਅਤੇ ਕਾਲਜਾਂ ਨਾਲ ਸਬੰਧਤ ਜਥੇਬੰਦੀਆਂ ਨੇ ਪੁਲਸ ਨੂੰ ਅਲਟੀਮੇਟਮ ਦਿੱਤਾ ਹੈ ਕਿ ਜੇ ਸਕੂਲ ਦੇ ਚੇਅਰਮੈਨ ਅਤੇ ਮਾਲਕ ਦੇ ਪੁੱਤਰ ਨੂੰ ਰਿਹਾਅ ਨਾ ਕੀਤਾ ਗਿਆ ਤਾਂ ਸੋਮਵਾਰ ਤੋਂ ਪੂਰੇ ਪੰਜਾਬ ਦੇ ਸਕੂਲ ਕਾਲਜ ਬੰਦ ਕਰ ਕੇ ਸੜਕਾਂ ਜਾਮ ਕਰ ਦੇਣਗੇ। ਇਸ ਦੇ ਨਾਲ ਹੀ ਗ੍ਰਿਫਤਾਰ ਕੀਤੇ ਗਏ ਚੇਅਰਮੈਨ ਦੀ ਪਤਨੀ ਨੇ ਵੀ ਐਲਾਨ ਕੀਤਾ ਹੈ ਕਿ ਜੇ ਉਨ੍ਹਾਂ ਦੇ ਬੇਕਸੂਰ ਪਤੀ ਅਤੇ ਭਤੀਜੇ ਨੂੰ ਰਿਹਾਅ ਨਾ ਕੀਤਾ ਗਿਆ ਤਾਂ ਉਹ ਡੀ ਸੀ ਦੀ ਰਿਹਾਇਸ਼ ਸਾਹਮਣੇ ਆਤਮਦਾਹ ਕਰ ਲਵੇਗੀ।

ਕੱਲ੍ਹ ਗੁਰਦਾਸਪੁਰ ਵਿਖੇ ਪਹੁੰਚੇ ਪੰਜਾਬ ਅਨਏਡਿਡ ਕਾਲਜਿਜ਼ ਐਸੋਸੀਏਸ਼ਨਾਂ ਦੇ ਪ੍ਰਧਾਨ, ਪੰਜਾਬ ਦੀ ਜੁਆਇੰਟ ਐਸੋਸੀਏਸ਼ਨ ਆਫ ਕਲਾਜਿਜ਼ ਦੇ ਮੈਂਬਰ, ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਵਾਲਾ ਵਫਦ ਡਿਪਟੀ ਕਮਿਸ਼ਨਰ ਮੁਹੰਮਦ ਇਸ਼ਫਾਕ ਨੂੰ ਮਿਲਿਆ ਅਤੇ ਕਿਹਾ ਕਿ ਪੁਲਸ ਪ੍ਰਦਰਸ਼ਨਕਾਰੀਆਂ ਦੇ ਦਬਾਅ ਹੇਠ ਆ ਕੇ ਕੰਮ ਕਰਦੀ ਹੈ, ਜਿਸ ਨੇ ਸਕੂਲ ਅੰਦਰ ਬਲਾਤਕਾਰ ਹੋਣ ਦਾ ਕੋਈ ਵੀ ਪੁਖਤਾ ਸਬੂਤ ਨਾ ਮਿਲਣ ਦੇ ਬਾਵਜੂਦ ਸਕੂਲ ਦੇ ਪ੍ਰਬੰਧਕਾਂ ਖਿਲਾਫ ਪਰਚਾ ਦਰਜ ਕਰ ਦਿੱਤਾ ਹੈ। ਉਨ੍ਹਾ ਨੇ ਮੰਗ ਕੀਤੀ ਕਿ ਤੁਰੰਤ ਅਸਲ ਮੁਲਜ਼ਮਾਂ ਦਾ ਪਤਾ ਲਾ ਕੇ ਉਨ੍ਹਾਂ ਨੂੰ ਸਖਤ ਤੋਂ ਸਖਤ ਸਜ਼ਾ ਦਿਵਾਈ ਜਾਵੇ।

# ਆਰੀਅਨ ਡਰੱਗ ਕੇਸ ਦੇ ਗਵਾਹ ਪ੍ਰਭਾਕਰ ਦੀ ਦਿਲ ਦੇ ਦੌਰੇ ਨਾਲ ਮੌਤ





ਮੁੰਬਈ, 3 ਅਪ੍ਰੈਲ (ਪੋਸਟ ਬਿਊਰੋ)- ਆਰੀਅਨ ਖਾਨ ਡਰੱਗ ਕੇਸ ਵਿੱਚ ਐਨ ਸੀ ਬੀ (ਨਾਰਕੋਟਿਕਸ ਕੰਟਰੋਲ ਬਿਊਰੋ) ਦੇ ਇੱਕ ਆਜ਼ਾਦ ਗਵਾਹ ਪ੍ਰਭਾਕਰ ਸੇਲ ਦਾ ਸਬਰਬਨ ਚੈਂਬੂਰ ਵਿੱਚ ਉਸ ਦੀ ਰਿਹਾਇਸ਼ ਵਿੱਚ ਦਿਲ ਦਾ ਦੌਰਾ ਪੈਣ ਨਾਲ ਦਿਹਾਂਤ ਹੋ ਗਿਆ। ਇਹ ਜਾਣਕਾਰੀ ਪੁਲਸ ਨੇ ਦਿੱਤੀ ਹੈ।

ਇਸ ਸੰਬੰਧ ਵਿੱਚ ਇੱਕ ਪੁਲਸ ਅਫਸਰ ਨੇ ਦੱਸਿਆ ਕਿ ਪ੍ਰਭਾਕਰ ਸੇਲ (37 ਸਾਲ) ਦਾ ਸ਼ੁੱਕਰਵਾਰ ਸ਼ਾਮ ਉਸ ਦੇ ਮੇਹੁਲ ਵਾਲੇ ਘਰ ਵਿੱਚ ਦਿੱਲ ਦ ਦੌਰਾ ਪੈਣ ਕਾਰਨ ਦਿਹਾਂਤ ਹੋ ਗਿਆ ਹੈ। ਸੇਲ ਦੇ ਵਕੀਲ ਤੁਸ਼ਾਰ ਖੰਡਾਰੇ ਨੇ ਪੁਸ਼ਟੀ ਕੀਤੀ ਕਿ ਉਸ ਦੀ ਮੌਤ ਦਿਲ ਦਾ ਦੌਰਾ ਪੈਣ ਨਾਲ ਹੋਈ ਹੈ ਤੇ ਉਸ ਦੇ ਪਰਵਾਰ ਨੇ ਕਿਸੇ ਸ਼ੱਕੀ ਦੀ ਭੂਮਿਕਾ ਤੋਂ ਇਨਕਾਰ ਕੀਤਾ ਹੈ। ਐਨ ਸੀ ਬੀ ਦੇ ਗਵਾਹ ਕੇ ਪੀ ਗੋਸਾਵੀ ਦੇ ਸੁਰੱਖਿਆ ਗਾਰਡ ਹੋਣਦਾ ਦਾਅਵਾ ਕਰਨ ਵਾਲੇ ਸੇਲ ਨੇ ਇੱਕ ਐਫੀਡੇਵਿਟ ਵਿੱਚ ਇਹ ਦੋਸ਼ ਲਾਇਆ ਸੀ ਕਿ ਉਸ ਨੇ ਆਰੀਅਨ ਖਾਨ ਡਰੱਗ ਕੇਸ ਵਿੱਚ ਗੋਸਾਵੀ ਨੂੰ 2.5 ਕਰੋੜ ਰੁਪਏ ਦੇ ਭੁਗਤਾਨ ਦੇ ਸੌਦੇ ਉੱਤੇ ਚਰਚਾਕਰਦੇ ਸੁਣਿਆ ਸੀ। ਐਨ ਸੀ ਬੀ ਨੇ ਅਦਾਲਤ ਨੂੰ ਦੱਸਿਆ ਕਿ ਸੇਲ ਆਪਣੇ ਬਿਆਨ ਤੋਂ ਮੁੱਕਰ ਗਿਆ ਹੈ ਅਤੇ ਉਸ ਦਾ ਐਫੀਡੇਵਿਟਅਦਾਲਤ ਸਾਹਮਣੇ ਹਾਲੇ ਵੀ ਪੈਂਡਿੰਗ ਹੈ।


# ਬਸਪਾ ਦੇ ਸਾਬਕਾ ਵਿਧਾਇਕ ਸ਼ਿੰਗਾਰਾ ਰਾਮ ਸਹੂੰਗੜਾ ਦਾ ਦੇਹਾਂਤ



ਗੜ੍ਹਸ਼ੰਕਰ, 3 ਅਪ੍ਰੈਲ (ਪੋਸਟ ਬਿਊਰੋ)- ਗੜ੍ਹਸ਼ੰਕਰ ਤੋਂ ਬਹੁਜਨ ਸਮਾਜ ਪਾਰਟੀ ਦੇ ਸਾਬਕਾ ਵਿਧਾਇਕ ਸ਼ਿੰਗਾਰਾ ਰਾਮ ਸਹੂੰਗੜਾ (58) ਦਾ ਦਿਹਾਂਤ ਹੋ ਗਿਆ। ਸ਼ਿੰਗਾਰਾ ਰਾਮ ਸਹੂੰਗੜਾ ਸ਼ੂਗਰ ਦੇ ਮਰੀਜ਼ ਸਨ ਅਤੇ ਪਿਛਲੇ ਸਮੇਂ ਤੋਂ ਬਿਮਾਰ ਚੱਲ ਰਹੇ ਸਨ। ਕੱਲ੍ਹ ਜਲੰਧਰ ਵਿਖੇ ਕਿਸੇ ਕੰਮ ਦੇ ਸਿਲਸਿਲੇ ਵਿੱਚ ਪਹੁੰਚੇ ਸ਼ਿੰਗਾਰਾ ਰਾਮ ਨੂੰ ਦਿੱਲ ਦਾ ਦੌਰਾ ਪੈਣ ਉੱਤੇ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਵੱਲੋਂ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ।

ਸਹੂੰਗੜਾ ਗੜ੍ਹਸ਼ੰਕਰ ਤੋਂ ਪਹਿਲੀ ਵਾਰ 1992 ਵਿੱਚ ਬਹੁਜਨ ਸਮਾਜ ਪਰਟੀ ਦੀ ਟਿਕਟ ਤੋਂ ਵਿਧਾਇਕ ਬਣੇ ਤੇ ਹਲਕੇ ਦੇ ਲੋਕਾਂ ਵੱਲੋਂ 1997 ਵਿੱਚ ਉਨ੍ਹਾਂ ਨੂੰ ਦੂਜੀ ਵਾਰ ਵੀ ਵਿਧਾਇਕ ਵਜੋਂ ਹਲਕੇ ਦੀ ਸੇਵਾ ਸੌਂਪੀ। ਬਸਪਾ ਤੋਂ ਬਾਅਦ ਕਾਂਗਰਸ ਤੇ ਹੋਰ ਸਿਆਸੀ ਪਾਰਟੀਆਂ ਨਾਲ ਜੁੜਨ ਮਗਰੋਂ ਪਿਛਲੇ ਸਮੇਂ ਤੋਂ ਉਹ ਸਿਹਤਯਾਬ ਨਾ ਹੋਣ ਕਾਰਨ ਸਿਆਸੀ ਸਰਗਰਮੀਆਂ ਤੋਂ ਦੂਰ ਹੀ ਰਹੇ। ਸਹੂੰਗੜਾ ਆਪਣੇ ਪਿੱਛੇ ਪਤਨੀ, ਦੋ ਪੁੱਤਰ ਤੇ ਇੱਕ ਧੀ ਛੱਡ ਗਏ ਹਨ। ਸ਼ਿੰਗਾਰਾ ਰਾਮ ਸਹੂੰਗੜਾ ਦਾ ਅੰਤਿਮ ਸਸਕਾਰ ਚਾਰ ਅਪ੍ਰੈਲ ਸੋਮਵਾਰ ਨੂੰ ਦੁਪਹਿਰੇ 12 ਵਜੇ ਗੜ੍ਹਸ਼ੰਕਰ ਵਿਖੇ ਹੋਵੇਗਾ।

ਇਸ ਦੌਰਾਨ ਸਹੂੰਗੜਾ ਦੀ ਮੌਤ ਉੱਤੇ ਉਨ੍ਹਾਂ ਦੇ ਪਰਵਾਰ ਨੇ ਸਿਹਤ ਸੇਵਾਵਾਂ ਉੱਤੇ ਸਵਾਲ ਚੁੱਕੇ ਹਨ। ਸਹੂੰਗੜਾ ਦੇ ਲੜਕੇ ਨੇ ਦੱਸਿਆ ਕਿ ਜਦੋਂ ਉਹ ਆਪਣੇ ਪਿਤਾ ਦੀ ਸਿਹਤ ਖਰਾਬ ਹੋਣ ਕਾਰਨ ਸਿਵਲ ਹਸਪਤਾਲ ਲੈ ਕੇ ਗਏ ਤਾਂ ਲਗਾਤਾਰ ਖਰਾਬ ਹੋ ਰਹੀ ਹਾਲਤ ਦੇ ਬਾਵਜੂਦ ਐਮਰਜੈਂਸੀ ਵਿੱਚ ਕੋਈ ਦਰਜਾ ਚਾਰ ਮੁਲਾਜ਼ਮ ਉਨ੍ਹਾਂ ਦੀ ਮਦਦ ਲਈ ਮੌਜੂਦ ਨਹੀਂ ਸੀ। ਉਨ੍ਹਾਂ ਦੋਸ਼ ਲਾਇਆ ਕਿ ਜਦੋਂ ਤਕ ਉਸ ਦੇ ਪਿਤਾ ਨੂੰ ਸਿਹਤ ਸੇਵਾਵਾਂ ਮਿਲਦੀਆਂ, ਉਨ੍ਹਾਂ ਦੀ ਮੌਤ ਹੋ ਚੁੱਕੀ ਸੀ। ਇਸ ਬਾਰੇ ਡਿਊਟੀ ਉੱਤੇ ਤੈਨਾਤ ਡਾਕਟਰ ਮੁਨੀਸ਼ਾ ਨੇ ਕਿਸੇ ਕਿਸਮ ਦੀ ਅਣਗਹਿਲੀ ਤੋਂ ਇਨਕਾਰ ਕਰਦੇ ਹੋਏ ਕਿਹਾ ਕਿ ਜਦੋਂ ਮਰੀਜ਼ ਹਸਪਤਾਲ ਪਹੁੰਚਿਆ, ਉਨ੍ਹਾਂ ਵੱਲੋਂ ਤੁਰੰਤ ਉਸ ਦੀ ਜਾਂਚ ਸ਼ੁਰੂ ਕਰਦੇ ਹੋਏ ਈ ਸੀ ਜੀ ਕਰਵਾਈ ਗਈ ਸੀ। ਜਾਂਚ ਤੋਂ ਪਤਾ ਲੱਗਾ ਹੈ ਕਿ ਮਰੀਜ਼ ਨੂੰ ਗੰਭੀਰ ਦਿੱਲ ਦਾ ਦੌਰਾ ਪਿਆ ਹੈ।



ਆਪਣੇ ਮਨ ਪਸੰਦ ਦੇ ਸੂਟ, ਸ਼ਾਲ, ਲਹਿੰਗਾ ਅਤੇ ਡੀਜ਼ਾਈਨਰ ਸੂਟ ਲੈਣ ਲਈ ਸੰਪਰਕ ਕਰੋ:
01191-9779100149




# 31ਵੀਂ ਵਿਸ਼ਵ ਪੰਜਾਬੀ ਕਾਨਫਰੰਸ 'ਚ ਡਾ. ਤਰਸਪਾਲ ਦੀ ਪੁਸਤਕ ਲੋਕ ਅਰਪਣ

ਬਰਨਾਲਾ, 3 ਅਪ੍ਰੈਲ ਪਿਛਲੇ ਦਿਨੀਂ ਲਾਹੌਰ (ਪਾਕਿਸਤਾਨ) ਵਿਖੇ ਹੋਏ 31ਵੀਂ ਵਰਲਡ ਪੰਜਾਬੀ ਕਾਂਗਰਸ ਵਿਚ ਉੱਘੀ ਲੇਖਿਕਾ ਡਾ. ਤਰਸਪਾਲ ਕੌਰ ਦੀ ਕਾਵਿ ਪੁਸਤਕ ਸ਼ਾਹਰਗ ਨੂੰ ਸ਼ਾਹਮੁਖੀ ਲਿਪੀ ਵਿਚ ਉਚੇਚੇ ਤੌਰ 'ਤੇ ਲੋਕ ਅਰਪਣ ਕੀਤਾ ਗਿਆ। ਚੜਦੇ ਪੰਜਾਬ ਵੱਲੋਂ ਡਾ. ਦੀਪਕ ਮਨਮੋਹਨ ਸਿੰਘ ਦੀ ਅਗਵਾਈ ਵਿਚ ਅਤੇ ਲਹਿੰਦੇ ਪੰਜਾਬ ਵੱਲੋਂ ਜਨਾਬ ਫ਼ਖ਼ਰ ਜਮਾਨ ਹੋਰਾਂ ਵੱਲੋਂ ਇਸ ਪੁਸਤਕ ਦੀ ਮੁਖ ਵਿਖਾਲੀ ਕੀਤੀ ਗਈ। ਇਹ ਸਮੁੱਚੇ ਮਾਲਵੇ ਲਈ ਮਾਣ ਵਾਲੀ ਗੱਲ ਹੈ ਕਿ ਡਾ. ਤਰਸਪਾਲ ਕੌਰ ਦੀ ਕਾਵਿ ਪੁਸਤਕ 'ਸ਼ਾਹਰਗ' ਦਾ ਸ਼ਾਹਮੁਖੀ ਲਿਪੀ ਵਿਚ ਲਿਪੀਆਂਤਰ ਹੋਇਆ ਹੈ ਅਤੇ ਇਹ ਉਲੱਥਾ ਲਾਹੌਰ ਦੇ ਮੁਨੀਰ ਹੁਸ਼ਿਆਰਪੁਰੀਆ ਵੱਲੋਂ ਕੀਤਾ ਗਿਆ ਹੈ। ਐੱਸ. ਡੀ. ਕਾਲਜ ਵਿੱਦਿਅਕ ਸੰਸਥਾਵਾਂ ਬਰਨਾਲਾ ਦੇ ਪ੍ਰਧਾਨ ਡਾ. ਅਨੀਸ਼ ਪ੍ਰਕਾਸ਼, ਜਨਰਲ ਸਕੱਤਰ ਜਤਿੰਦਰ ਨਾਥ ਸ਼ਰਮਾ, ਵਾਇਸ ਪ੍ਰਧਾਨ ਨਰੇਸ਼ ਸਿੰਗਲਾ ਤੇ ਕਾਲਜ ਪ੍ਰਿੰਸੀਪਲ ਡਾ. ਰਮਾ ਸ਼ਰਮਾ ਨੇ ਐਸ.ਡੀ. ਕਾਲਜ ਦੇ ਪ੍ਰੋਫ਼ੈਸਰ ਡਾ. ਤਰਸਪਾਲ ਦੀ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ। ਇਸ ਮੌਕੇ ਚੜਦੇ ਤੇ ਲਹਿੰਦੇ ਪੰਜਾਬ ਦੇ ਸ਼ਾਇਰ, ਅਦੀਬਾਂ ਤੋਂ ਇਲਾਵਾ ਯੂ.ਕੇ., ਯੂ.ਐਸ.ਏ, ਤੇ ਯੂਰਪ ਦੇ ਵਿਦਵਾਨ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਸਨ।



ਕਾਵਿ ਪੁਸਤਕ 'ਸ਼ਾਹਰਗ' ਦਾ ਲੋਕ ਅਰਪਣ ਕਰਦੇ ਹੋਏ ਚੜਦੇ ਤੇ ਲਹਿੰਦੇ ਪੰਜਾਬ ਦੇ ਵਿਦਵਾਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।

ਫੋਨ ਨੰਬਰ 917837596119
647-760-2769

## ਲੜਕੀ ਦੀ ਲੋੜ

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਕੈਨੇਡੀਅਨ ਪੰਜਾਬੀ ਪੋਸਟ

## ਲੜਕੀ ਦੀ ਲੋੜ

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen
Contact on 6473004877
Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5'9'' ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੇਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013

Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਕੈਨੇਡੀਅਨ ਪੰਜਾਬੀ ਪੋਸਟ

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

WWW.KULWINDERCHHINA.COM
KULWINDERCHHINA
BROKER
647.293.2327

STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
Call For FREE Estimate
7 Days A Week
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

ਫੋਨਾਂ ਦੇ ਸਸਤੇ ਪਲਾਨ ਗਾਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ,
ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)

ਤੁਰੰਤ ਕਾਮਿਆਂ ਦੀ ਲੋੜ
ਫਾਰਮ ਅਤੇ ਨਰਸਰੀ ਵਿਚ ਕੰਮ ਕਰਨ ਲਈ ਤੁਰੰਤ ਕਾਮਿਆਂ ਦੀ ਲੋੜ ਹੈ।
ਸੰਪਰਕ ਕਰੋ: ਸੁਰਜੀਤ ਸਿੰਘ ਦਿਓਲ
647-391-3365

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

Urgently Need New Listings in Brampton/Caledon
visit: www.teamjagaujla.com
Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com
Platinum Club Award (2020-2017) (2009-2018) (REMAX International)
Chairman's Club Award (2021, 2018, 2015, 2014, 2013, 2012, 2011, 2010)
Hall of Fame (2010)
Lifetime Achievement Award (2014)
Advertisement GUARANTEED Till SOLD
Follow Us:
MCNE
CALL JAG FOR A QUICK & FREE HOME EVALUATION
www BramptonTopRealtor.com www BramptonTopAgent.com
RECENTLY LISTED/SOLD IN YOUR NEIGHBOURHOOD BY JAG AUJLA

JUST LISTED FOR SALE
* Premium Lot
* Approx. 2 Years New
* Over 2500 Square Feet
* 4 Bedroom + 3 W.R.
* Family Room Open To Above
* Computer Loft
* Main Floor Laundry
* Loaded With Upgrades
BRANTFORD, ONTARIO
Call Jag Aujla For Details

JUST LISTED FOR SALE
* Spent over $200k on upgrades
* 70 Feet Wide Prem. Lot
* 4+2 Bedrooms + 6 Washroom + Upgraded
* 2 Bedroom Legal Basement Apt.
* Fully Renovated
* Approx 4000 S/F Living space
* Almost Everything New
BRAMPTON, ONTARIO
Call Jag Aujla For Details

SOLD $215,000 OVER ASKING IN 2 DAYS
42 Lawnview Crt
Sandalwood /Hwy 10 / Braidwood

SOLD $101,000 OVER ASKING IN 2 DAYS
11 Germain Circ
Miss.Rd/ William Pkwy/ Bovaird

SOLD $165,000 OVER ASKING IN 2 DAYS
5 Mitchell Ave
Sandalwood/ Conestoga/ Dalzell

SOLD @101% OF ASKING PRICE
12 Laurelcrest St
Queen / Laurelcrest / Hwy 410

SOLD $260,000 OVER ASKING IN 4 DAYS
10 Lady Stewart Blvd
Howden / William Pkwy/ Hwy 410

SOLD @99% OF ASKING PRICE
11 Van Hoof Crest
Castlemore/ Goreway / Latania

SOLD $121,000 OVER ASKING IN 6 DAYS Caledon
42 Pinedale Ave
Kennedy / Dougall

SOLD $73,000 OVER ASKING IN 6 DAYS Shelbourne
416 Olde Village Lane
Hwy 89 / Greenwood

SOLD $355,000 OVER ASKING IN 4 DAYS
37 Esker Dr
Heart Lake Rd/Sandalwood Pkwy

FREE
✓ Full MLS Services
✓ Consistently Marketing Your Property Until SOLD
✓ Staging Consultation
✓ Billboard, Flyer, Newspaper
✓ Online Promotion
✓ Professional Pictures and Virtual Tour
✓ Social media & Radio Advertisement
✓ Open House Until Sold
✓ Competitive Rates, Exceptional Service & Award Winning Results

RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)** *Some Conditions Apply.
*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
March 2022

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 31 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Avtar Singh Tiwana
Sales Representative
Tel: 905.793.5777
416.802.5866
31 Melanie Dr. Unit #4 Brampton, ON L6T 5H8

SOLD
$1,399,999
CASTLEMORE/GOREWAY
ਬਰੈਂਪਟਨ ਵਿਚ ਬਹੁਤ ਹੀ ਸੋਹਣਾ ਅਤੇ ਸਾਫ਼ ਸੁਥਰਾ 3500-5000 ਵਰਗ ਦਾ 4 ਬੈੱਡਰਮ ਅਤੇ 5 ਵਾਸ਼ਰੂਮ ਦਾ ਘਰ, ਫਿਨਿਸ਼ਡ ਬੇਸਮੈਂਟ ਵਿਚ ਕਿਚਨ ਅਤੇ ਸੈਪਰੇਟ ਐਂਟਰੈਂਸ, ਮੇਨ ਫਲੋਰ 'ਤੇ 9 ਫੁੱਟ ਦੀ ਸੀਲਿੰਗ,ਫਾਰਮਲ ਲਿਵਿੰਗ, ਡਾਇਨਿੰਗ ਅਤੇ ਫੈਮਿਲੀ ਰੂਮ, ਮੇਨ ਫਲੋਰ ਤੇ ਡੇਨ, ਅਪਗ੍ਰੇਡ ਕਿਚਨ ਅਤੇ ਗਰੇਨਾਈਟ ਕਾਊਂਟਰ ਟਾਪ, 2 ਫਰਿਜ, 2 ਸਟੋਵ, 1 ਡਿਸ਼ਵਾਸ਼ਰ, ਕੱਪੜੇ ਧੋਣ ਲਈ ਮੇਨ ਫਲੋਰ 'ਤੇ ਵਾਸ਼ਰ ਅਤੇ ਡਰਾਈਅਰ, 4 ਕਾਰ ਪਾਰਕਿੰਗ ਨਾਲ ਡਬਲ ਡੋਰ ਗਰਾਜ। ਸਾਰੀਆਂ ਸਹੂਲਤਾਂ ਦੇ ਨੇੜੇ

FOR SALE
$1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਉਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜ਼ਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866

FOR SALE
$1,950,000
26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਦ ਇਨਸੂਟ ਅਤੇ ਵਾਕਇਨ ਕਲਾਜਿਟ, ਮਾਡਰਨ ਕਿਚਨ ਗ੍ਰੇਨਾਈਟ ਕਾਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਦ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਊਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ

jobs! jobs! jobs! jobs! jobs!
DUNDAS-JAFINE
HELP WANTED
ਕਾਮਿਆਂ ਦੀ ਲੋੜ
ਜਨਰਲ ਲੇਬਰ ਦਾ ਕੰਮ ਉਪਲੱਬਧ ਹੈ
ਬਰੈਂਪਟਨ ਦੇ ਇਲਾਕੇ ਡੰਡਾਸ ਜੈਫਿਨ, Air Distribution Products ਦੀ Leading Manufacture company HVAC Industry ਲਈ ਫੁੱਲ ਟਾਈਮ ਪੋਜੀਸ਼ਨ ਉਪਲੱਬਧ ਹੈ।
Afternoon and Midnight Shifts Available.
ਕਾਮਿਆਂ ਨੂੰ ਹੇਠ ਲਿਖੇ ਕਾਰਨ ਵਿਚ ਸਮਰੱਥ ਹੋਣਾ ਜਰੂਰੀ ਹੈ:
* ਸੁਤੰਤਰ ਤੌਰ ਤੇ ਕੰਮ ਕਰੋ * 20Lbs ਤੱਕ ਭਾਰ ਚੁੱਕ ਸਕਣ
* ਆਪਣੇ Safety Shoes ਹੋਣੇ ਚਾਹੀ ਦੇ ਹਨ
ਅਪਲਾਈ ਕਰਨ ਲਈ ਆਪ ਪਹੁੰਚੋ:
80 West Drive, Brampton
Apply In Person to complete application in the Shipping Department




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017